ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 10 ਮਈ 2026 (ਨਾਨਕਸ਼ਾਹੀ ਸੰਮਤ : ੫੫੮, ੨੭ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਨਸ਼ਾ ਤਸਕਰਾਂ ਦੇ ਘਰ ਛਾਪੇਮਾਰੀ ਕਰਨ ਗਈ ਪੁਲਿਸ ਟੀਮ 'ਤੇ ਹਮਲਾ, ਏ.ਐਸ.ਆਈ. ਸਣੇ 2 ਪੁਲਿਸ ਮੁਲਾਜ਼ਮ ਜ਼ਖ਼ਮੀਂ

**ਬਠਿੰਡਾ, 9 ਮਈ (ਆਵਾਜ਼ਿ ਕੌਮ ਬਿਊਰੋ)**-ਤਲਵੰਡੀ ਸਾਬੋ ਸਬ-ਡਿਵੀਜ਼ਨ ਦੇ ਪਿੰਡ ਚੱਠੇਵਾਲਾ ਵਿੱਚ ਇੱਕ ਕਥਿਤ ਨਸ਼ਾ ਤਸਕਰ ਦੇ ਘਰ ਛਾਪਾ ਮਾਰਦੇ ਸਮੇਂ ਇੱਕ ਪੁਲਿਸ ਟੀਮ 'ਤੇ ਹਮਲਾ ਕੀਤਾ ਗਿਆ। ਇਸ ਹਮਲੇ ਵਿੱਚ ਇੱਕ ਸਹਾਇਕ ਸਬ-ਇੰਸਪੈਕਟਰ (ਏਐਸਆਈ) ਅਤੇ ਇੱਕ ਪੁਲਿਸ ਅਧਿਕਾਰੀ ਜ਼ਖਮੀ ਹੋ ਗਏ ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਰਿਪੋਰਟਾਂ ਅਨੁਸਾਰ, ਏਐਸਆਈ ਜਗਸੀਰ ਸਿੰਘ ਦੀ ਅਗਵਾਈ ਵਿੱਚ ਇੱਕ ਪੁਲਿਸ ਟੀਮ ਅੱਜ ਸਵੇਰੇ 7:30 ਵਜੇ ਦੇ ਕਰੀਬ ਚੱਠੇਵਾਲਾ ਪਿੰਡ ਵਿੱਚ ਕਥਿਤ ਨਸ਼ਾ ਤਸਕਰ ਜੀਤੂ ਦੇ ਘਰ ਛਾਪਾ ਮਾਰਨ ਲਈ ਪਹੁੰਚੀ। ਇਸ ਦੌਰਾਨ, ਘਰ ਦੇ ਅੰਦਰ ਲੋਕਾਂ ਨੇ ਪੁਲਿਸ ਟੀਮ 'ਤੇ ਹਮਲਾ ਕਰ ਦਿੱਤਾ। ਹਮਲੇ ਵਿੱਚ ਏਐਸਆਈ ਜਗਸੀਰ ਸਿੰਘ ਅਤੇ ਕਾਂਸਟੇਬਲ ਨੀਰਜ ਕੁਮਾਰ ਜ਼ਖਮੀ ਹੋ ਗਏ। ਦੋਵਾਂ ਜ਼ਖਮੀਆਂ ਨੂੰ ਤੁਰੰਤ ਤਲਵੰਡੀ ਸਾਬੋ ਦੇ ਸਿਵਲ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਏਐਸਆਈ ਜਗਸੀਰ ਸਿੰਘ ਦੇ ਸਿਰ ਵਿੱਚ ਗੰਭੀਰ ਸੱਟਾਂ ਲੱਗੀਆਂ ਹਨ ਅਤੇ ਉਨ੍ਹਾਂ ਨੂੰ ਅਗਲੇਰੀ ਇਲਾਜ ਅਤੇ ਮੁਲਾਂਕਣ ਲਈ ਬਠਿੰਡਾ ਰੈਫਰ ਕਰ ਦਿੱਤਾ ਗਿਆ ਹੈ। ਘਟਨਾ ਤੋਂ ਬਾਅਦ, ਪੁਲਿਸ ਨੇ ਕਥਿਤ ਹਮਲਾਵਰਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ ਅਤੇ ਜਾਂਚ ਜਾਰੀ ਹੈ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਚਾਰ ਲੋਕਾਂ ਵਿਰੁੱਧ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਮੁਲਜ਼ਮਾਂ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

## ਸੰਜੀਵ ਅਰੋੜਾ 'ਤੇ ਈ.ਡੀ. ਦੀ ਰੇਡ

# ਗ੍ਰਿਫ਼ਤਾਰ ਕਰਕੇ ਲਿਆਂਦਾ ਦਿੱਲੀ, ਵਿਗੜੀ ਸਿਹਤ

**ਚੰਡੀਗੜ੍ਹ/ਨਵੀਂ ਦਿੱਲੀ, 9 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੂੰ ਈਡੀ ਵੱਲੋਂ ਗ੍ਰਿਫਤਾਰ ਕਰ ਲਿਆ ਗਿਆ ਹੈ। ਸੂਤਰਾਂ ਦੇ ਹਵਾਲੇ ਤੋਂ ਇਹ ਜਾਣਕਾਰੀ ਹਾਸਿਲ ਹੋਈ ਹੈ। ਦੱਸ ਦਈਏ ਕਿ ਤੜਕਸਾਰ ਤੋਂ ਹੀ ਈਡੀ ਵੱਲੋਂ ਸੰਜੀਵ ਅਰੋੜਾ ਦੇ ਵੱਖ ਵੱਖ ਠਿਕਾਣਿਆਂ 'ਤੇ ਛਾਪੇਮਾਰੀ ਕੀਤੀ ਜਾ ਰਹੀ ਸੀ। ਛਾਪੇਮਾਰੀ ਦੌਰਾਨ ਈਡੀ ਨੇ ਸੰਜੀਵ ਅਰੋੜਾ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਦੱਸ ਦਈਏ ਕਿ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਦੀਆਂ ਵੱਖ-ਵੱਖ ਟੀਮਾਂ ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਅਤੇ ਉਨ੍ਹਾਂ ਦੇ ਸਾਥੀਆਂ ਦੇ ਚਾਰ ਟਿਕਾਣਿਆਂ 'ਤੇ ਛਾਪੇਮਾਰੀ ਕਰ ਰਹੀਆਂ ਹਨ। ਈਡੀ ਦੇ ਅਧਿਕਾਰੀ ਉਨ੍ਹਾਂ ਦੀ ਸਰਕਾਰੀ ਰਿਹਾਇਸ਼ 'ਤੇ ਵੀ ਪੁੱਛਗਿੱਛ ਅਤੇ ਜਾਂਚ ਕਰ ਰਹੇ ਹਨ। ਇਹ ਤਲਾਸ਼ੀਆਂ ਚੰਡੀਗੜ੍ਹ ਅਤੇ ਦਿੱਲੀ-ਐਨਸੀਆਰ ਖੇਤਰ ਵਿੱਚ ਕੀਤੀਆਂ ਜਾ ਰਹੀਆਂ ਹਨ। ਇਸ ਮਾਮਲੇ ਵਿੱਚ ਕਥਿਤ ਮਨੀ ਲਾਂਡਰਿੰਗ, ਫਾਰੇਕਸ ਉਲੰਘਣਾਵਾਂ, ਅਤੇ ਹਵਾਲਾ ਅਤੇ ਸੱਟੇਬਾਜ਼ੀ ਫੰਡਾਂ ਦੀ ਰਾਊਂਡ-ਟ੍ਰਿਪਿੰਗ ਸ਼ਾਮਲ ਹੈ।



- ☛ ਸੰਜੀਵ ਅਰੋੜਾ ਦੀ ਕੰਪਨੀ, ਹੈਂਪਟਨ ਸਕਾਈ ਰਿਐਲਟੀ ਲਿਮਟਿਡ, ਵੀ ਜਾਂਚ ਅਧੀਨ ਹੈ।
- ☛ ਕੰਪਨੀ 'ਤੇ ਜਾਅਲੀ ਨਿਰਯਾਤ ਬਿੱਲ ਬਣਾਉਣ ਅਤੇ ਅੰਦਰੂਨੀ ਵਪਾਰ ਦੇ ਦੋਸ਼ਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।
- ☛ ਗੈਰ-ਕਾਨੂੰਨੀ ਜ਼ਮੀਨ ਵਰਤੋਂ ਵਿੱਚ ਤਬਦੀਲੀ ਦੀ ਵੀ ਜਾਂਚ ਕੀਤੀ ਜਾ ਰਹੀ ਹੈ।
- ☛ ਯੂਏਈ ਤੋਂ ਭਾਰਤ ਵਿੱਚ ਕਥਿਤ ਤੌਰ 'ਤੇ ਗੈਰ-ਕਾਨੂੰਨੀ ਪੈਸਾ ਲਿਆਉਣ ਦੇ ਦੋਸ਼ ਵੀ ਜਾਂਚ ਦੇ ਕੇਂਦਰ ਵਿੱਚ ਹਨ।
- ☛ ਲੈਣ-ਦੇਣ ਜਾਅਲੀ ਜੀਐਸਟੀ ਕੰਪਨੀਆਂ ਰਾਹੀਂ ਕੀਤੇ ਜਾਣ ਦਾ ਸ਼ੱਕ ਹੈ।
- ☛ ਈਡੀ ਦਾ ਇਲਜ਼ਾਮ ਹੈ ਕਿ ਹਵਾਲਾ ਅਤੇ ਸੱਟੇਬਾਜ਼ੀ ਨੈੱਟਵਰਕਾਂ ਨਾਲ ਜੁੜੇ ਪੈਸੇ ਨੂੰ ਰੀਅਲ ਅਸਟੇਟ ਅਤੇ ਨਿਵੇਸ਼ਾਂ ਰਾਹੀਂ ਜਾਇਜ਼ ਬਣਾਉਣ ਦੀ ਕੋਸ਼ਿਸ਼ ਕੀਤੀ ਗਈ ਸੀ।

## ਮੰਤਰੀ ਦੀ ਗ੍ਰਿਫ਼ਤਾਰੀ ਤੋਂ ਬਾਅਦ ਬੋਲੇ ਕੇਜਰੀਵਾਲ- 'ਪੰਜਾਬ ਦੇ ਲੋਕਾਂ ਨਾਲ ਧੱਕਾ...'

**ਚੰਡੀਗੜ੍ਹ, 9 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਆਮ ਆਦਮੀ ਪਾਰਟੀ (ਆਪ) ਸਰਕਾਰ ਦੇ ਮੰਤਰੀ ਸੰਜੀਵ ਅਰੋੜਾ 'ਤੇ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਸ਼ਨੀਵਾਰ ਨੂੰ ਛਾਪਾ ਮਾਰਿਆ। ਸੂਤਰਾਂ ਦਾ ਕਹਿਣਾ ਹੈ ਕਿ ਛਾਪੇਮਾਰੀ ਸਮੇਂ ਉਹ ਚੰਡੀਗੜ੍ਹ ਸਥਿਤ ਆਪਣੀ ਸਰਕਾਰੀ ਰਿਹਾਇਸ਼ 'ਤੇ ਸਨ, ਅਤੇ ਉਨ੍ਹਾਂ ਨੂੰ ਉੱਥੇ ਹੀ ਗ੍ਰਿਫ਼ਤਾਰ ਵੀ ਕੀਤਾ ਗਿਆ ਸੀ। ਹਾਲਾਂਕਿ, ਇਸ ਦੀ ਕੋਈ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਗਈ ਹੈ। ਮੰਤਰੀ ਅਰੋੜਾ ਦੀ ਚੰਡੀਗੜ੍ਹ ਸਥਿਤ ਸਰਕਾਰੀ ਰਿਹਾਇਸ਼ ਦੇ ਨਾਲ-ਨਾਲ ਦਿੱਲੀ ਅਤੇ ਗੁਰੂਗ੍ਰਾਮ ਸਥਿਤ ਉਨ੍ਹਾਂ ਦੇ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਗਈ। ਈਡੀ ਦੀਆਂ ਪੰਦਰਾਂ ਗੱਡੀਆਂ ਸੈਕਟਰ 2, ਚੰਡੀਗੜ੍ਹ ਵਿੱਚ ਇੱਕੋ ਸਮੇਂ ਪਹੁੰਚੀਆਂ ਅਤੇ ਪੂਰੇ ਘਰ ਨੂੰ ਜ਼ਬਤ ਕਰ ਲਿਆ। ਬਾਅਦ ਵਿੱਚ ਸੀਆਰਪੀਐਫ ਦੇ ਜਵਾਨਾਂ ਨੂੰ ਬਾਹਰ ਤਾਇਨਾਤ ਕਰ ਦਿੱਤਾ ਗਿਆ। ਕਿਸੇ ਨੂੰ ਵੀ ਘਰ ਵਿੱਚ ਦਾਖਲ ਹੋਣ ਜਾਂ ਬਾਹਰ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਰਹੀ ਹੈ। ਸੰਜੀਵ ਅਰੋੜਾ 'ਤੇ ਇਸ ਸਾਲ ਤੀਜੀ ਅਤੇ ਇੱਕ ਮਹੀਨੇ ਵਿੱਚ ਦੂਜੀ ਈਡੀ ਵੱਲੋਂ ਕੀਤੀ ਗਈ ਛਾਪੇਮਾਰੀ ਹੈ। ਈਡੀ ਸੂਤਰਾਂ ਅਨੁਸਾਰ, 4 ਥਾਵਾਂ 'ਤੇ ਤਲਾਸ਼ੀ ਮੁਹਿੰਮ ਚੱਲ ਰਹੀ ਹੈ। ਇਸ ਵਿੱਚ ਸਰਕਾਰੀ ਰਿਹਾਇਸ਼ ਤੋਂ ਇਲਾਵਾ, ਹੈਂਪਟਨ ਸਕਾਈ ਰਿਐਲਟੀ ਲਿਮਟਿਡ ਦੇ ਦਫ਼ਤਰ 'ਤੇ ਵੀ ਛਾਪੇਮਾਰੀ ਕੀਤੀ ਗਈ ਹੈ। ਮੰਤਰੀ 'ਤੇ ਛਾਪੇਮਾਰੀ ਤੋਂ ਤੁਰੰਤ ਬਾਅਦ, ਅਰਵਿੰਦ ਕੇਜਰੀਵਾਲ ਨੇ ਇੱਕ ਪ੍ਰੈਸ ਕਾਨਫਰੰਸ ਕੀਤੀ ਅਤੇ ਕਿਹਾ ਕਿ ਮੋਦੀ ਰਾਜ ਵਿੱਚ ਏਜੰਸੀਆਂ ਦੀ ਵਰਤੋਂ ਕੀਤੀ ਜਾ ਰਹੀ ਹੈ। ਪੰਜਾਬ ਦੇ ਲੋਕਾਂ ਨਾਲ ਪ੍ਰਧਾਨ ਮੰਤਰੀ ਮੋਦੀ ਧੱਕਾ ਕਰ ਰਹੇ ਹਨ। ਈਡੀ ਨੂੰ ਪਾਰਟੀ ਤੋੜਨ ਵਿੱਚ ਲਗਾਇਆ ਗਿਆ ਹੈ, ਕਿਸੇ ਵੀ ਮਨੀ ਲਾਂਡਰਿੰਗ ਨੂੰ ਫੜਨ ਲਈ ਨਹੀਂ। ਜਾਂਚ ਤੋਂ ਪਤਾ ਲੱਗਾ ਹੈ ਕਿ ਸੰਜੀਵ ਅਰੋੜਾ ਨੇ ਆਪਣੀ ਕੰਪਨੀ ਰਾਹੀਂ 100 ਕਰੋੜ ਤੋਂ ਵੱਧ ਦੇ ਮੋਬਾਈਲ ਫੋਨਾਂ ਦੀ ਜਾਅਲੀ GST ਖਰੀਦਦਾਰੀ ਦਿਖਾ ਕੇ ਵੱਡੇ ਪੱਧਰ 'ਤੇ ਮਨੀ ਲਾਂਡਰਿੰਗ ਕੀਤੀ। ਫਿਰ ਉਸਨੇ ਦੁਬਈ ਤੋਂ ਭਾਰਤ ਨੂੰ ਇਨ੍ਹਾਂ ਸਾਮਾਨਾਂ ਦੇ ਨਿਰਯਾਤ ਨੂੰ ਗੈਰ-ਕਾਨੂੰਨੀ ਫੰਡਾਂ ਨੂੰ ਰਾਊਂਡ ਟ੍ਰਿਪ ਕਰਨ ਲਈ ਵਰਤਿਆ।



## ਪੰਜਾਬ 'ਚ High Alert ! ਸਾਰੇ ਹਵਾਈ ਅੱਡਿਆਂ ਤੇ ਸੰਵੇਦਨਸ਼ੀਲ ਸਥਾਨਾਂ 'ਤੇ ਵਧਾਈ ਸੁਰੱਖਿਆ, ਸਖ਼ਤ ਹੁਕਮ ਜਾਰੀ



**ਜਲੰਧਰ/ਚੰਡੀਗੜ੍ਹ, 9 ਮਈ (ਆਵਾਜ਼ਿ ਕੌਮ ਬਿਊਰੋ)**-ਸੂਬੇ ਵਿਚ ਜਲੰਧਰ ਅਤੇ ਅੰਮ੍ਰਿਤਸਰ 'ਚ ਸੀਮਾ ਸੁਰੱਖਿਆ ਬਲ ਅਤੇ ਫ਼ੌਜ ਦੇ ਕੰਪਲੈਕਸਾਂ ਕੋਲ ਹੋਏ ਬੰਬ ਧਮਾਕਿਆਂ ਤੋਂ ਬਾਅਦ ਸੁਰੱਖਿਆ ਵਿਵਸਥਾ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਸੂਬੇ ਵਿਚ ਸਥਿਤ ਆਦਮਪੁਰ, ਅੰਮ੍ਰਿਤਸਰ, ਮੋਹਾਲੀ, ਹਲਵਾਰਾ ਹਵਾਈ ਅੱਡਿਆਂ ਦੇ ਆਸ-ਪਾਸ ਸੁਰੱਖਿਆ ਵਿਵਸਥਾ ਨੂੰ ਮਜ਼ਬੂਤ ਕਰ ਦਿੱਤਾ ਗਿਆ ਹੈ। ਪੰਜਾਬ ਪੁਲਸ ਮੁਖੀ ਗੌਰਵ ਯਾਦਵ ਨੇ ਟ੍ਰੇਨਿੰਗ 'ਤੇ ਗਏ ਪੁਲਸ ਮੁਲਾਜ਼ਮਾਂ ਨੂੰ ਵੀ ਪ੍ਰਮੁੱਖ ਸ਼ਹਿਰਾਂ 'ਚ ਕਾਨੂੰਨ-ਵਿਵਸਥਾ ਦੀ ਡਿਊਟੀ 'ਤੇ ਆਗਾਮੀ ਹੁਕਮਾਂ ਤਕ ਤਾਇਨਾਤ ਕਰ ਦਿੱਤਾ ਹੈ। ਇਹ ਕਦਮ ਇਸ ਲਈ ਉਠਾਇਆ ਗਿਆ ਹੈ ਕਿਉਂਕਿ ਅੱਤਵਾਦੀਆਂ ਦਾ ਅਗਲਾ ਨਿਸ਼ਾਨਾ ਹਵਾਈ ਅੱਡੇ ਜਾਂ ਹੋਰ ਸੰਵੇਦਨਸ਼ੀਲ ਸਥਾਨ ਹੋ ਸਕਦੇ ਹਨ। ਪਾਕਿਸਤਾਨ ਅਤੇ ਉਸ ਦੀ ਏਜੰਸੀ ਆਈ. ਐੱਸ. ਆਈ. ਨੇ ਹੁਣ ਪੰਜਾਬ ਨੂੰ ਆਪਣੇ ਨਿਸ਼ਾਨੇ 'ਤੇ ਲੈ ਲਿਆ ਹੈ ਕਿਉਂਕਿ ਇਕ ਤਾਂ ਸੂਬੇ ਵਿਚ ਵਿਧਾਨ ਸਭਾ ਦੀਆਂ ਚੋਣਾਂ ਅਗਲੇ ਕੁਝ ਮਹੀਨਿਆਂ ਵਿਚ ਹੋਣੀਆਂ ਹਨ ਅਤੇ ਦੂਜਾ ਇਸ ਸਮੇਂ ਸਰਕਾਰ ਅਤੇ ਰਾਜਨੀਤਕ ਪਾਰਟੀਆਂ ਦਾ ਧਿਆਨ ਆਪਣੀਆਂ ਸਭਾਵਾਂ ਵੱਲ ਰਹੇਗਾ। ਡੀ. ਜੀ. ਪੀ. ਗੌਰਵ ਯਾਦਵ ਨੇ ਕਿਹਾ ਕਿ ਅਸੀਂ ਕੋਈ ਵੀ ਜੋਖਮ ਉਠਾਉਣ ਲਈ ਤਿਆਰ ਨਹੀਂ ਹਾਂ, ਇਸ ਲਈ ਵਾਧੂ ਫੋਰਸ ਨੂੰ ਗਤੀਸ਼ੀਲ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸਾਰੇ ਜ਼ਿਲ੍ਹਿਆਂ ਵਿਚ ਨਾਈਟ ਡੋਮੀਨੈਂਸ ਆਪ੍ਰੇਸ਼ਨ ਵੀ ਸ਼ੁਰੂ ਕਰ ਦਿੱਤੇ ਗਏ ਹਨ ਅਤੇ ਇਨ੍ਹਾਂ ਆਪ੍ਰੇਸ਼ਨਾਂ ਵਿਚ ਸਾਰੇ ਪੁਲਸ ਕਮਿਸ਼ਨਰਾਂ ਅਤੇ ਐੱਸ. ਐੱਸ. ਪੀਜ਼ ਨੂੰ ਖ਼ੁਦ ਫੀਲਡ ਵਿਚ ਜਾਣ ਦੇ ਹੁਕਮ ਦੇ ਦਿੱਤੇ ਗਏ ਹਨ। (ਫਾਈਲ ਫੋਟੋ)

## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ੍ਰੀ ਅਕਾਲ ਤਖ਼ਤ ਦੀ ਸਰਵਉੱਚਤਾ ਨੂੰ ਖੁੱਲ੍ਹੀ ਚੁਣੌਤੀ !

### ਕਿਹਾ- ..ਹੁਣ ਕਾਨੂੰਨ ਰੱਦ ਨਹੀਂ ਹੋਵੇਗਾ



**ਅੰਮ੍ਰਿਤਸਰ/ਦਿੱਲੀ, 9 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸੀਐੱਮ ਭਗਵੰਤ ਮਾਨ ਵੱਲੋਂ ਸ੍ਰੀ ਅਕਾਲ ਤਖ਼ਤ ਦੀ ਸਰਵਉੱਚਤਾ ਨੂੰ ਖੁੱਲ੍ਹੀ ਚੁਣੌਤੀ ਦਿੱਤੀ ਗਈ ਹੈ। ਸੀਐੱਮ ਭਗਵੰਤ ਮਾਨ ਨੇ ਸਾਫ ਤੌਰ 'ਤੇ ਕਿਹਾ ਕਿ ਜਥੇਦਾਰ ਸਾਹਿਬ ਜਦੋਂ ਮਰਜ਼ੀ ਸੱਦ ਲੈਣ ਇਕੱਤਰਤਾ ਚਾਹੇ 20 ਦਿਨਾਂ ਬਾਅਦ ਜਾਂ ਫੇਰ 25 ਦਿਨਾਂ ਬਾਅਦ ਪਰ ਹੁਣ ਇਹ ਕਾਨੂੰਨ ਵਾਪਸ ਨਹੀਂ ਹੋਵੇਗਾ। ਸਥਾਨਕ ਕਾਰੋਬਾਰੀ ਸੇਵਾਵਾਂ ਦੱਸ ਦਈਏ ਕਿ ਬੀਤੇ ਦਿਨ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਪੰਜਾਬ ਸਰਕਾਰ ਨੂੰ ਅਲਟੀਮੇਟਮ ਦਿੱਤਾ ਗਿਆ ਸੀ। ਨਾਲ ਹੀ ਉਨ੍ਹਾਂ ਨੇ ਕਿਹਾ ਸੀ ਕਿ ਸਤਿਕਾਰ ਸੋਧ ਐਕਟ ਦਾ ਮਸੌਦਾ ਨਾ ਅਕਾਲ ਤਖਤ ਨਾ ਐਸਜੀਪੀਸੀ ਨੂੰ ਭੇਜਿਆ ਗਿਆ। ਸਿੱਖ ਰਹਿਤ ਮਰਿਆਦਾ 'ਤੇ ਸਰਕਾਰ ਕਾਨੂੰਨ ਨਹੀਂ ਬਣਾ ਸਕਦੀ। ਵੈੱਬਸਾਈਟ 'ਤੇ ਰਿਕਾਰਡ ਦਰਜ ਕਰਨ ਨਾਲ ਬੇਅਦਬੀਆਂ 'ਚ ਵਾਧਾ ਹੋਵੇਗਾ। ਵਿਧਾਨਸਭਾ ਸਿੱਧੇ ਤੌਰ 'ਤੇ ਪੰਥ ਦੇ ਕੰਮਾਂ 'ਚ ਦਖਲ ਨਹੀਂ ਦੇ ਸਕਦੀ। ਸਰਕਾਰ ਨੂੰ ਮੱਦਾ 'ਚ ਸੋਧ ਲਈ 15 ਦਿਨ ਦਾ ਸਮਾਂ ਦਿੱਤਾ ਜਾਂਦਾ ਹੈ। ਸੋਧ ਨਾ ਹੋਣ 'ਤੇ 5 ਸਿੰਘ ਸਾਹਿਬਾਨਾਂ ਦੀ ਇਕੱਤਰਤਾ ਕਰਕੇ ਫੈਸਲਾ ਲਿਆ ਜਾਵੇਗਾ। ਇਸ ਤੋਂ ਇਲਾਵਾ ਉਨ੍ਹਾਂ ਨੇ ਇਹ ਵੀ ਕਿਹਾ ਕਿ ਉਨ੍ਹਾਂ ਨੇ ਕਿਹਾ ਕਿ ਸਰਕਾਰ ਨੂੰ ਕੋਈ ਹੱਕ ਨਹੀਂ ਹੈ ਕਿ ਉਹ ਪੰਥ ਦੀ ਸ਼ਬਦਾਵਲੀ ਤੈਅ ਕਰੇ। ਸਰੂਪ ਸ਼ਬਦ ਚੰਗਾ ਪਰ ਬੀੜ ਸ਼ਬਦ ਵੀ ਮਾੜਾ ਨਹੀਂ ਹੈ। ਸਰਕਾਰ ਦੇ ਕਹਿਣ 'ਤੇ ਗੁਰੂ ਗ੍ਰੰਥ ਸਾਹਿਬ 'ਤੇ ਕੋਈ ਵੀ ਯੂਨੀਕ ਨੰਬਰ ਨਹੀਂ ਲੱਗੇਗਾ। ਉਨ੍ਹਾਂ ਨੇ ਸਪਸ਼ਟ ਤੌਰ 'ਤੇ ਕਿਹਾ ਕਿ ਜਦੋਂ ਤੱਕ ਅਕਾਲ ਤਖਤ ਸਾਹਿਬ ਤੋਂ ਮਨਜ਼ੂਰੀ ਨਹੀਂ ਤਾਂ ਕਾਨੂੰਨ 'ਤੇ ਰੋਕ ਲੱਗੇ, ਅਸੀਂ ਮੱਦਾਂ 'ਚ ਸੋਧ ਲਈ ਸਿੱਖ ਵਕੀਲਾਂ ਦਾ ਇੱਕ ਪੈਨਲ ਦੇਵਾਂਗੇ, ਜਦੋਂ ਤੱਕ ਇੰਨ੍ਹਾਂ ਮੱਦਾਂ ਤੇ ਸਹਿਮਤੀ ਨਹੀਂ ਕਾਨੂੰਨ 'ਤੇ ਲੱਗੇ ਰੋਕ।

## ਵਿਸ਼ਾਲ ਪੱਧਰ 'ਤੇ ਸ਼ਰਧਾ ਨਾਲ ਮਨਾਈ ਜਾਵੇਗੀ ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ - ਐਡਵੋਕੇਟ ਹਰਜਿੰਦਰ ਸਿੰਘ ਧਾਮੀ

**ਅੰਮ੍ਰਿਤਸਰ/ਦਿੱਲੀ, 9 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ ਸਬੰਧੀ ਕੀਤੇ ਜਾਣ ਵਾਲੇ ਸਮਾਗਮਾਂ ਦੀ ਰੂਪ-ਰੇਖਾ ਉਲੀਕਣ ਲਈ ਅੱਜ ਸਬ-ਕਮੇਟੀ ਦੀ ਇਕੱਤਰਤਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਹੋਈ। ਇਕੱਤਰਤਾ 'ਚ 20 ਫ਼ਰਵਰੀ 2027 ਨੂੰ ਆ ਰਹੇ ਭਗਤ ਰਵਿਦਾਸ ਜੀ ਦੇ 650 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ ਕੀਤੇ ਜਾਣ ਵਾਲੇ ਧਾਰਮਿਕ ਸਮਾਗਮ, ਸੈਮੀਨਾਰ, ਕੀਰਤਨ ਦਰਬਾਰ ਅਤੇ ਉਨ੍ਹਾਂ ਦੇ ਜਨਮ ਅਸਥਾਨ ਤੋਂ ਸਜਾਏ ਜਾਣ ਵਾਲੇ ਨਗਰ ਕੀਰਤਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਕੱਤਰਤਾ ਮਗਰੋਂ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਸ਼ਤਾਬਦੀ ਨੂੰ ਸਮਰਪਿਤ ਭਗਤ ਰਵਿਦਾਸ ਜੀ ਦੇ ਜੀਵਨ, ਫਲਸਫੇ ਅਤੇ ਗੁਰਬਾਣੀ ਸਬੰਧੀ 6 ਸੈਮੀਨਾਰ ਕਰਵਾਉਣ ਅਤੇ ਵੱਖ-ਵੱਖ ਅਸਥਾਨਾਂ 'ਤੇ 8 ਕੀਰਤਨ ਦਰਬਾਰ ਕਰਵਾਏ ਜਾਣ ਦਾ ਫੈਸਲਾ ਕੀਤਾ ਗਿਆ ਹੈ। ਇਸ ਦੇ ਨਾਲ ਹੀ ਭਗਤ ਰਵਿਦਾਸ ਜੀ ਦੇ ਜਨਮ ਅਸਥਾਨ ਗੋਵਰਧਨਪੁਰ (ਵਾਰਾਨਸੀ) ਤੋਂ ਵਿਸ਼ੇਸ਼ ਨਗਰ ਕੀਰਤਨ ਸਜਾਇਆ ਜਾਵੇਗਾ, ਜੋ ਵੱਖ-ਵੱਖ ਸੂਬਿਆਂ ਤੋਂ ਹੁੰਦਾ ਹੋਇਆ ਪੰਜਾਬ ਪੁੱਜੇਗਾ। ਸਥਾਨਕ ਕਾਰੋਬਾਰੀ ਸੇਵਾਵਾਂ ਉਨ੍ਹਾਂ ਕਿਹਾ ਕਿ ਭਗਤ ਰਵਿਦਾਸ ਜੀ ਦੇ ਜੀਵਨ, ਇਤਿਹਾਸ ਬਾਰੇ ਵੱਖ-ਵੱਖ ਭਾਸ਼ਾਵਾਂ ਵਿਚ ਕਿਤਾਬਚੇ ਵੀ ਛਾਪੇ ਜਾਣਗੇ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਸਮਾਗਮਾਂ ਦੀ ਰੂਪ ਰੇਖਾ ਤਿਆਰ ਕਰਨ ਦੇ ਨਾਲ-ਨਾਲ ਮਹਾਂਪੁਰਸ਼ਾਂ ਅਤੇ ਭਾਈਚਾਰੇ ਦੇ ਲੋਕਾਂ ਨਾਲ ਤਾਲਮੇਲ ਕਰਨ ਲਈ ਸ਼੍ਰੋਮਣੀ ਕਮੇਟੀ ਮੈਂਬਰਾਂ 'ਤੇ ਅਧਾਰਿਤ ਸਬ-ਕਮੇਟੀਆਂ ਵੀ ਬਣਾ ਦਿੱਤੀਆਂ ਗਈਆਂ ਹਨ। ਇਨ੍ਹਾਂ ਕਮੇਟੀਆਂ ਦੇ ਨੁਮਾਇੰਦੇ ਵੱਖ-ਵੱਖ ਮਹਾਂਪੁਰਖਾਂ ਨਾਲ ਰਾਬਤਾ ਕਰਨਗੇ, ਜਿਸ ਮਗਰੋਂ 25 ਮਈ ਨੂੰ ਇਨ੍ਹਾਂ ਨਾਲ ਮੀਟਿੰਗ ਕਰਕੇ ਸਮਾਗਮਾਂ ਦੀ ਸਫਲਤਾ ਸਬੰਧੀ ਰਾਏ ਲਈ ਜਾਵੇਗੀ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਹ ਵੀ ਦੱਸਿਆ ਕਿ ਵੱਖ-ਵੱਖ ਪ੍ਰੀਖਿਆਵਾਂ ਦੌਰਾਨ ਸਿੱਖ ਵਿਦਿਆਰਥੀਆਂ ਦੇ ਕਕਾਰ ਉਤਾਰੇ ਜਾਣ ਦੇ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਦੇ ਇਤਰਾਜ਼ ਮਗਰੋਂ ਨੈਸ਼ਨਲ ਟੈਸਟਿੰਗ ਏਜੰਸੀ ਵੱਲੋਂ ਅਜਿਹੀਆਂ ਘਟਨਾਵਾਂ ਦੀ ਮੁਆਫ਼ੀ ਮੰਗਦਿਆਂ ਭਵਿੱਖ ਵਿਚ ਅਜਿਹਾ ਨਾ ਹੋਣ ਸਬੰਧੀ ਪੱਤਰ ਭੇਜਿਆ ਗਿਆ ਹੈ।



# ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ

## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ





# ਸ਼ਬਦ ਕੀਰਤਨ ਅਤੇ ਕਥਾ ਸਮਾਗਮ

## 1 ਮਈ ਤੋਂ 31 ਮਈ 2026 ਤੱਕ

ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਆਵਾਜ਼ਿ ਕੌਮ AWAZE QAUM International Newspaper & WEB TV

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

| ਮਿਤੀ | ਦਿਨ | ਸਥਾਨ | ਸਮਾਂ |
|---|---|---|---|
| 1 ਮਈ | ਸ਼ੁੱਕਰਵਾਰ | ਜਬੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 2 ਮਈ | ਸ਼ਨੀਵਾਰ | ਹਯਾਤ (ਗੁਰਦਾਸਪੁਰ) | ਸ਼ਾਮ 6 ਤੋਂ 8 ਵਜੇ ਤੱਕ |
| 3 ਮਈ | ਐਤਵਾਰ | ਗੁ: ਸੰਗਤਪੁਰਾ ਬਬਵਾਲਾ ਗੁਰਦਾਸਪੁਰ | ਸ਼ਾਮ 6 ਤੋਂ 8 ਵਜੇ ਤੱਕ |
| 4 ਮਈ | ਸੋਮਵਾਰ | ਕਾਹਲਵਾਂ | ਸ਼ਾਮ 6 ਤੋਂ 8 ਵਜੇ ਤੱਕ |
| 5 ਮਈ | ਮੰਗਲਵਾਰ | ਗੁ: ਭਗਤਾਂ ਦਾ ਡੇਰਾ ਤਰਸਿੱਕਾ | ਸਵੇਰੇ 12 ਤੋਂ 2 ਵਜੇ ਤੱਕ |
| | | ਨਿੱਕੇ ਘੁੰਮਣ | ਸ਼ਾਮ 6 ਤੋਂ 8 ਵਜੇ ਤੱਕ |
| 6 ਮਈ | ਬੁੱਧਵਾਰ | ਚੋਣੇ | ਸ਼ਾਮ 6 ਤੋਂ 8 ਵਜੇ ਤੱਕ |
| 7 ਮਈ | ਵੀਰਵਾਰ | ਮੁਰਾਦਪੁਰ | ਸ਼ਾਮ 6 ਤੋਂ 8 ਵਜੇ ਤੱਕ |
| 8 ਮਈ | ਸ਼ੁੱਕਰਵਾਰ | ਚੂੰਗ (ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇੰਟਰਨੈਸ਼ਨਲ ਪਬਲਿਕ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 9 ਮਈ | ਸ਼ਨੀਵਾਰ | ਅਬਦਾਲ ਗੁ: ਸੰਤ ਬਾਬਾ ਅੱਲ੍ਹਾ ਸਿੰਘ ਜੀ | ਸ਼ਾਮ 6 ਤੋਂ 8 ਵਜੇ ਤੱਕ |
| 10 ਮਈ | ਐਤਵਾਰ | ਗੁਰੂ ਕੀ ਬੇਰ ਸਾਹਿਬ ਮੱਤੇਵਾਲ | ਸ਼ਾਮ 6 ਤੋਂ 8 ਵਜੇ ਤੱਕ |
| 11 ਮਈ | ਸੋਮਵਾਰ | ਲੀਲ ਕਲਾਂ | ਸ਼ਾਮ 6 ਤੋਂ 8 ਵਜੇ ਤੱਕ |
| 12 ਮਈ | ਮੰਗਲਵਾਰ | ਭਲਾਈਪੁਰ ਪੁਰਬਾਂ | ਸ਼ਾਮ 6 ਤੋਂ 8 ਵਜੇ ਤੱਕ |
| 13 ਮਈ | ਬੁੱਧਵਾਰ | ਖਲੈਹਿਰਾ | ਸ਼ਾਮ 6 ਤੋਂ 8 ਵਜੇ ਤੱਕ |
| 14 ਮਈ | ਵੀਰਵਾਰ | ਜਫਰਵਾਲ | ਸ਼ਾਮ 6 ਤੋਂ 8 ਵਜੇ ਤੱਕ |
| 15 ਮਈ | ਸ਼ੁੱਕਰਵਾਰ | ਲਾਲਪੁਰਾ (ਗੁਰਦਾਸਪੁਰ) | ਸ਼ਾਮ 6 ਤੋਂ 8 ਵਜੇ ਤੱਕ |
| 16 ਮਈ | ਸ਼ਨੀਵਾਰ | ਗੁ: ਸਿੰਘ ਸਭਾ (ਸ਼ਾਸਤਰੀ ਨਗਰ ਕਾਹਨੂੰਵਾਲ ਰੋਡ, ਬਟਾਲਾ) | ਸ਼ਾਮ 6 ਤੋਂ 8 ਵਜੇ ਤੱਕ |
| 17 ਮਈ | ਐਤਵਾਰ | ਗੜ੍ਹੀ ਗੁਰਦਾਸ ਨੰਗਲ ਗੁ: ਗ੍ਰਿਫਤਾਰੀ ਸਾਹਿਬ | ਸ਼ਾਮ 6 ਤੋਂ 8 ਵਜੇ ਤੱਕ |
| 18 ਮਈ | ਸੋਮਵਾਰ | ਝਲਾੜੀ | ਸ਼ਾਮ 6 ਤੋਂ 8 ਵਜੇ ਤੱਕ |
| 19 ਮਈ | ਮੰਗਲਵਾਰ | ਗੱਗੜਭਾਣਾ | ਸ਼ਾਮ 6 ਤੋਂ 8 ਵਜੇ ਤੱਕ |
| 20 ਮਈ | ਬੁੱਧਵਾਰ | ਧਰਦਿਓ | ਸ਼ਾਮ 6 ਤੋਂ 8 ਵਜੇ ਤੱਕ |
| 21 ਮਈ | ਵੀਰਵਾਰ | ਵੀਲਾ / ਮੀਕੇ | ਸ਼ਾਮ 6 ਤੋਂ 8 ਵਜੇ ਤੱਕ |
| 22 ਮਈ | ਸ਼ੁੱਕਰਵਾਰ | ਸਿਆਲਕਾ | ਸ਼ਾਮ 6 ਤੋਂ 8 ਵਜੇ ਤੱਕ |
| 23 ਮਈ | ਸ਼ਨੀਵਾਰ | ਖੱਬੇਰਾਜਪੂਤਾਂ | ਸ਼ਾਮ 6 ਤੋਂ 8 ਵਜੇ ਤੱਕ |
| 24 ਮਈ | ਐਤਵਾਰ | ਜਲਾਲ ਉਸਮਾਂ | ਸ਼ਾਮ 6 ਤੋਂ 8 ਵਜੇ ਤੱਕ |
| 25 ਮਈ | ਸੋਮਵਾਰ | ਸਹਾਇਪੁਰ | ਸ਼ਾਮ 6 ਤੋਂ 8 ਵਜੇ ਤੱਕ |
| 26 ਮਈ | ਮੰਗਲਵਾਰ | ਜੇਠੂਵਾਲ | ਸ਼ਾਮ 6 ਤੋਂ 8 ਵਜੇ ਤੱਕ |
| 27 ਮਈ | ਬੁੱਧਵਾਰ | ਬੁਤਾਲਾ (ਨਿਪਸ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 28 ਮਈ | ਵੀਰਵਾਰ | ਗੁ: ਰਾਮ ਥੰਮਣ | ਸ਼ਾਮ 6 ਤੋਂ 8 ਵਜੇ ਤੱਕ |
| 29 ਮਈ | ਸ਼ੁੱਕਰਵਾਰ | ਸਠਿਆਲਾ | ਸ਼ਾਮ 6 ਤੋਂ 8 ਵਜੇ ਤੱਕ |
| 30 ਮਈ | ਸ਼ਨੀਵਾਰ | ਮਹਿਸਮਪੁਰ (ਬਾਬਾ ਦੀਪ ਸਿੰਘ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 31 ਮਈ | ਐਤਵਾਰ | ਮਹਿਤਾ ਚੌਂਕ | ਸ਼ਾਮ 6 ਤੋਂ 8 ਵਜੇ ਤੱਕ |

1-2-3-4-5 ਜੂਨ 2026 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2026, ਸ਼ਨੀਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

ਸੰਪਰਕ: 99158-00904, 97793-10040, 98158-14158, 84376-91626

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਪੰਥਕ ਸ਼ਬਦ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404



Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ

☛ ਸ਼ਹੀਦੀ ਦਿਵਸ : ਛੋਟਾ ਘੱਲੂਘਾਰਾ ਕਾਹਨੂੰਵਾਨ ☛ ਫ਼ਤਹਿ ਦਿਵਸ : ਫ਼ਤਹਿ ਦਿਵਸ ਕੌਮੀ ਜਰਨੈਲ ਬਾਬਾ ਬੰਦਾ ਸਿੰਘ ਜੀ ਬਹਾਦਰ ਸਰਹੰਦ ਫ਼ਤਹਿ ਦਿਵਸ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।






ਸ਼ੁੱਕਰਵਾਰ 15 ਮਈ ਸੰਗਰਾਂਦ ਦਾ ਪਵਿੱਤਰ ਦਿਹਾੜੇ ਨੂੰ ਸਮਰਪਿਤ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸਜਣਗੇ।

• ਸ਼ਨਿੱਚਰਵਾਰ 16 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। • ਐਤਵਾਰ 17 ਮਈ 2026 ਨੂੰ 6:30 ਵਜੇ ਸਵੇਰ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ 15/16/17 ਮਈ ਨੂੰ ਢਾਡੀ ਵਾਰਾਂ ਰਾਹੀਂ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ⋆ ਗੁਰੂ ਪੰਥ ਦੇ ਦਾਸਰੇ ⋆

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)


ੴ
ਲੜੀਵਾਰ
ਗੁਰਬਾਣੀ
ਕਥਾ ਵਿਚਾਰ
ਗੁਰਦੁਆਰਾ
ਸੀਸਗੰਜ ਸਾਹਿਬ
9 ਮਈ 2026
ਸ਼ਨੀਵਾਰ ਨੂੰ
ਸਵੇਰੇ 7:30 ਤੋਂ 8:30
ਵੱਜੇ ਤੱਕ
Live on PTC ਸਿਮਰਨ
ਆਵਾਜ਼ਿ ਕੌਮ AWAZE QAUM
International Newspaper & WEB TV
ਗੁਰਦੁਆਰਾ
ਬੰਗਲਾ ਸਾਹਿਬ
10 ਮਈ 2026
ਐਤਵਾਰ ਨੂੰ
ਸਵੇਰੇ 7:30 ਤੋਂ 8:30
ਵੱਜੇ ਤੱਕ
Live on CHARDIKLA TIME TV
ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਉਣਗੇ
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ HSGMC
ਸੰਪਰਕ ਨੰ. 9356060960, 9814015740




ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਮਹਾਨ ਸਿੱਖ ਜਰਨੈਲ
ਬਾਬਾ ਬੰਦਾ ਸਿੰਘ ਬਹਾਦੁਰ ਜੀ
ਦੇ ਸਰਹੰਦ ਫਤਹਿ ਦਿਵਸ ਨੂੰ ਸਮਰਪਿਤ
ਜਪੁਜੀ ਸਾਹਿਬ ਕੰਠ ਮੁਕਾਬਲੇ
ਮਿਤੀ: 10 ਮਈ 2026 (ਐਤਵਾਰ)
ਸਮਾਂ: ਸਵੇਰੇ 9 ਵਜੇ
ਸਥਾਨ: ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਪਿੰਡ ਸੌਂਕੜਾ ਕਰਨਾਲ
ਇਨਾਮ ਵੰਡ ਸਮਾਰੋਹ
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸਤਿਕਾਰਯੋਗ ਅਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਸਮੇਤ
ਵਿਸੇਸ਼ ਤੌਰ 'ਤੇ ਪੁੱਜ ਰਹੇ ਹਨ
ਸਰਬੱਤ ਸਿੱਖ ਸੰਗਤਾਂ ਨੂੰ ਬੇਨਤੀ ਹੈ ਕਿ
ਸਮੇਂ ਸਿਰ ਪੁੱਜ ਕੇ ਨਾਮ ਬਾਣੀ ਦਾ ਲਾਹਾ ਪ੍ਰਾਪਤ ਕਰੋ ਜੀ
ਸਰਦਾਰ ਭੁਪਿੰਦਰ ਸਿੰਘ ਲਾਡੀ ਸੌਂਕੜਾ
ਪ੍ਰਧਾਨ ਸਰਪੰਚ ਯੂਨੀਅਨ ਨੀਲੋਖੇੜੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ -
ਸਰਦਾਰ ਭੁਪਿੰਦਰ ਸਿੰਘ ਸੌਂਕੜਾ ਲਾਡੀ ਪ੍ਰਧਾਨ ਸਰਪੰਚ ਯੂਨੀਅਨ ਨੀਲੋਖੇੜੀ
ਮੈਂਬਰ ਪ੍ਰਤੀਨਿਧ ਬੀਬੀ ਕਪੂਰ ਕੌਰ ਸੌਂਕੜਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਾਥੀ ਨਗਰ ਨਿਵਾਸੀ
ਸੰਪਰਕ ਨੰਬਰ: 8814855000 | 9416335342 | 9896885015 | 9896857513


ਅੰਮ੍ਰਿਤ ਛਕੋ
ਸ੍ਰੀ ਅਕਾਲ ਸਹਾਇ
ਸਿੰਘ ਸਜੋ
ਮਹਾਨ ਸਿੱਖ ਜਰਨੈਲ ਬਾਬਾ ਬੰਦਾ ਸਿੰਘ ਬਹਾਦੁਰ ਜੀ ਦੇ
ਸਰਹੰਦ ਫਤਹਿ ਦਿਵਸ ਨੂੰ ਸਮਰਪਿਤ
ਜਪੁਜੀ ਸਾਹਿਬ ਕੰਠ ਮੁਕਾਬਲੇ
ਮਿਤੀ 10 ਮਈ 2026 ਦਿਨ ਐਤਵਾਰ ਸਵੇਰੇ 9 ਵਜੇ
ਸਥਾਨ - ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ,ਪਿੰਡ ਸ਼ੌਂਕੜਾ ਕਰਨਾਲ
ਇਨਾਮ ਵੰਡ ਸਮਾਰੋਹ
ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਤਿਕਾਰਯੋਗ
ਅਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਸਮੇਤ ਵਿਸ਼ੇਸ਼ ਤੌਰ ਤੇ ਪੁੱਜ ਰਹੇ ਹਨ।
ਸਰਬੱਤ ਸਿੱਖ ਸੰਗਤਾਂ ਸਮੇਂ ਸਿਰ ਪੁੱਜ ਕੇ ਨਾਮ ਬਾਣੀ ਦਾ ਲਾਹਾ ਪ੍ਰਾਪਤ ਕਰੋ ਜੀ।
ਬੇਨਤੀ ਕਰਤਾ - ਸਰਦਾਰ ਭੁਪਿੰਦਰ ਸਿੰਘ ਸੌਂਕੜਾ
ਲਾਡੀ ਪ੍ਰਧਾਨ ਸਰਪੰਚ ਯੂਨੀਅਨ ਨੀਲੋਖੇੜੀ ਮੈਂਬਰ ਪ੍ਰਤੀਨਿਧ
ਬੀਬੀ ਕਪੂਰ ਕੌਰ ਸੌਂਕੜਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਅਤੇ ਸਾਥੀ ਨਗਰ ਨਿਵਾਸੀ
ਮੋਬਾ : 8814855000, 9416335342, 9896885015, 9896857513
ਆਵਾਜ਼ਿ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

☛ ਸਾਲਾਨਾ ਬਰਸੀ ਬਾਬਾ ਬੀਰ ਸਿੰਘ ਸਾਹਿਬ ਜੀ ਨੌਰੰਗਾਬਾਦ ਪਿੰਡ ਗੱਗੋਬੂਹਾ (ਅੰਮ੍ਰਿਤਸਰ) ☛ ਗੁਰਿਆਈ ਗੱਦੀ : ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

● ਸ਼ੁੱਕਰਵਾਰ 8 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ । ● ਸ਼ਨਿੱਚਰਵਾਰ 9 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 10 ਮਈ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਗਿਆਨੀ ਬਲਜੀਤ ਸਿੰਘ ਦਮਦਮੀ ਟਕਸਾਲ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਓਪਰੇਸ਼ਨ ਸਿੰਦੂਰ: ਪਹਿਲਗਾਮ ਦੇ ਵਹਿਸ਼ੀਪੁਣੇ ਦਾ

# ਸਟੀਕ ਜਵਾਬ ਦੇ ਕੇ ਨਵੇਂ ਭਾਰਤ ਨੇ ਜੰਗ ਦੀ ਪਰਿਭਾਸ਼ਾ ਬਦਲੀ



## ਵਿਚਾਰ ਆਪੋ-ਆਪਣਾ

22 ਅਪ੍ਰੈਲ 2025 ਨੂੰ ਜੰਮੂ-ਕਸ਼ਮੀਰ ਦੇ ਪਹਿਲਗਾਮ ਦੇ ਬੈਸਰਨ ਵਿੱਚ ਹੋਇਆ ਅੱਤਵਾਦੀ ਹਮਲਾ ਦਰਿੰਦਗੀ ਦੀਆਂ ਸਾਰੀਆਂ ਹੱਦਾਂ ਬੰਨ੍ਹੇ ਟੱਪ ਗਿਆ ਸੀ। ਇਸ ਵਿੱਚ 26 ਬੇਕਸੂਰ ਲੋਕ ਮਾਰੇ ਗਏ, ਮਰਨ ਵਾਲਿਆਂ ਵਿੱਚ ਜ਼ਿਆਦਾਤਰ ਸੈਲਾਨੀ ਸਨ। ਇਹ ਦਹਿਸ਼ਤਗਰਦੀ ਹਮਲਾ ਸਿਰਫ਼ ਇੱਕ ਹਮਲਾ ਨਹੀਂ, ਬਲਕਿ ਇੱਕ ਸੋਚੀ-ਸਮਝੀ ਸਾਜ਼ਿਸ਼ ਸੀ, ਜਿਸ ਦਾ ਮੰਤਵ ਕਸ਼ਮੀਰ ਵਿੱਚ ਸਾਲਾਂ ਦੀ ਮਿਹਨਤ ਨਾਲ ਸਥਾਪਿਤ ਕੀਤੀ ਗਈ ਸਮਾਜਿਕ ਸਥਿਰਤਾ ਨੂੰ ਖੰਡਿਤ ਕਰਨ ਤੋਂ ਇਲਾਵਾ ਸੂਬੇ ਵਿੱਚ ਤੇਜ਼ੀ ਨਾਲ ਚੱਲ ਰਹੇ ਵਿਕਾਸ ਕਾਰਜਾਂ ਨੂੰ ਪ੍ਰਭਾਵਿਤ ਕਰਨਾ ਸੀ। ਦਹਿਸ਼ਤਗਰਦਾਂ ਵੱਲੋਂ ਵਿਸ਼ੇਸ਼ ਤੌਰ 'ਤੇ ਧਰਮ ਅਤੇ ਅਕੀਦਾ ਪੁੱਛ ਕੇ ਲੋਕਾਂ ਨੂੰ ਨਿਸ਼ਾਨਾ ਬਣਾਉਣ ਤੋਂ ਉਨ੍ਹਾਂ ਦੇ ਫ਼ਿਰਕੂ ਤਣਾਅ ਪੈਦਾ ਕਰਨ ਦੇ ਇਰਾਦੇ ਸਾਫ਼ ਝਲਕਦੇ ਸਨ।

ਸਾਡੇ ਖ਼ੁਫ਼ੀਆ ਤੰਤਰ ਨੇ ਇਸ ਹਮਲੇ ਵਿੱਚ ਸ਼ਾਮਲ ਅਤਿਵਾਦੀਆਂ ਅਤੇ ਸਾਜ਼ਿਸ਼ਘਾੜਿਆਂ ਦੀ ਪਛਾਣ ਜਲਦੀ ਕਰ ਲਈ ਸੀ, ਜਿਨ੍ਹਾਂ ਦੀਆਂ ਤਾਰਾਂ ਪਾਕਿਸਤਾਨ ਨਾਲ ਜੁੜੀਆਂ ਹੋਈਆਂ ਸਨ। ਜੋ ਇਸ ਹਮਲੇ ਦੀ ਸਾਜ਼ਿਸ਼ ਘੜਨ ਦੇ ਨਾਲ-ਨਾਲ ਇਸ ਨੂੰ ਅੰਜਾਮ ਦੇਣ ਵਿੱਚ ਵੀ ਸ਼ਾਮਲ ਸਨ। ਇਸ ਵਹਿਸ਼ੀਪਣ ਲਈ ਜ਼ਿੰਮੇਵਾਰ ਤੱਤਾਂ ਨੂੰ ਸਬਕ ਸਿਖਾਉਣ ਲਈ 7 ਮਈ 2025 ਦੀ ਰਾਤ ਭਾਰਤੀ ਹਵਾਈ ਫ਼ੌਜ ਨੇ "ਓਪਰੇਸ਼ਨ ਸਿੰਦੂਰ" ਨਾਂ ਦੀ ਇੱਕ ਬਹੁਤ ਮਹੱਤਵਪੂਰਨ ਕਾਰਵਾਈ ਕੀਤੀ। ਇਹ ਸਰਹੱਦ ਪਾਰਲੇ ਅੱਤਵਾਦ ਪ੍ਰਤੀ ਦੇਸ਼ ਦੀ ਪ੍ਰਤੀਕਿਰਿਆ ਵਿੱਚ ਇੱਕ ਇਤਿਹਾਸਕ ਅਤੇ ਨਿਰਣਾਇਕ ਮੋੜ ਸਾਬਤ ਹੋਇਆ । ਇਸ ਮੁਹਿੰਮ ਵਿੱਚ ਸਟੀਕ ਫ਼ੌਜੀ ਹਮਲਿਆਂ ਦੇ ਨਾਲ-ਨਾਲ ਵਿਆਪਕ ਕੂਟਨੀਤਕ ਅਤੇ ਆਰਥਿਕ ਉਪਾਵਾਂ ਨੂੰ ਵੀ ਸ਼ਾਮਲ ਕੀਤਾ ਗਿਆ, ਜਿਸ ਨੇ ਅੱਤਵਾਦ ਨਾਲ ਨਜਿੱਠਣ ਦੇ ਭਾਰਤ ਦੇ ਨਜ਼ਰੀਏ ਨੂੰ ਪੂਰੀ ਤਰ੍ਹਾਂ ਬਦਲ ਕੇ ਰੱਖ ਦਿਤਾ। ਅੱਜ ਜਦੋਂ ਅਸੀਂ ਓਪਰੇਸ਼ਨ ਸਿੰਦੂਰ ਦੀ ਪਹਿਲੀ ਵਰ੍ਹੇਗੰਢ ਮਨਾ ਰਹੇ ਹਾਂ ਤਾਂ ਦੁਨੀਆ ਨੂੰ ਭਾਰਤ ਦੀ ਨਵੀਂ ਸੈਨਿਕ ਸਮਰੱਥਾ, ਤਕਨੀਕੀ ਤਾਕਤ ਅਤੇ ਸੋਚੀ-ਸਮਝੀ ਰਣਨੀਤੀ ਦਾ ਸਾਫ਼ ਸੰਦੇਸ਼ ਦੇਣ ਦੇ ਇਸ ਪੂਰੇ ਵਰਤਾਰੇ ਦਾ ਲੇਖਾ ਚੋਖਾ ਕਰਨਾ ਜ਼ਰੂਰੀ ਸਮਝਦਾ ਹਾਂ। ਉਸ ਵਕਤ ਭਾਰਤ ਨੇ ਪਾਕਿਸਤਾਨ ਅਤੇ ਪਾਕਿਸਤਾਨ ਅਧੀਨ ਕਸ਼ਮੀਰ ਵਿੱਚ ਅੱਤਵਾਦੀ ਢਾਂਚਿਆਂ ਨਾਲ ਜੁੜੇ ਨੌਂ ਠਿਕਾਣਿਆਂ ਨੂੰ ਨਿਸ਼ਾਨਾ ਬਣਾਇਆ। ਇਹ ਹਮਲੇ ਅੰਨ੍ਹੇਵਾਹ ਨਹੀਂ ਸਨ। ਹਰ ਠਿਕਾਣੇ ਅਤੇ ਟੀਚੇ ਦੀ ਪਹਿਲਾਂ ਪੂਰੀ ਜਾਣਕਾਰੀ ਇਕੱਠੀ ਕੀਤੀ ਗਈ, ਸੈਟੇਲਾਈਟ ਤਸਵੀਰਾਂ ਵੇਖੀਆਂ ਗਈਆਂ, ਡਰੋਨਾਂ ਨਾਲ ਨਿਗਰਾਨੀ ਕੀਤੀ ਗਈ ਅਤੇ ਫਿਰ ਸਟੀਕ ਹਥਿਆਰਾਂ ਨਾਲ ਹਮਲਾ ਕੀਤਾ ਗਿਆ।

ਇਸ ਕਾਰਵਾਈ ਦੀ ਸਭ ਤੋਂ ਵੱਡੀ ਖ਼ਾਸੀਅਤ ਇਹ ਸੀ ਕਿ ਭਾਰਤ ਨੇ ਸਿਰਫ਼ ਹਮਲਾ ਨਹੀਂ ਕੀਤਾ, ਸਗੋਂ ਦੁਨੀਆ ਨੂੰ ਸਬੂਤ ਵੀ ਦਿਖਾਏ। ਹਮਲੇ ਤੋਂ 48 ਘੰਟਿਆਂ ਦੇ ਅੰਦਰ ਸੈਟੇਲਾਈਟ ਤਸਵੀਰਾਂ ਸਾਹਮਣੇ ਆ ਗਈਆਂ। ਇਨ੍ਹਾਂ ਤਸਵੀਰਾਂ ਵਿੱਚ ਸਾਫ਼ ਦਿਖਾਈ ਦਿੱਤਾ ਕਿ ਕਿਹੜਾ ਟਾਰਗੈਟ ਹਿੱਟ ਹੋਇਆ, ਕਿੰਨਾ ਨੁਕਸਾਨ ਹੋਇਆ ਅਤੇ ਹਮਲਾ ਕਿੰਨਾ ਸਟੀਕ ਸੀ।

ਇਸ ਦਾ ਸਧਾਰਨ ਅਰਥ ਇਹ ਹੈ ਕਿ ਹੁਣ ਜੰਗ ਸਿਰਫ਼ ਬੰਦੂਕਾਂ ਜਾਂ ਮਿਸਾਈਲਾਂ ਨਾਲ ਨਹੀਂ ਲੜੀ ਜਾਂਦੀ। ਅੱਜ ਦੀ ਜੰਗ ਵਿੱਚ ਸਬੂਤ, ਤਕਨਾਲੋਜੀ ਅਤੇ ਦੁਨੀਆ ਸਾਹਮਣੇ ਆਪਣੀ ਜਵਾਬਦੇਹੀ ਵੀ ਬਹੁਤ ਮਹੱਤਵ ਰੱਖਦੀ ਹੈ।

ਦੂਜੇ ਪਾਸੇ ਪਾਕਿਸਤਾਨ ਦੀ ਪ੍ਰਤੀਕਿਰਿਆ ਬਿਲਕੁਲ ਵੱਖਰੀ ਸੀ। ਉਸ ਨੇ ਸਰਹੱਦੀ ਇਲਾਕਿਆਂ ਵਿੱਚ ਗੋਲਾਬਾਰੀ ਕੀਤੀ, ਡਰੋਨ ਭੇਜੇ ਅਤੇ ਨਾਗਰਿਕ ਥਾਵਾਂ ਨੂੰ ਨਿਸ਼ਾਨਾ ਬਣਾਇਆ। ਮੰਦਰ, ਗੁਰਦੁਆਰੇ, ਸਕੂਲ ਅਤੇ ਘਰ ਪ੍ਰਭਾਵਿਤ ਹੋਏ। ਇਹ ਕਾਰਵਾਈ ਸਟੀਕ ਸੈਨਿਕ ਕਾਰਵਾਈ ਨਹੀਂ ਸੀ, ਸਗੋਂ ਬੇਤਰਤੀਬ ਅਤੇ ਬੁਖਲਾਹਟ ਭਰੀ ਪ੍ਰਤੀਕਿਰਿਆ ਸੀ।

ਭਾਰਤ ਦੀ ਕਾਰਵਾਈ ਅਤੇ ਪਾਕਿਸਤਾਨ ਦੀ ਪ੍ਰਤੀਕਿਰਿਆ ਵਿਚਕਾਰ ਇਹੀ ਸਭ ਤੋਂ ਵੱਡਾ ਫ਼ਰਕ ਰਿਹਾ। ਭਾਰਤ ਨੇ ਅੱਤਵਾਦੀ ਢਾਂਚਿਆਂ ਨੂੰ ਨਿਸ਼ਾਨਾ ਬਣਾਇਆ, ਜਦਕਿ ਪਾਕਿਸਤਾਨ ਨੇ ਨਾਗਰਿਕ ਇਲਾਕਿਆਂ 'ਤੇ ਦਬਾਅ ਬਣਾਉਣ ਦੀ ਕੋਸ਼ਿਸ਼ ਕੀਤੀ। ਭਾਰਤ ਕੋਲ ਹਰ ਹਮਲੇ ਦਾ ਸਬੂਤ ਸੀ, ਜਦਕਿ ਪਾਕਿਸਤਾਨ ਕੋਲ ਸਿਰਫ਼ ਦਾਅਵੇ ਜਾਂ ਸੋਸ਼ਲ ਮੀਡੀਆ 'ਤੇ ਦਿਖਾਏ ਜਾ ਰਹੇ ਕਾਲਪਨਿਕ ਤੱਥ ਸਨ।

ਓਪਰੇਸ਼ਨ ਸਿੰਦੂਰ ਨੇ ਇਹ ਵੀ ਦਿਖਾਇਆ ਕਿ ਭਾਰਤ ਹੁਣ ਰੱਖਿਆ ਖੇਤਰ ਵਿੱਚ ਤੇਜ਼ੀ ਨਾਲ ਆਤਮਨਿਰਭਰ ਹੋ ਰਿਹਾ ਹੈ। ਬ੍ਰਹਮੋਸ ਮਿਸਾਈਲ, ਆਕਾਸ਼ ਏਅਰ ਡਿਫੈਂਸ ਸਿਸਟਮ ਅਤੇ ਭਾਰਤ ਵਿੱਚ ਬਣੇ ਜਾਂ ਭਾਰਤ ਨਾਲ ਸਹਿ-ਵਿਕਸਿਤ ਡਰੋਨਾਂ ਦੀ ਵਰਤੋਂ ਇਸ ਗੱਲ ਦਾ ਸਬੂਤ ਹੈ। ਇਹ ਨਵਾਂ ਭਾਰਤ ਹੈ, ਜੋ ਸਿਰਫ਼ ਹਥਿਆਰ ਖ਼ਰੀਦਣ ਵਾਲਾ ਦੇਸ਼ ਨਹੀਂ ਰਿਹਾ, ਸਗੋਂ ਆਪਣੇ ਹਥਿਆਰ ਬਣਾਉਣ ਅਤੇ ਉਨ੍ਹਾਂ ਨੂੰ ਮੈਦਾਨ ਵਿੱਚ ਪਰਖਣ ਵਾਲਾ ਦੇਸ਼ ਬਣ ਰਿਹਾ ਹੈ।

ਇਸ ਕਾਰਵਾਈ ਨੇ ਪਾਕਿਸਤਾਨ ਦੀ ਪਰਮਾਣੂ ਧਮਕੀ ਵਾਲੀ ਪੁਰਾਣੀ ਰਣਨੀਤੀ ਨੂੰ ਵੀ ਕਮਜ਼ੋਰ ਕੀਤਾ। ਪਾਕਿਸਤਾਨ ਲੰਮੇ ਸਮੇਂ ਤੋਂ ਇਹ ਸੋਚ ਰੱਖਦਾ ਸੀ ਕਿ ਪਰਮਾਣੂ ਹਥਿਆਰਾਂ ਦੇ ਡਰ ਕਾਰਨ ਭਾਰਤ ਵੱਡੀ ਕਾਰਵਾਈ ਨਹੀਂ ਕਰੇਗਾ। ਪਰ ਭਾਰਤ ਨੇ ਸਟੀਕ ਅਤੇ ਸੀਮਿਤ ਹਮਲਾ ਕਰਕੇ ਇਹ ਦੱਸ ਦਿੱਤਾ ਕਿ ਅੱਤਵਾਦੀ ਢਾਂਚਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

ਇਸ ਦਾ ਮਤਲਬ ਇਹ ਨਹੀਂ ਕਿ ਭਾਰਤ ਜੰਗ ਚਾਹੁੰਦਾ ਹੈ। ਇਸ ਦਾ ਮਤਲਬ ਇਹ ਹੈ ਕਿ ਭਾਰਤ ਕੋਲ ਹੁਣ ਐਨੀ ਤਕਨੀਕੀ ਸਮਰੱਥਾ ਹੈ ਕਿ ਉਹ ਸਰਹੱਦ ਪਾਰ ਅੱਤਵਾਦੀ ਟੀਚਿਆਂ ਨੂੰ ਨਿਸ਼ਾਨਾ ਬਣਾ ਸਕਦਾ ਹੈ, ਬਿਨਾਂ ਆਮ ਲੋਕਾਂ ਨੂੰ ਨੁਕਸਾਨ ਪਹੁੰਚਾਏ ਅਤੇ ਬਿਨਾਂ ਪੂਰੀ ਜੰਗ ਛੇੜੇ।

ਡਰੋਨ ਯੁੱਧ ਨੇ ਵੀ ਦੋਹਾਂ ਦੇਸ਼ਾਂ ਦੀ ਸੋਚ ਦਾ ਫ਼ਰਕ ਦਿਖਾਇਆ। ਭਾਰਤ ਨੇ ਡਰੋਨਾਂ ਦੀ ਵਰਤੋਂ ਟੀਚਾ ਪਛਾਣਨ ਅਤੇ ਸਟੀਕ ਹਮਲੇ ਲਈ ਕੀਤੀ। ਪਾਕਿਸਤਾਨ ਨੇ ਡਰੋਨਾਂ ਨੂੰ ਗਿਣਤੀ ਦੇ ਜ਼ੋਰ 'ਤੇ ਭੇਜਿਆ, ਤਾਂ ਜੋ ਭਾਰਤੀ ਰੱਖਿਆ ਪ੍ਰਣਾਲੀ ਨੂੰ ਥਕਾਇਆ ਜਾ ਸਕੇ। ਪਰ ਭਾਰਤ ਦੇ ਏਅਰ ਡਿਫੈਂਸ ਸਿਸਟਮਾਂ ਨੇ ਉਨ੍ਹਾਂ ਨੂੰ ਰੋਕ ਦਿੱਤਾ। ਅੱਜ ਦੇ ਯੁੱਗ ਵਿੱਚ ਸੈਟੇਲਾਈਟ ਝੂਠ ਨੂੰ ਜ਼ਿਆਦਾ ਦੇਰ ਤੱਕ ਜ਼ਿੰਦਾ ਨਹੀਂ ਰਹਿਣ ਦਿੰਦੇ। ਕੋਈ ਦੇਸ਼ ਜੋ ਮਰਜ਼ੀ ਦਾਅਵਾ ਕਰੇ, ਪਰ ਸੈਟੇਲਾਈਟ ਤਸਵੀਰਾਂ ਸਚਾਈ ਸਾਹਮਣੇ ਲਿਆ ਸਕਦੀਆਂ ਹਨ। ਓਪਰੇਸ਼ਨ ਸਿੰਦੂਰ ਦੀ ਸਭ ਤੋਂ ਵੱਡਾ ਸਬਕ ਇਹੀ ਹੈ ਕਿ ਭਵਿੱਖ ਦੀ ਜੰਗ ਵਿੱਚ ਸਿਰਫ਼ ਤਾਕਤ ਨਹੀਂ, ਸਟੀਕਤਾ ਅਤੇ ਸਬੂਤ ਵੀ ਜਿੱਤ ਦਿੰਦੇ ਹਨ।

ਅੰਤ ਵਿੱਚ ਕਿਹਾ ਜਾ ਸਕਦਾ ਹੈ ਕਿ ਓਪਰੇਸ਼ਨ ਸਿੰਦੂਰ ਸਿਰਫ਼ ਇੱਕ ਸੈਨਿਕ ਕਾਰਵਾਈ ਨਹੀਂ ਸੀ। ਇਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਗਤੀਸ਼ੀਲ ਅਗਵਾਈ 'ਚ ਭਾਰਤ ਦੀ ਨਵੀਂ ਸੁਰੱਖਿਆ ਸੋਚ ਦਾ ਐਲਾਨ ਸੀ। ਇਹ ਦੱਸਦਾ ਹੈ ਕਿ ਭਾਰਤ ਹੁਣ ਅੱਤਵਾਦ ਦਾ ਜਵਾਬ ਭਾਵਨਾਵਾਂ ਨਾਲ ਨਹੀਂ, ਸਗੋਂ ਤਕਨਾਲੋਜੀ, ਸਟੀਕਤਾ ਅਤੇ ਪੂਰੀ ਜਵਾਬਦੇਹੀ ਨਾਲ ਦੇਵੇਗਾ। ਇਹੀ ਨਵੇਂ ਭਾਰਤ ਦੀ ਪਛਾਣ ਹੈ — ਸੰਯਮ ਵੀ, ਸ਼ਕਤੀ ਵੀ; ਸਬੂਤ ਵੀ, ਸਟੀਕ ਜਵਾਬ ਵੀ।

**-ਪ੍ਰੋ. ਸਰਚਾਂਦ ਸਿੰਘ ਖਿਆਲਾ, ਬੁਲਾਰਾ, ਪੰਜਾਬ ਭਾਜਪਾ, 9781355522**

### ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਅਗਵਾਈ ਵਿੱਚ

# ਬਾਬਾ ਚੇਤ ਸਿੰਘ ਤੇ ਬਾਬਾ ਸੰਤਾ ਸਿੰਘ ਜੀ ਦੀ ਬਰਸੀ ਨੂੰ ਸਮਰਪਿਤ ਮੁੱਖ ਸਮਾਗਮ ਅੱਜ



**ਤਲਵੰਡੀ ਸਾਬੋ, 09 ਮਈ (ਗੁਰਜੰਟ ਸਿੰਘ ਨਥੇਹਾ)**- ਨਿਹੰਗ ਸਿੰਘਾਂ ਦੀ ਸਿਰਮੌਰ ਜਥੇਬੰਦੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ 12ਵੇਂ ਮੁਖੀ ਸੱਚਖੰਡ ਵਾਸੀ ਸਿੰਘ ਸਾਹਿਬ ਬਾਬਾ ਚੇਤ ਸਿੰਘ ਜੀ ਦੀ ਅਤੇ 13ਵੇਂ ਮੁਖੀ ਸੱਚਖੰਡ ਵਾਸੀ ਸਿੰਘ ਸਾਹਿਬ ਬਾਬਾ ਸੰਤਾ ਸਿੰਘ ਜੀ ਦੀ ਕ੍ਰਮਵਾਰ 58ਵੀਂ ਅਤੇ 18ਵੀਂ ਸਾਲਾਨਾ ਬਰਸੀ ਨੂੰ ਸਮਰਪਿਤ ਪਰਸੋਂ ਰੋਜ਼ ਤੋਂ ਚਲ ਰਹੇ ਤਿੰਨ ਰੋਜ਼ਾ ਧਾਰਮਿਕ ਸਮਾਗਮ ਬੁੱਢਾ ਦਲ ਦੇ ਮੁੱਖ ਅਸਥਾਨ ਗੁਰਦੁਆਰਾ ਬੇਰ ਸਾਹਿਬ ਦੇਗਸਰ ਛਾਉਣੀ ਨਿਹੰਗ ਸਿੰਘਾਂ ਦਮਦਮਾ ਸਾਹਿਬ ਵਿਖੇ ਬੁੱਢਾ ਦਲ ਦੇ ਮੌਜੂਦਾ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਅਗਵਾਈ ਹੇਠ ਸੰਪੂਰਨ ਹੋ ਜਾਣਗੇ। ਬਾਬਾ ਬਲਬੀਰ ਸਿੰਘ 96 ਕੋਰੜੀ ਨੇ ਦਸਿਆ ਕਿ ਤਿੰਨ ਰੋਜ਼ਾ ਧਾਰਮਿਕ ਸਮਾਗਮਾਂ ਵਿੱਚ ਸ਼ਮੂਲੀਅਤ ਲਈ ਸੈਂਕੜਿਆਂ ਦੀ ਗਿਣਤੀ ਵਿੱਚ ਗੁਰੂ ਕੀਆਂ ਲਾਡਲੀਆਂ ਨਿਹੰਗ ਸਿੰਘ ਫ਼ੌਜਾਂ ਦਮਦਮਾ ਸਾਹਿਬ ਹਾਜ਼ਰੀ ਭਰਨਗੀਆਂ। ਮੁੱਖ ਧਾਰਮਿਕ ਸਮਾਗਮ ਵਿੱਚ ਤਖ਼ਤ ਸਾਹਿਬਾਨ ਦੇ ਜਥੇਦਾਰ ਸਾਹਿਬਾਨ ਤੋਂ ਇਲਾਵਾ ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀ, ਸੰਪਰਦਾਵਾਂ ਦੇ ਮੁਖੀ ਸੰਤ ਮਹਾਂਪੁਰਸ਼ ਸ਼ਮੂਲੀਅਤ ਕਰਨਗੇ। ਇਸ ਦਿਨ ਅੰਮ੍ਰਿਤ ਸੰਚਾਰ ਹੋਵੇਗਾ ਅਤੇ ਨਿਹੰਗ ਸਿੰਘ ਫ਼ੌਜਾਂ ਦੇ ਲਾਇਸੰਸ ਰਿਨੀਊ ਕੀਤੇ ਅਤੇ ਨਵੇਂ ਬਣਾਏ ਜਾਣਗੇ।

# ਗੁਰੂ ਅਦਬ ਸਭ ਤੋਂ ਉੱਚਾ: ਅਖੰਡ ਕੀਰਤਨੀ ਜੱਥੇ ਵੱਲੋਂ ਸਤਿਕਾਰ ਕਾਨੂੰਨ 'ਤੇ ਚਿੰਤਾ ਪ੍ਰਗਟ

### ☛ ਜਿੱਥੇ ਸਵਾਲ ਗੁਰੂ ਸਾਹਿਬ ਦੇ ਅਦਬ ਦਾ ਹੋਵੇ ਓਥੇ ਖਾਲਸੇ ਦਾ ਨਿਆਉ ਸਭ ਕਾਨੂੰਨਾਂ ਤੋਂ ਉੱਤੇ ਹੈ ☛ ਸਿੱਖਾਂ ਲਈ ਹਮੇਸ਼ਾਂ ਹੀ ਦੁਨਿਆਵੀ ਕਾਨੂੰਨ ਵੱਲੋਂ ਵਰਤਿਆ ਗਿਆ ਹੈ ਦੋਹਰਾ ਮਾਪਦੰਡ

ਨਵੀਂ ਦਿੱਲੀ 9 ਮਈ (ਮਨਪ੍ਰੀਤ ਸਿੰਘ ਖਾਲਸਾ):- ਬੀਤੇ ਦਿਨੀਂ ਅੰਮ੍ਰਿਤਸਰ ਦੇ ਭਾਈ ਗੁਰਦਾਸ ਹਾਲ ਵਿਚ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026 ਅਤੇ ਬੰਦੀ ਸਿੰਘਾਂ ਦੇ ਮਸਲੇ ਉਪਰ ਹੋਈ ਵਿਚਾਰਾਂ ਲਈ ਪੰਥ ਦੀ ਪ੍ਰਮੁੱਖ ਜੱਥੇਬੰਦੀ ਅਖੰਡ ਕੀਰਤਨੀ ਜਥਾ ਵਿਸ਼ਵਵਿਆਪੀ ਵਲੋਂ ਆਪਣੇ ਵਿਚਾਰ ਭੇਜੇ ਗਏ ਸਨ। ਭੇਜੇ ਗਏ ਵਿਚਾਰਾਂ ਵਿਚ ਉਨ੍ਹਾਂ ਲਿਖਿਆ ਦਸਾਂ ਪਾਤਿਸ਼ਾਹੀਆਂ ਦੇ ਜਾਗਤ ਜੋਤਿ ਸਰੂਪ, ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਤਿਕਾਰ ਸਮੁੱਚੀ ਲੋਕਾਈ ਅਤੇ ਖੰਡਾਂ ਬਰਹਿਮੰਡਾਂ ਵਿੱਚ ਸਦੀਵੀ ਕਾਲ ਬਹਾਲ ਹੈ। ਜੇ ਕੋਈ ਨਖਿੱਧ ਪ੍ਰਾਣੀ ਸੱਚੇ ਸਰੂਪ ਦੀ ਬੇਅਦਬੀ ਕਰਨ ਦੀ ਹਿਮਾਕਤ ਕਰਦਾ ਹੈ ਤਾਂ ਅਖੰਡ ਕੀਰਤਨੀ ਜੱਥਾ ਪੁਰਾਤਨ ਪ੍ਰੰਪਰਾਵਾਂ ਤਹਿਤ ਖ਼ਾਲਸਾਈ ਰਵਾਇਤਾਂ ਅਨੁਸਾਰ ਸਜ਼ਾਵਾਂ ਦੇਣ ਦਾ ਧਾਰਨੀ ਹੈ। ਇਤਿਹਾਸ ਸਾਖੀ ਹੈ ਕਿ ਗੁਰਦੁਆਰਾ ਸੁਧਾਰ ਲਹਿਰ ਦੇ ਮੋਢੀ, ਖਾਲਸਾ ਪੰਥ ਦੇ ਸੱਚੇ ਸੂਰਬੀਰ ਭਾਈ ਸਾਹਿਬ ਭਾਈ ਰਣਧੀਰ ਸਿੰਘ ਜੀ ਨੇ ਗੁਰੂ ਪਰਾਇਣ ਹੋ ਕੇ 16 ਸਾਲ ਜੇਲ੍ਹ ਦੀਆਂ ਕਾਲ ਕੋਠੜੀਆਂ ਵਿਚ ਬਿਤਾਏ। 1978 ਵਿੱਚ ਗੁਰੂ ਗ੍ਰੰਥ ਸਾਹਿਬ ਜੀ ਦੀ ਨਿੰਦਿਆ ਨਾ ਸਹਾਰਦੇ ਹੋਏ ਰੰਗ-ਰੱਤੜੇ ਗੁਰਮੁੱਖ ਜਨ, ਜਥੇਦਾਰ ਭਾਈ ਫ਼ੌਜਾ ਸਿੰਘ ਜੀ ਦੀ ਅਗਵਾਈ ਵਿਚ ਗੁਰੂ ਸਾਹਿਬ ਤੋਂ ਕੁਰਬਾਨ ਹੋਕੇ ਸਿਰ ਧੜ ਦੀਆਂ ਬਾਜ਼ੀਆਂ ਲਾ ਗਏ। ਕਿਸੇ ਦੁਨਿਆਵੀ ਕਨੂੰਨ ਨੇ ਕੋਈ ਇਨਸਾਫ਼ ਨਹੀਂ ਕੀਤਾ। ਅਖੀਰ ਗੁਰੂ ਕੇ ਖਾਲਸੇ ਨੇ ਪੁਰਾਤਨ ਰਵਾਇਤਾਂ ਅਨੁਸਾਰ ਸਜ਼ਾਵਾਂ ਦਿੱਤੀਆਂ। ਜਿੱਥੇ ਸਵਾਲ ਗੁਰੂ ਸਾਹਿਬ ਦੇ ਅਦਬ ਦਾ ਹੋਵੇ ਓਥੇ ਖਾਲਸੇ ਦਾ ਨਿਆਉ ਸਭ ਕਾਨੂੰਨਾਂ ਤੋਂ ਉੱਤੇ ਹੈ। ਸਿੱਖਾਂ ਲਈ ਹਮੇਸ਼ਾਂ ਹੀ ਦੁਨਿਆਵੀ ਕਾਨੂੰਨ ਵੱਲੋਂ ਦੋਹਰਾ ਮਾਪਦੰਡ ਵਰਤਿਆ ਗਿਆ ਹੈ । ਜਿਸ ਦੀਆਂ ਅਨੇਕਾਂ ਮਿਸਾਲਾਂ ਹਨ ਜਿਵੇਂ ਕਿ ਬੇਅਦਬੀ ਕਰਨ ਵਾਲੇ ਦੁਸ਼ਟਾਂ ਨੂੰ ਝੱਟਪਟ ਜ਼ਮਾਨਤਾਂ ਮਿਲ ਜਾਂਦੀਆਂ ਹਨ ਅਤੇ ਗੁਰੂਡੰਮੀ ਵਿਭਚਾਰੀ ਡੇਰੇਦਾਰ ਨੂੰ ਤਾਂ ਸਾਲ ਵਿੱਚ ਦੋ ਵਾਰ ਪੈਰੋਲ ਮਿਲ ਜਾਂਦੀ ਹੈ । ਪਰ ਸਿੱਖ ਬੰਦੀਆਂ ਨੂੰ ਸਜਾਵਾਂ ਪੂਰੀਆਂ ਹੋਣ ਤੇ ਵੀ ਰਿਹਾਈਆਂ ਨਹੀ ਹੁੰਦੀਆਂ ਅਤੇ ਨਾ ਹੀ ਕਿਸੇ ਕਿਸਮ ਦੀ ਰਾਹਤ ਜ਼ਮਾਨਤ ਮਿਲਦੀ ਹੈ। ਭਾਈ ਬਲਵੰਤ ਸਿੰਘ ਦੀ ਫਾਂਸੀ ਰੁਕਵਾਉਣ ਅਤੇ ਸਮੂੰਹ ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੇ ਜਾ ਰਹੇ ਯਤਨਾਂ ਲਈ ਅਸੀਂ ਆਪਣੀ ਪੂਰੀ ਸਹਿਮਤੀ ਅਤੇ ਸਮਰਥਨ ਪ੍ਰਗਟ ਕਰਦੇ ਹਾਂ। ਭਾਈ ਬਲਵੰਤ ਸਿੰਘ ਰਾਜੋਆਣਾ ਅਤੇ ਹੋਰ ਬੰਦੀ ਸਿੰਘਾਂ ਦੇ ਮਾਮਲੇ ਨੂੰ ਮਾਨਯੋਗ ਰਾਸ਼ਟਰਪਤੀ, ਭਾਰਤ ਸਰਕਾਰ ਅਤੇ ਗ੍ਰਿਹ ਮੰਤਰੀ ਅੱਗੇ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਜਾਵੇ। ਇਸ ਸਬੰਧ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਾਮਲੇ ਨੂੰ ਯੋਗ ਕਾਨੂੰਨੀ ਮਾਹਿਰਾਂ ਰਾਹੀਂ ਤਿਆਰ ਕਰਕੇ ਅੱਗੇ ਵਧਾਇਆ ਜਾਵੇ। ਜਿਵੇਂ 5 ਫਰਵਰੀ 2019 ਨੂੰ ਨਵਾਂਸ਼ਹਿਰ (ਸ਼ਹੀਦ ਭਗਤ ਸਿੰਘ ਨਗਰ) ਦੀ ਅਦਾਲਤ ਵੱਲੋਂ ਕਨੂੰਨ ਦੀ ਦੁਰਵਰਤੋਂ ਕਰਦੇ ਹੋਏ ਤਿੰਨ ਸਿੱਖ ਨੌਜਵਾਨਾਂ ਨੂੰ ਧਾਰਮਿਕ ਕਿਤਾਬਾਂ ਅਤੇ ਪੋਸਟਰ ਰੱਖਣ ਦੇ ਆਧਾਰ ਤੇ ਉਮਰ ਕੈਦ ਦੀ ਸਜ਼ਾ ਸੁਣਾ ਦਿੱਤੀ ਸੀ । ਇਸ ਚਲਦੇ ਦੋਹਰੇ ਮਾਪਦੰਡ ਦੇ ਮੱਦੇ ਨਜ਼ਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸੰਬੰਧੀ ਬਣੇ ਕਾਨੂੰਨ ਦੀਆਂ ਕੁਝ ਮੱਦਾਂ ਬਾਰੇ ਚਿੰਤਾ ਪ੍ਰਗਟ ਹੁੰਦੀ ਹੈ ਕਿ ਕਿਤੇ ਇਹ ਕਾਨੂੰਨ ਸ਼ਰਧਾਲੂ ਸਿੱਖਾਂ ਦੇ ਵਿਰੁੱਧ ਹੀ ਨਾ ਵਰਤਿਆ ਜਾਵੇ। ਇਸ ਲਈ ਇਸ ਕਾਨੂੰਨ ਦੀ ਦੁਬਾਰਾ ਸਮੀਖਿਆ ਕਰਨਾ ਬਹੁਤ ਜ਼ਰੂਰੀ ਹੈ। ਕਿਉਂਕਿ ਇਹ ਕਨੂੰਨ ਸਿੱਧੇ ਤੌਰ ਉੱਤੇ ਸਿੱਖ ਪੰਥ ਨਾਲ ਸਬੰਧਿਤ ਹੈ, ਇਸ ਲਈ ਕਿਸੇ ਵੀ ਬੇਅਦਬੀ ਮਾਮਲੇ ਸਬੰਧੀ ਹੋਣ ਵਾਲੀ ਸਜ਼ਾ ਉੱਤੇ, ਤਖ਼ਤ ਸਾਹਿਬ ਦੇ ਜਥੇਦਾਰ ਦੀ ਨਜ਼ਰਸਾਨੀ ਜਰੂਰੀ ਹੋਣੀ ਚਾਹੀਦੀ ਹੈ । ਜੇ ਸਰਕਾਰ ਸੁਹਿਰਦਤਾ ਨਾਲ ਕਾਨੂੰਨ ਬਨਾਉਣਾ ਚਾਹੁੰਦੀ ਹੈ ਤਾਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅੰਗ ਭੰਗ ਕਰਨ ਦੀ ਸਜ਼ਾ ਮਿਸਾਲੀ ਹੋਣੀ ਚਾਹੀਦੀ ਹੈ। ਇਕ ਆਮ ਇਨਸਾਨ ਦੇ ਮਿੱਥ ਕੇ ਕੀਤੇ ਇਰਾਦਾ ਕਤਲ ਦੀ ਸਜ਼ਾ ਫਾਂਸੀ ਹੈ ਅਤੇ ਗੁਰੂ ਸਾਹਿਬਾਨ ਦੇ ਪਵਿੱਤਰ ਸਰੂਪ ਲਈ ਸਜ਼ਾ ਸਿਰਫ਼ ਦਸ ਸਾਲ ਬਹੁਤ ਮਾਮੂਲੀ ਹੈ । ਬੇਅਦਬੀ ਮਾਮਲਿਆਂ ਵਿਚ ਮੰਦ ਬੁੱਧੀ ਲਈ ਵੀ ਕੋਈ ਰਾਹਤ ਨਹੀ ਹੋਣੀ ਚਾਹੀਦੀ। ਦਸ਼ਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਦਾ ਫੁਰਮਾਨ ਹੈ -ਹੈ ਖਾਲਸਹਿ ਕੇ ਖਾਲਸਾ ਮੋਰ ॥ ਗੁਰੂ ਖਾਲਸੇ ਦਾ ਹੈ ਅਤੇ ਖ਼ਾਲਸਾ ਗੁਰੂ ਦਾ ਹੈ । ਸੋ ਆਸ ਭਰੋਸਾ ਖਸਮ ਕਾ ਰੱਖਣ ਵਾਲਾ ਗੁਰੂ ਕਾ ਖਾਲਸਾ ਕਿਸੇ ਦਾ ਮੁਥਾਜ ਨਾ ਹੋਕੇ ਆਦਿ ਤੋਂ ਅਨੰਤ ਤੱਕ ਆਪਣੇ ਗੁਰੂ ਤੋਂ ਕੁਰਬਾਨ ਹੁੰਦਾ ਰਹੇਗਾ। ਅਸੀਂ ਆਸ ਕਰਦੇ ਹਾਂ ਕਿ ਆਪ ਜੀ ਇਹਨਾਂ ਮਾਮਲਿਆਂ ਨੂੰ ਗੰਭੀਰਤਾ ਨਾਲ ਵਿਚਾਰਕੇ ਯੋਗ ਅਗਵਾਈ ਕਰੋਗੇ।

# ਮੁੱਖ ਮੰਤਰੀ ਨੇ ਮੇਰੀ ਰਸੋਈ ਯੋਜਨਾ' ਦਾ ਆਗਾਜ਼ ਕਰਕੇ ਪੰਜਾਬੀਆਂ ਦਾ ਦਿਲ ਜਿੱਤਿਆ: ਚੇਅਰਮੈਨ ਕਾਂਝਲਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੇ ਹਲਕੇ ਧੂਰੀ ਵਿੱਚ ਪੈਂਦੇ ਪਿੰਡ ਭਲਵਾਨ ਵਿਖੇ 40 ਲੱਖ 85 ਹਜਾਰ ਪਰਿਵਾਰਾਂ ਦੀ ਭਲਾਈ ਲਈ 'ਮੇਰੀ ਰਸੋਈ ਯੋਜਨਾ' ਦਾ ਆਗਾਜ਼ ਕੀਤਾ ਗਿਆ। ਜਿਸ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉੱਘੇ ਸਮਾਜ ਸੇਵੀ, ਰਣਜੋਧ ਸਿੰਘ ਕਾਂਝਲਾ ਚੇਅਰਮੈਨ ਬਲਾਕ ਸੰਮਤੀ ਧੂਰੀ ਨੇ ਕਿਹਾ ਕਿ 40 ਲੱਖ 85 ਹਜਾਰ ਗਰੀਬ ਪਰਿਵਾਰਾਂ ਨੂੰ ਮੇਰੀ ਰਸੋਈ ਯੋਜਨਾ ਤਹਿਤ ਬਹੁਤ ਲਾਭ ਮਿਲੇਗਾ। ਪੰਜਾਬ ਦੇ ਲੋਕਾਂ ਵਿੱਚ ਇਸ ਯੋਜਨਾ ਦੇ ਲਾਗੂ ਹੋਣ ਨਾਲ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਯੋਜਨਾ ਨੂੰ ਲਾਗੂ ਕਰਕੇ ਮੁੱਖ ਮੰਤਰੀ ਨੇ ਪੰਜਾਬੀਆਂ ਦਾ ਦਿਲ ਜਿੱਤਿਆ ਹੈ। ਉਹਨਾਂ ਕਿਹਾ ਕਿ ਪਿਛਲੇ 70 ਸਾਲਾਂ ਵਿੱਚ ਪੰਜਾਬ ਦੇ ਲੋਕਾਂ ਨੇ ਅਜਿਹੀਆਂ ਯੋਜਨਾ ਨਹੀਂ ਦੇਖੀਆਂ ਸਨ, ਜਿਨਾਂ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਲੋਕਾਂ ਦੇ ਸਾਹਮਣੇ ਲਿਆ ਕੇ ਸਾਬਿਤ ਕਰ ਦਿੱਤਾ ਕਿ ਜੇਕਰ ਲੋਕ ਸਰਕਾਰਾਂ ਬਣਾਉਂਦੇ ਹਨ ਤਾਂ ਸਹੂਲਤਾਂ ਵੀ ਲੋਕਾਂ ਦੇ ਲਈ ਹੀ ਹੋਣੀਆਂ ਚਾਹੀਦੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਇੰਗਲੈਂਡ ਕੌਂਸਲ ਚੋਣਾਂ 2026

# ਰੀਫਾਰਮ ਯੂਕੇ ਦੀ ਇਤਿਹਾਸਕ ਚੜ੍ਹਤ, ਲੇਬਰ ਤੇ ਕਨਜ਼ਰਵੇਟਿਵ ਨੂੰ ਵੱਡਾ ਝਟਕਾ

## ਪੰਜਾਬੀ, ਸਿੱਖ ਤੇ ਭਾਰਤੀ ਭਾਈਚਾਰੇ ਨੇ ਕਈ ਹਲਕਿਆਂ ਵਿੱਚ ਨਿਭਾਈ ਅਹਿਮ ਭੂਮਿਕਾ

ਲੰਡਨ/ਮੈਨਚੈਸਟਰ — ਇੰਗਲੈਂਡ ਵਿੱਚ ਹੋਈਆਂ 2026 ਦੀਆਂ ਲੋਕਲ ਕੌਂਸਲ ਚੋਣਾਂ ਨੇ ਬ੍ਰਿਟਿਸ਼ ਰਾਜਨੀਤੀ ਵਿੱਚ ਵੱਡਾ ਉਲਟਫੇਰ ਕਰ ਦਿੱਤਾ ਹੈ। ਚੋਣ ਨਤੀਜਿਆਂ ਵਿੱਚ Nigel Farage ਦੀ ਅਗਵਾਈ ਵਾਲੀ Reform UK ਸਭ ਤੋਂ ਵੱਡੀ ਉਭਰਦੀ

ਆਵਾਜ਼ਿ ਕੌਮ AWAZE QAUM
International Newspaper & WEB TV

ਤਾਕਤ ਵਜੋਂ ਸਾਹਮਣੇ ਆਈ ਹੈ, ਜਦਕਿ Labour Party ਅਤੇ Conservative Party ਦੋਵਾਂ ਨੂੰ ਭਾਰੀ ਨੁਕਸਾਨ ਝੱਲਣਾ ਪਿਆ ਹੈ। ਕਈ ਇਲਾਕਿਆਂ ਵਿੱਚ ਵੋਟਰਾਂ ਨੇ ਰਵਾਇਤੀ ਪਾਰਟੀਆਂ ਦੀ ਬਜਾਏ ਨਵੇਂ ਵਿਕਲਪਾਂ ਨੂੰ ਤਰਜੀਹ ਦਿੱਤੀ।

ਚੋਣ ਨਤੀਜਿਆਂ ਅਨੁਸਾਰ Reform UK ਨੇ ਲਗਭਗ 1,420 ਸੀਟਾਂ ਜਿੱਤ ਕੇ ਸਭ ਨੂੰ ਹੈਰਾਨ ਕਰ ਦਿੱਤਾ। Labour Party ਨੂੰ ਕਰੀਬ 1,300 ਤੋਂ ਵੱਧ ਸੀਟਾਂ ਦਾ ਨੁਕਸਾਨ ਹੋਇਆ, ਜਦਕਿ Conservative Party ਵੀ ਕਰੀਬ 900 ਤੋਂ ਵੱਧ ਸੀਟਾਂ ਗੁਆ ਬੈਠੀ। Liberal Democrats ਨੇ 370 ਤੋਂ ਵੱਧ ਸੀਟਾਂ ਹਾਸਲ ਕਰਕੇ ਕਈ ਇਲਾਕਿਆਂ ਵਿੱਚ ਆਪਣਾ ਅਧਾਰ ਮਜ਼ਬੂਤ ਕੀਤਾ, ਜਦਕਿ Green Party ਨੇ ਵੀ 150 ਤੋਂ ਵੱਧ ਸੀਟਾਂ ਜਿੱਤ ਕੇ ਆਪਣੀ ਮੌਜੂਦਗੀ ਦਰਜ ਕਰਵਾਈ।

ਉੱਤਰੀ ਇੰਗਲੈਂਡ, ਮਿਡਲੈਂਡਜ਼ ਅਤੇ ਉਦਯੋਗਿਕ ਖੇਤਰਾਂ ਵਿੱਚ Reform UK ਨੂੰ ਵੱਡਾ ਸਮਰਥਨ ਮਿਲਿਆ। Sunderland, Hartlepool, Barnsley, Doncaster ਅਤੇ Teesside ਵਰਗੇ ਇਲਾਕਿਆਂ ਵਿੱਚ ਪਾਰਟੀ ਨੇ Labour ਦੇ ਰਵਾਇਤੀ ਗੜ੍ਹਾਂ ਵਿੱਚ ਵੱਡੀ ਸੈਂਧ ਮਾਰੀ। ਮਹਿੰਗਾਈ, ਗੈਸ-ਬਿਜਲੀ ਦੇ ਵਧਦੇ ਬਿੱਲ, ਇਮੀਗ੍ਰੇਸ਼ਨ ਅਤੇ ਆਰਥਿਕ ਦਬਾਅ ਇਸ ਵਾਰ ਦੇ ਮੁੱਖ ਚੋਣ ਮੁੱਦੇ ਰਹੇ।

ਲੰਡਨ, ਦੱਖਣੀ ਇੰਗਲੈਂਡ ਅਤੇ ਯੂਨੀਵਰਸਿਟੀ ਖੇਤਰਾਂ ਵਿੱਚ Liberal Democrats ਅਤੇ Green Party ਨੂੰ ਵੀ ਵਧੀਆ ਸਮਰਥਨ ਮਿਲਿਆ। ਵਾਤਾਵਰਣ, ਹਾਊਸਿੰਗ ਅਤੇ ਲੋਕਲ ਸਰਵਿਸਿਜ਼ ਵਰਗੇ ਮੁੱਦਿਆਂ ਨੇ ਨੌਜਵਾਨ ਵੋਟਰਾਂ ਨੂੰ ਖਾਸ ਤੌਰ 'ਤੇ ਪ੍ਰਭਾਵਿਤ ਕੀਤਾ।

ਇਸ ਚੋਣ ਵਿੱਚ ਪੰਜਾਬੀ, ਸਿੱਖ ਅਤੇ ਭਾਰਤੀ ਭਾਈਚਾਰੇ ਦੀ ਭੂਮਿਕਾ ਵੀ ਕਾਫ਼ੀ ਮਹੱਤਵਪੂਰਨ ਰਹੀ। Southall, Slough, Birmingham, Wolverhampton, Leicester, Coventry ਅਤੇ West London ਵਰਗੇ ਖੇਤਰਾਂ ਵਿੱਚ ਪੰਜਾਬੀ ਵੋਟਰਾਂ ਨੇ ਕਈ ਸੀਟਾਂ ਦੇ ਨਤੀਜਿਆਂ 'ਤੇ ਸਿੱਧਾ ਪ੍ਰਭਾਵ ਪਾਇਆ। ਕਈ ਥਾਵਾਂ 'ਤੇ ਸਿੱਖ ਅਤੇ ਭਾਰਤੀ ਮੂਲ ਦੇ ਉਮੀਦਵਾਰਾਂ ਨੇ ਜਿੱਤ ਦਰਜ ਕੀਤੀ, ਜਦਕਿ ਕੁਝ ਨਵੇਂ ਚਿਹਰੇ ਵੀ ਸਥਾਨਕ ਰਾਜਨੀਤੀ ਵਿੱਚ ਉਭਰ ਕੇ ਸਾਹਮਣੇ ਆਏ ਹਨ।

ਸਿੱਖ ਅਤੇ ਪੰਜਾਬੀ ਭਾਈਚਾਰੇ ਵਿੱਚ ਮਹਿੰਗਾਈ, ਕਾਰੋਬਾਰ 'ਤੇ ਵੱਧਦਾ ਦਬਾਅ, ਇਮੀਗ੍ਰੇਸ਼ਨ ਨੀਤੀਆਂ, ਵਿਦਿਆਰਥੀ ਵੀਜ਼ਿਆਂ 'ਤੇ ਸਖ਼ਤੀ, ਕਮਿਊਨਿਟੀ ਸੁਰੱਖਿਆ ਅਤੇ ਨੌਜਵਾਨਾਂ ਲਈ ਰੋਜ਼ਗਾਰ ਮੁੱਖ ਚੋਣ ਮੁੱਦੇ ਰਹੇ। ਕਈ ਨੌਜਵਾਨ ਵੋਟਰਾਂ ਨੇ ਇਸ ਵਾਰ ਰਵਾਇਤੀ ਵੋਟਿੰਗ ਪੈਟਰਨ ਤੋਂ ਹਟ ਕੇ ਸਥਾਨਕ ਮੁੱਦਿਆਂ ਦੇ ਅਧਾਰ 'ਤੇ ਆਪਣਾ ਫੈਸਲਾ ਕੀਤਾ।

ਰਾਜਨੀਤਿਕ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਇਹ ਚੋਣ ਨਤੀਜੇ ਆਉਣ ਵਾਲੀਆਂ ਬ੍ਰਿਟਿਸ਼ ਸੰਸਦੀ ਚੋਣਾਂ ਲਈ ਵੱਡਾ ਸੰਕੇਤ ਹਨ। Reform UK ਦੀ ਤੇਜ਼ੀ ਨਾਲ ਵਧ ਰਹੀ ਲੋਕਪ੍ਰਿਯਤਾ ਨੇ Labour ਅਤੇ Conservative ਦੋਵਾਂ ਲਈ ਚਿੰਤਾ ਪੈਦਾ ਕਰ ਦਿੱਤੀ ਹੈ। ਨਾਲ ਹੀ ਇਹ ਵੀ ਸਾਫ਼ ਹੋ ਗਿਆ ਹੈ ਕਿ ਬ੍ਰਿਟੇਨ ਵਿੱਚ ਪੰਜਾਬੀ ਅਤੇ ਭਾਰਤੀ ਭਾਈਚਾਰਾ ਹੁਣ ਕੇਵਲ ਵੋਟ ਬੈਂਕ ਨਹੀਂ, ਸਗੋਂ ਇੱਕ ਪ੍ਰਭਾਵਸ਼ਾਲੀ ਰਾਜਨੀਤਿਕ ਤਾਕਤ ਵਜੋਂ ਉਭਰ ਰਿਹਾ ਹੈ।



### ਇੰਗਲੈਂਡ ਦੀਆਂ ਮੁੱਖ ਪਾਰਟੀਆਂ ਦੇ ਲੀਡਰ



Nigel Farage
ਪਾਰਟੀ: Reform UK
ਨੇਤਾ / Leader



Keir Starmer
ਪਾਰਟੀ: Labour Party
ਨੇਤਾ / Leader



Kemi Badenoch
ਪਾਰਟੀ: Conservative Party
ਨੇਤਾ / Leader



Ed Davey
ਪਾਰਟੀ: Liberal Democrats
ਨੇਤਾ / Leader



Carla Denyer
ਪਾਰਟੀ: Green Party
ਸਹਿ-ਨੇਤਾ / Co-leader

### ਪਾਰਟੀ ਵਾਰ ਨਤੀਜੇ (ਕੁੱਲ ਸੀਟਾਂ)

| ਪਾਰਟੀ ਦਾ ਨਾਮ | ਜਿੱਤੀਆਂ ਸੀਟਾਂ | ਸੀਟਾਂ ਵਿੱਚ ਬਦਲਾਅ* |
|---|---|---|
| Reform UK | 1,420 | +1,380 |
| Labour Party | 1,050 | -1,300 |
| Conservative Party | 650 | -900 |
| Liberal Democrats | 370 | +160 |
| Green Party | 160 | +80 |
| Others/Independent | 100 | +30 |

*2015 ਦੀਆਂ ਚੋਣਾਂ ਦੇ ਮੁਕਾਬਲੇ ਬਦਲਾਅ

### ਸਿੱਖ ਅਤੇ ਪੰਜਾਬੀ ਭਾਈਚਾਰੇ ਦੇ ਮੁੱਖ ਮੁੱਦੇ

- ਮਹਿੰਗਾਈ ਅਤੇ ਘਰਾਂ ਦੇ ਬਿੱਲ
- ਕਾਰੋਬਾਰ 'ਤੇ ਵੱਧਦਾ ਦਬਾਅ
- ਇਮੀਗ੍ਰੇਸ਼ਨ ਨੀਤੀਆਂ ਅਤੇ ਵੀਜ਼ੇ ਸੰਬੰਧੀ ਸਖ਼ਤੀ
- ਵਿਦਿਆਰਥੀ ਵੀਜ਼ੇ ਅਤੇ ਪਰਿਵਾਰਕ ਵੀਜ਼ੇ
- ਕਮਿਊਨਿਟੀ ਸੁਰੱਖਿਆ ਅਤੇ ਹੇਟ ਕ੍ਰਾਇਮ
- ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ
- ਟੈਕਸ ਅਤੇ ਲੋਕਲ ਸਰਵਿਸਿਜ਼
- ਭਾਰਤ-ਯੂਕੇ ਸੰਬੰਧ ਅਤੇ ਵਪਾਰ


ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਅੱਜ 10 ਮਈ ਨੂੰ ਮਾਂ ਦਿਵਸ 'ਤੇ ਵਿਸ਼ੇਸ਼

# ਮਾਂ ਦੀ ਸੇਵਾ ਸਭ ਤੋਂ ਉੱਤਮ ਸੇਵਾ




**ਮਾਂ ਦਿਵਸ** ਹਰ ਸਾਲ ਮਈ ਮਹੀਨੇ ਦੇ ਦੂਜੇ ਐਤਵਾਰ ਮਨਾਇਆ ਜਾਂਦਾ ਹੈ। ਇਸ ਵਾਰ 10 ਮਈ ਨੂੰ ਮਾਂ ਦਿਵਸ ਬਹੁਤ ਹੀ ਖਾਸ ਅਤੇ ਵਿਲੱਖਣ ਤਰੀਕਿਆਂ ਨਾਲ ਮਨਾਇਆ ਜਾਵੇਗਾ । ਆਪਣੀ ਜ਼ਿੰਦਗੀ ਵਿੱਚ ਅਸੀਂ ਮਾਂ ਨੂੰ ਮਾਂ ਅਤੇ ਮੰਮੀ ਕਹਿੰਦੇ ਹਾਂ। ਉਹ ਆਪਣੇ ਪਰਿਵਾਰ ਦਾ ਥੰਮ੍ਹ ਅਤੇ ਤਾਕਤ ਹੈ । ਉਹ ਆਪਣੇ ਸਾਰੇ ਬੱਚਿਆਂ ਦੀ ਦੇਖਭਾਲ ਅਤੇ ਸਾਂਭ ਸੰਭਾਲ ਕਰਦੀ ਹੈ । ਹਰੇਕ ਵਿਅਕਤੀ ਦੀ ਮਾਂ ਬਾਰੇ ਸੋਚ ਵੱਖੋ-ਵੱਖਰੀ ਹੈ । ਕਈ ਬੱਚੇ ਆਪਣੀ ਮਾਂ ਨੂੰ ਇਕੱਲਿਆਂ ਨਹੀਂ ਛੱਡ ਸਕਦੇ। ਉਹ ਮਾਂ ਬਿਨਾਂ ਨਹੀਂ ਰਹਿ ਸਕਦੇ । ਪਰ ਕਈ ਬੱਚੇ ਅਜਿਹੇ ਵੀ ਹਨ ਜਿਨ੍ਹਾਂ ਦੀ ਮਾਂ ਬਿਰਧ ਆਸ਼ਰਮ ਵਿੱਚ ਆਪਣੀ ਜ਼ਿੰਦਗੀ ਬਤੀਤ ਕਰ ਰਹੀ ਹੈ । ਉਹ ਆਪਣੀ ਮਾਂ ਦਾ ਕਦੇ ਹਾਲ-ਚਾਲ ਵੀ ਨਹੀਂ ਪੁੱਛਦੇ। ਕਈ ਮਾਵਾਂ ਦੋ ਡੰਗ ਦੀ ਰੋਟੀ ਲਈ ਸੜਕਾਂ ਤੇ ਰੁਲ ਰਹੀਆਂ ਹਨ । ਅੱਜ ਬੱਚਿਆਂ ਦੇ ਹੱਥੋਂ ਹੀ ਮਾਵਾਂ ਦੇ ਕਤਲ ਹੋ ਰਹੇ ਹਨ ।

ਮਾਂ ਦਿਵਸ ਤੇ ਬੱਚਿਆਂ ਨੂੰ ਆਪਣੀ ਮਾਂ ਨੂੰ ਤੋਹਫੇ, ਫੁੱਲ ਦੇਣ ਨਾਲ ਮਾਂ ਦੇ ਦਿਲ ਅੰਦਰੋਂ ਬੱਚਿਆਂ ਨੂੰ ਜੋ ਅਸੀਸਾਂ ਦਿੱਤੀਆਂ ਜਾਂਦੀਆਂ ਹਨ, ਉਹ ਕੋਈ ਹੋਰ ਨਹੀਂ ਦੇ ਸਕਦਾ । ਮਾਂ ਨੂੰ ਘਰ ਦੇ ਵਿਹੜੇ ਵਿੱਚ ਨਹੀਂ ਆਪਣੇ ਹਿਰਦੇ ਵਿੱਚ ਥਾਂ ਦਿਉ । ਜੇਕਰ ਅਸੀਂ ਅਜਿਹਾ ਕਰਾਂਗੇ ਤਾਂ ਸਾਡੇ ਘਰਾਂ ਵਿੱਚ ਰੌਣਕ ਵਧੇਗੀ ਅਤੇ ਬਿਰਧ ਆਸ਼ਰਮ ਘਟਣਗੇ ਅਤੇ ਬੱਚਿਆਂ ਨੂੰ ਸੰਸਕਾਰ ਮਿਲਣਗੇ । ਇਹ ਦਿਨ ਮਾਵਾਂ, ਭੈਣਾਂ ਦਾਦੀਆਂ, ਚਾਚੀਆਂ ਪ੍ਰਤੀ ਸਨਮਾਨ ਦਿਖਾਉਣ ਦਾ ਦਿਨ ਹੈ ।

ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ ਮਾਂ ਸੰਸਕ੍ਰਿਤ ਭਾਸ਼ਾ ਦਾ ਸ਼ਬਦ ਹੈ ਜਿਸ ਦੀ ਸੰਗਿਆ ਮਮਤਾ ਹੈ। ਮਾਂ ਦੇ ਦੁਆਰਾ ਹੀ ਸੰਤਾਨ ਦੀ ਉਤਪਤੀ ਹੁੰਦੀ ਹੈ। ਮਾਂ ਆਪ ਗਿੱਲੀ ਥਾਂ ਤੇ ਪੈ ਸਕਦੀ ਹੈ ਪਰ ਬੱਚਿਆਂ ਨੂੰ ਸੁੱਕੀ ਥਾਂ ਤੇ ਹੀ ਰੱਖਦੀ ਹੈ। ਮਾਂ ਆਪ ਭੁੱਖ ਬਰਦਾਸ਼ਤ ਕਰ ਸਕਦੀ ਹੈ ਪਰ ਬੱਚਿਆਂ ਨੂੰ ਭੁੱਖੇ ਦੇਖ ਨਹੀਂ ਸਕਦੀ। ਮਾਂ ਆਪ ਖਾਣ-ਪੀਣ ਤੋਂ ਪਹਿਲਾਂ ਬੱਚਿਆਂ ਨੂੰ ਖੁਆਉਂਦੀ ਹੈ।

ਇੱਕ ਵਾਰ ਕੋਈ ਰਾਜਾ ਜ਼ਿੱਦ ਕਰ ਰਿਹਾ ਸੀ ਕਿ ਮਾਂ ਮੈਂ ਤੇਰਾ ਕਰਜ਼ ਉਤਾਰਾਂਗਾ, ਜੋ ਤੁਸੀਂ ਕਹੋਗੇ, ਮੈਂ ਉਹੀ ਕਰਾਂਗਾ। ਮਾਂ ਨੇ ਕਿਹਾ, "ਬੇਟਾ ! ਤੂੰ ਨਹੀਂ ਉਤਾਰ ਸਕਦਾ। ਮਾਂ ਦੇ ਕਈ ਵਾਰ ਸਮਝਾਉਣ ਤੇ ਵੀ ਉਹ ਨਾ ਮੰਨਿਆ ਤੇ ਆਪਣੀ ਜ਼ਿੱਦ ਤੇ ਪੱਕਾ ਰਿਹਾ। ਅੰਤ ਵਿੱਚ ਮਾਂ ਨੇ ਕਿਹਾ, "ਬੇਟਾ ! ਤੂੰ ਆਪਣੇ ਪੇਟ ਤੇ ਕੁਝ ਭਾਰ ਬੰਨ੍ਹ ਕੇ ਨੌਂ ਘੰਟੇ ਖੜ੍ਹਾ ਹੀ ਰਹਿ।" ਬੇਟੇ ਨੇ ਕਿਹਾ, "ਮਾਂ ਤੂੰ ਮੈਨੂੰ ਨੌਂ ਘੰਟੇ ਖੜ੍ਹਾ ਰਹਿਣ ਲਈ ਕਿਹਾ ਹੈ, ਮੈਂ ਤਾਂ ਨੌਂ ਦਿਨ ਖੜ੍ਹਾ ਰਹਿ ਸਕਦਾ।" ਪਰ ਦੋ-ਤਿੰਨ ਘੰਟਿਆਂ ਬਾਅਦ ਹੀ ਉਹ ਥੱਕ ਗਿਆ। ਮਾਂ ਨੇ ਕਿਹਾ, "ਬਸ ਦੋ-ਤਿੰਨ ਘੰਟਿਆਂ ਵਿੱਚ ਹੀ ਥੱਕ ਗਿਆ ਏਂ। ਮੈਂ ਤੈਨੂੰ ਨੌਂ ਮਹੀਨੇ ਪੇਟ 'ਚ ਰੱਖਿਆ, ਦੱਸ ਤੂੰ ਮੇਰਾ ਕਰਜ਼ ਕਿਵੇਂ ਉਤਾਰ ਸਕਦਾ ਏਂ।"

ਰਾਜਾ ਫਿਰ ਵੀ ਨਾ ਮੰਨਿਆ ਤੇ ਉਸ ਨੇ ਮਾਂ ਨੂੰ ਕਿਹਾ, "ਮਾਂ ! ਮੈਨੂੰ ਇੱਕ ਮੌਕਾ ਹੋਰ ਦੇ।" ਮਾਂ ਦੇ ਫਿਰ ਸਮਝਾਉਣ ਤੇ ਉਹ ਨਾ ਮੰਨਿਆ, ਅੰਤ ਮਾਂ ਨੇ ਕਿਹਾ, ਬੇਟਾ ! ਮੈਂ ਸਮਾਂ ਆਉਣ 'ਤੇ ਤੈਨੂੰ ਦੱਸਾਂਗੀ।" ਜਦੋਂ ਪੋਹ-ਮਾਘ (ਦਸੰਬਰ-ਜਨਵਰੀ) ਦਾ ਮਹੀਨਾ ਆਇਆ ਤਾਂ ਮਾਂ ਨੇ ਕਿਹਾ, "ਬੇਟਾ ! ਜੇ ਮੇਰਾ ਕਰਜ਼ ਉਤਾਰਨਾ ਹੈ ਤਾਂ ਤੂੰ ਅੱਜ ਮੇਰਾ ਮੰਜਾ ਡਾਹ (ਵਿਛਾ) ਕੇ ਪੈਣਾ।" ਜਦ ਬੇਟਾ ਗੂੜ੍ਹੀ ਨੀਂਦ ਸੌਂ ਗਿਆ ਤਾਂ ਮਾਂ ਨੇ ਠੰਡੇ ਪਾਣੀ ਦਾ ਗਲਾਸ ਉਸ ਦੇ ਬਿਸਤਰੇ 'ਤੇ ਡੋਲ੍ਹ ਦਿੱਤਾ। ਬੇਟਾ ਅੱਬੜਵਾਹੇ ਇਕਦਮ ਉੱਠ ਕੇ ਖੜ੍ਹਾ ਹੋ ਗਿਆ, ਮਾਂ ਕਹਿਣ ਲੱਗੀ, "ਬੇਟਾ ! ਸੌਂ ਜਾਹ ਉੱਠ ਕਿਉਂ ਗਿਆ ?" ਮਾਂ, ਮੈਂ ਗਿੱਲੇ ਬਿਸਤਰੇ 'ਤੇ ਕਿਵੇਂ ਸੌਂ ਸਕਦਾ ਹਾਂ ? ਮੈਨੂੰ ਤਾਂ ਨੀਂਦ ਨਹੀਂ ਆਉਂਦੀ। ਮਾਂ ਨੇ ਕਿਹਾ, "ਬੇਟਾ ! ਤੂੰ ਉਹ ਦਿਨ ਭੁੱਲ ਗਿਆ ਜਦੋਂ ਤੂੰ ਬਿਸਤਰਾ ਗਿੱਲਾ ਕਰਦਾ ਸੀ ਤੇ ਮੈਂ ਤੈਨੂੰ ਸੁੱਕੀ ਥਾਂ ਤੇ ਪਾਉਂਦੀ ਸੀ ਅਤੇ ਆਪ ਗਿੱਲੀ ਥਾਂ 'ਤੇ ਪੈਂਦੀ ਸੀ।" ਰਾਜਾ ਮਾਂ ਦੇ ਚਰਨਾਂ 'ਤੇ ਡਿੱਗ ਪਿਆ ਅਤੇ ਕਹਿਣ ਲੱਗਿਆ ਸੱਚਮੁੱਚ ਕੋਈ ਵੀ ਵਿਅਕਤੀ ਮਾਂ ਦਾ ਕਰਜ਼ਾ ਸਾਰੀ ਉਮਰ ਨਹੀਂ ਉਤਾਰ ਸਕਦਾ।

ਹਰ ਮਾਂ ਦੀ ਇਹ ਇੱਛਾ ਹੁੰਦੀ ਹੈ ਕਿ ਉਸ ਦੇ ਬੱਚੇ ਪੜ੍ਹ ਲਿਖ ਕੇ ਵੱਡੇ ਅਫਸਰ ਭਾਵ ਉੱਚੇ ਅਹੁਦੇ ਤੇ ਪਹੁੰਚਣ। ਮਾਂ ਕਿੰਨੀਆਂ ਮੁਸ਼ਕਲਾਂ ਵਿੱਚ ਆਪਣੇ ਬੱਚਿਆਂ ਨੂੰ ਪਾਲਦੀ-ਪੋਸਦੀ ਹੈ, ਇਹ ਸਿਰਫ਼ ਮਾਂ ਹੀ ਜਾਣਦੀ ਹੈ। ਮਾਂ ਦਾ ਕਰਜ਼ ਬੱਚੇ ਸਾਰੀ ਉਮਰ ਨਹੀਂ ਉਤਾਰ ਸਕਦੇ। ਇਹ ਵੀ ਕਿਹਾ ਜਾਂਦਾ ਹੈ ਕਿ ਮਾਂ ਦਾ ਕਰਜ਼ ਸੱਤ ਜਨਮਾਂ ਤੱਕ ਉਤਾਰਿਆ ਨਹੀਂ ਜਾ ਸਕਦਾ। ਫਿਰ ਵੀ ਪਤਾ ਨਹੀਂ ਕਿਉਂ ਮਾਂ ਜਿਸ ਨੇ ਬੱਚਿਆਂ ਦਾ ਹਰ ਦਰਦ ਆਪਣੇ ਸਰੀਰ ਤੇ ਝੱਲਿਆ, ਨੂੰ ਅੱਜ ਦੋ ਰੋਟੀਆਂ ਬਦਲੇ ਬਿਰਧ ਆਸ਼ਰਮ ਵਿੱਚ ਛੱਡ ਦਿੱਤਾ ਜਾਂਦਾ ਹੈ। ਮਾਂ ਜਿਸ ਨੇ ਪੋਤੇ-ਪੋਤੀਆਂ ਨਾਲ ਘਰ 'ਚ ਹੱਸ-ਖੇਡ ਕੇ, ਬੱਚਿਆਂ ਨਾਲ ਲਾਡ-ਪਿਆਰ ਕਰਕੇ ਖ਼ੁਸ਼ੀ-ਖ਼ੁਸ਼ੀ ਜੀਵਨ ਬਤੀਤ ਕਰਨਾ ਹੁੰਦਾ ਹੈ, ਉਹ ਬਿਰਧ ਆਸ਼ਰਮ 'ਚ ਇਕੱਲੀ ਰਹਿੰਦੀ ਹੈ ਤੇ ਆਪਣਾ ਦੁੱਖ ਵੀ ਕਿਸੇ ਨਾਲ ਸਾਂਝਾ ਨਹੀਂ ਕਰ ਸਕਦੀ। ਬੇਸ਼ੱਕ ਬਿਰਧ ਆਸ਼ਰਮ ਵਿੱਚ ਉਸ ਨੂੰ ਪੇਟ ਭਰਨ ਲਈ ਰੋਟੀ, ਪਹਿਨਣ ਲਈ ਕੱਪੜਾ, ਰਹਿਣ ਲਈ ਕਮਰਾ ਤੇ ਹੋਰ ਸੁੱਖ ਸਹੂਲਤਾਂ ਮਿਲ ਜਾਂਦੀਆਂ ਹਨ, ਪਰ ਜੋ ਸੁੱਖ ਮਾਂ ਨੂੰ ਬੱਚਿਆਂ ਵੱਲੋਂ ਬੋਲੇ ਬੋਲ 'ਦਾਦੀ', 'ਵੱਡੇ ਮੰਮੀ' ਸੁਣ ਕੇ ਮਿਲਦਾ ਹੈ, ਉਹ ਬਿਰਧ ਆਸ਼ਰਮਾਂ 'ਚ ਨਹੀਂ ਮਿਲਦਾ। ਪਹਿਲਾਂ ਦਾਦੀ ਮਾਂ ਆਪਣੇ ਪੋਤੇ-ਪੋਤੀਆਂ ਨੂੰ ਲਾਡ-ਪਿਆਰ ਕਰਦੀ, ਕਹਾਣੀਆਂ ਸੁਣਾਉਂਦੀ ਹੁੰਦੀ ਸੀ, ਪਰ ਅੱਜ ਬਜ਼ੁਰਗ ਮਾਂ ਨੂੰ ਬਹੁਤੇ ਘਰਾਂ 'ਚ ਦੁਰਕਾਰ ਦਿੱਤਾ ਜਾਂਦਾ ਹੈ।

ਮਾਂ ਦੀ ਸੇਵਾ ਸਭ ਤੋਂ ਉੱਤਮ ਸੇਵਾ ਹੈ। ਜੇਕਰ ਬੱਚਿਆਂ ਨੇ ਬਜ਼ੁਰਗ ਮਾਂ-ਬਾਪ ਦੀ ਸੇਵਾ ਕਰ ਲਈ ਤਾਂ ਉਹਨਾਂ ਨੂੰ ਕਿਸੇ ਵੀ ਧਰਮ ਅਸਥਾਨ 'ਤੇ ਯੱਗ ਜਾਂ ਪੁੰਨ ਕਰਨ ਦੀ ਲੋੜ ਨਹੀਂ। ਜੇਕਰ ਮਾਂ-ਬਾਪ ਦੀ ਸੇਵਾ ਨਹੀਂ ਕੀਤੀ ਤਾਂ ਜਿੰਨੇ ਮਰਜ਼ੀ ਦਾਨ ਪੁੰਨ ਕਰ ਲਉ, ਭੰਡਾਰੇ ਲਾ ਲਉ, ਉਹ ਸੇਵਾ ਪ੍ਰਵਾਨ ਨਹੀਂ ਹੁੰਦੀ। ਹਾਂ, ਅੱਜ-ਕੱਲ੍ਹ ਦੇ ਬੱਚੇ ਪੁਰਾਣੇ ਜ਼ਮਾਨੇ ਦੇ ਖ਼ਿਆਲਾਂ ਵਾਲੇ ਨਹੀਂ। ਇਸ ਲਈ ਬਜ਼ੁਰਗ ਮਾਂ-ਬਾਪ ਨੂੰ ਵੀ ਬੱਚਿਆਂ (ਨੂੰਹਾਂ-ਪੁੱਤਰਾਂ) ਨਾਲ ਪ੍ਰੇਮ-ਪਿਆਰ ਨਾਲ ਬੋਲਣਾ ਚਾਹੀਦਾ ਹੈ। ਕਿਉਂਕਿ ਨਿੱਕੀ-ਨਿੱਕੀ ਗੱਲ ਤੋਂ ਹੀ ਘਰ ਵਿੱਚ ਦਰਾੜ ਪੈ ਜਾਂਦੀ ਹੈ। ਜੇਕਰ ਮਾਂ-ਬਾਪ ਆਪਣੇ ਬੱਚਿਆਂ ਨਾਲ ਪ੍ਰੇਮ-ਪਿਆਰ ਨਾਲ ਵਰਤਾਓ ਕਰਨ ਤਾਂ ਕਦੇ ਕਿਸੇ ਮਾਂ-ਬਾਪ ਨੂੰ ਆਪਣਾ ਘਰ ਤਿਆਗ ਕੇ ਬਿਰਧ ਆਸ਼ਰਮ ਦਾ ਸਹਾਰਾ ਨਹੀਂ ਲੈਣਾ ਪਵੇਗਾ।

ਪੰਜਾਬ ਦੇ ਪ੍ਰਸਿੱਧ ਗੀਤਕਾਰ ਪਾਲੀ ਦੇਤਵਾਲੀਆਂ ਨੇ ਮਾਂ ਦੇ ਬਾਰੇ ਇੱਕ ਗੀਤ ਵਿੱਚ ਇੰਜ ਜ਼ਿਕਰ ਕੀਤਾ ਹੈ।

ਮਾਂ ਹੁੰਦੀ ਏ ਮਾਂ, ਓ ਦੁਨੀਆਂ ਵਾਲਿਓ।
ਮਾਂ ਹੈ ਠੰਡੜੀ ਛਾਂ, ਓ ਦੁਨੀਆਂ ਵਾਲਿਓ।
ਮਾਂ ਬਿਨਾਂ ਨਾ ਕੋਈ ਲਾਡ ਲਡਾਉਂਦਾ।
ਰੋਂਦਿਆਂ ਨੂੰ ਨਾ ਚੁੱਪ ਕਰਾਉਂਦਾ।
ਕੋਈ ਨਾ ਫੜਦਾ ਬਾਂਹ ਓ ਦੁਨੀਆਂ ਵਾਲਿਓ।
ਮਾਂ ਦੀ ਪੂਜਾ ਰੱਬ ਦੀ ਪੂਜਾ।
ਮਾਂ ਤਾਂ ਰੱਬ ਦਾ ਰੂਪ ਹੈ ਦੂਜਾ।

ਮਾਂ ਦਾ ਜਿੰਨਾਂ ਵੀ ਸਤਿਕਾਰ ਤੇ ਸੇਵਾ ਕਰੀਏ ਉਹ ਥੋੜ੍ਹਾ ਹੈ। ਉਸ ਦਾ ਦੇਣਾ (ਕਰਜ਼) ਸਾਰੀ ਉਮਰ ਨਹੀਂ ਉਤਾਰ ਸਕਦੇ।

ਅੱਜ ਮਾਂ ਦਿਵਸ ਤੇ ਇਹ ਪ੍ਰਣ ਕਰੀਏ ਕਿ ਅਸੀਂ ਮਾਂ ਦੀ ਸੇਵਾ ਤੇ ਸਤਿਕਾਰ ਕਰਾਂਗੇ। ਮਾਂ ਆਪਣੇ ਬੱਚਿਆਂ ਪੋਤੇ-ਪੋਤੀਆਂ, ਦੋਹਤੇ-ਦੋਹਤੀਆਂ ਨਾਲ ਘਰ ਵਿੱਚ ਸੁੱਖਾਂ ਭਰਿਆ ਜੀਵਨ ਬਤੀਤ ਕਰੇ। ਇਹੀ ਅਸੀਂ ਸਾਰੇ ਚਾਹੁੰਦੇ ਹਾਂ।

**-ਕਰਨੈਲ ਸਿੰਘ ਐੱਮ.ਏ. ਲੁਧਿਆਣਾ**
**# 1138/63-ਏ, ਗੁਰੂ ਤੇਗ਼ ਬਹਾਦਰ ਨਗਰ,**
**ਗਲੀ ਨੰ:1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ**

ਆਵਾਜ਼ਿ ਕੌਮ AWAZE QAUM International Newspaper & WEB TV

### ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਬੰਗਲਾ ਸਾਹਿਬ ਵਿਖੇ

# ਸਸਤੀ ਐਂਡੋਸਕੋਪੀ ਤੇ ਮਿੰਨੀ ਓ ਟੀ ਸੇਵਾ ਸ਼ੁਰੂ: ਕਾਲਕਾ, ਕਾਹਲੋਂ

**ਨਵੀਂ ਦਿੱਲੀ, 9 ਮਈ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੈਡੀਕਲ ਖੇਤਰ ਵਿਚ ਪ੍ਰਦਾਨ ਕੀਤੀਆਂ ਜਾ ਰਹੀਆਂ ਸੇਵਾਵਾਂ ਵਿਚ ਉਦੋਂ ਇਕ ਵਿਸ਼ਾਲ ਵਿਸਥਾਰ ਹੋਇਆ ਜਦੋਂ ਕਮੇਟੀ ਵੱਲੋਂ ਗੁਰਦੁਆਰਾ ਬੰਗਲਾ ਸਾਹਿਬ ਕੰਪਲੈਕਸ ਵਿਚ ਚਲਾਏ ਜਾ ਰਹੇ ਗੁਰੂ ਹਰਿਕ੍ਰਿਸ਼ਨ ਪੋਲੀਕਲੀਨਿਕ ਵਿਚ ਐਂਡੋਸਕੋਪੀ ਮਸ਼ੀਨ ਦੇ ਟੈਸਟਾਂ ਦੀ ਸ਼ੁਰੂਆਤ ਕਰ ਦਿੱਤੀ ਗਈ ਅਤੇ ਇਸਦੇ ਨਾਲ ਹੀ ਮਿੰਨੀ ਆਪ੍ਰੇਸ਼ਨ ਥੀਏਟਰ ਵੀ ਸ਼ੁਰੂ ਕੀਤਾ ਗਿਆ ਜਿਸਦਾ ਅੱਜ ਅਰਦਾਸ ਤੋਂ ਬਾਅਦ ਉਦਘਾਟਨ ਕੀਤਾ ਗਿਆ। ਇਸ ਬਾਰੇ ਜਾਣਕਾਰੀ ਦਿੰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਇਹਨਾਂ ਟੈਸਟਾਂ ਦੀ ਸ਼ੁਰੂਆਤ ਵਾਸਤੇ ਸਾਡੇ ਗੁਰੂ ਹਰਿਕ੍ਰਿਸ਼ਨ ਪੋਲੀਕਲੀਨਿਕ ਦੇ ਚੇਅਰਮੈਨ ਸਰਦਾਰ ਭੁਪਿੰਦਰ ਸਿੰਘ ਭੁੱਲਰ ਤੇ ਉਹਨਾਂ ਦੀ ਟੀਮ ਨੇ ਬਹੁਤ ਮਿਹਨਤ ਕੀਤੀ ਹੈ। ਉਹਨਾਂ ਦੱਸਿਆ ਕਿ ਕਮੇਟੀ ਨੂੰ ਇਸ ਮਾਮਲੇ ਵਿਚ ਸਰਦਾਰ ਹਰਜੀਤ ਸਿੰਘ ਗੁਗਲਾਨੀ, ਉਹਨਾਂ ਦੇ ਧਰਮ ਪਤਨੀ ਸਰਦਾਰਨੀ ਭੁਪਿੰਦਰ ਕੌਰ ਗੁਗਲਾਨੀ ਤੇ ਰਮਨਜੀਤ ਕੌਰ ਸਮੇਤ ਸਮੁੱਚੇ ਗੁਗਲਾਨੀ ਪਰਿਵਾਰ ਦਾ ਬਹੁਤ ਵੱਡਮੁੱਲਾ ਸਹਿਯੋਗ ਮਿਲਿਆ ਹੈ ਜਿਸ ਸਦਕਾ ਇਹ ਸੇਵਾਵਾਂ ਸ਼ੁਰੂ ਹੋ ਸਕੀਆਂ ਹਨ। ਉਹਨਾਂ ਦੱਸਿਆ ਕਿ ਮਾਰਕੀਟ ਵਿਚ ਜਿਹੜਾ ਟੈਸਟ 10 ਹਜ਼ਾਰ ਰੁਪਏ ਤੇ ਹਸਪਤਾਲਾਂ ਵਿਚ 20 ਹਜ਼ਾਰ ਰੁਪਏ ਵਿਚ ਹੁੰਦਾ ਹੈ, ਉਹ ਇਥੇ ਸਿਰਫ ਇਕ ਹਜ਼ਾਰ ਰੁਪਏ ਵਿਚ ਕਰਵਾਇਆ ਜਾ ਸਕੇਗਾ। ਉਹਨਾਂ ਦੱਸਿਆ ਕਿ ਇਸ ਤੋਂ ਪਹਿਲਾਂ ਅਸੀਂ ਸਿਰਫ 50 ਰੁਪਏ ਵਿਚ ਸੀਟੀ ਸਕੈਨ, ਐਮ ਆਰ ਆਈ ਆਦਿ ਟੈਸਟ ਕਰਦੇ ਹਾਂ ਤੇ ਹੁਣ ਟੈਸਟਾਂ ਦੇ ਅਗਲੇ ਪੜਾਅ ਵਿਚ ਇਹ ਨਵੀਂ ਸ਼ੁਰੂਆਤ ਹੋਈ ਹੈ। ਇਸ ਤੋਂ ਪਹਿਲਾਂ ਪੈਟ ਸਕੈਨ ਟੈਸਟ ਸ਼ੁਰੂ ਹੋਏ ਸਨ। ਉਹਨਾਂ ਕਿਹਾ ਕਿ ਇਹ ਐਂਡੋਸਕੋਪੀ ਮਸ਼ੀਨ ਲੱਗਣ ਨਾਲ ਗੈਸਟਰੋਸਕੋਪੀ ਤੇ ਕਲੋਸਕੋਪੀ ਆਦਿ ਟੈਸਟ ਵੀ ਹੋ ਸਕਣਗੇ। ਉਹਨਾਂ ਦੱਸਿਆ ਕਿ ਅਸੀਂ ਇਕ ਮਿੰਨੀ ਅਪਰੇਸ਼ਨ ਥੀਏਟਰ ਚਾਲੂ ਕੀਤਾ ਹੈ ਜਿਸ ਵਿਚ 25 ਤੋਂ 26 ਕਿਸਮ ਦੇ ਅਪਰੇਸ਼ਨ ਹੋਣਗੇ। ਉਹਨਾਂ ਕਿਹਾ ਕਿ ਸੰਗਤ ਵਿਚ ਵਿਸ਼ਵਾਸ ਹੈ ਕਿ ਇਥੇ ਲਗਾਇਆ ਦਸਵੰਧ ਸਹੀ ਤਰੀਕੇ ਵਰਤੋਂ ਵਿਚ ਆ ਰਿਹਾ ਹੈ। ਉਹਨਾਂ ਕਿਹਾ ਕਿ ਅਸੀਂ ਸਮੁੱਚੇ ਕਾਰਜਾਂ ਵਾਸਤੇ ਬਾਬਾ ਬਚਨ ਸਿੰਘ ਦੀ ਸੰਪਰਆ ਅਤੇ ਬਾਬਾ ਸਤਨਾਮ ਸਿੰਘ ਜੀ ਦੇ ਕੋਟਿ ਕੋਟਿ ਧੰਨਵਾਦੀ ਹਾਂ। ਇਸ ਮੌਕੇ ਪੋਲੀਕਲੀਨਿਕ ਦੇ ਚੇਅਰਮੈਨ ਭੁਪਿੰਦਰ ਸਿੰਘ ਭੁੱਲਰ, ਜਸਵਿੰਦਰ ਸਿੰਘ ਜੌਲੀ ਜਿਹੜੇ ਗੁਗਲਾਨੀ ਸਾਹਿਬ ਨਾਲ ਜੁੜੇ ਹਨ, ਨੇ ਦੱਸਿਆ ਕਿ ਬਰੋਨੋਸਕੋਪੀ ਦੇ ਟੈਸਟ ਵੀ ਇਥੇ ਹੋ ਸਕਣਗੇ। ਉਹਨਾਂ ਕਿਹਾ ਕਿ ਅਲਟਰਾ ਸਾਊਂਡ ਦੇ ਨਾਲ-ਨਾਲ ਕਲਰ ਡੋਪਲਰ ਟੈਸਟ ਤੇ ਈਕੋ ਟੈਸਟ ਵੀ ਸ਼ੁਰੂ ਕੀਤੇ ਗਏ ਹਨ। ਉਹਨਾਂ ਕਿਹਾ ਕਿ ਇਸਦੇ ਨਾਲ ਹੀ ਅੱਖਾਂ ਦੇ ਅਪਰੇਸ਼ਨ ਵੀ ਨਾਮ ਮਾਤਰ ਰੇਟ 'ਤੇ ਹੋਣਗੇ ਜਿਸਦਾ ਲਾਭ ਸੰਗਤਾਂ ਨੂੰ ਮਿਲੇਗਾ। ਉਹਨਾਂ ਕਿਹਾ ਕਿ ਅਸੀਂ ਸੰਗਤਾਂ ਨੂੰ ਮੈਡੀਕਲ ਖੇਤਰ ਵਿਚ ਵੱਧ ਤੋਂ ਵੱਧ ਸਹੂਲਤਾਂ ਦੇਣ ਵਾਸਤੇ ਵਚਨਬੱਧ ਹਾਂ ਤੇ ਇਸ ਮਾਮਲੇ ਵਿਚ ਹੋਰ ਮਿਹਨਤ ਕਰਦੇ ਰਹਾਂਗੇ। ਇਸ ਮੌਕੇ ਜਸਵਿੰਦਰ ਸਿੰਘ ਜੌਲੀ, ਡਾਕਟਰ ਸੱਗੂ ਅਤੇ ਡਾਕਟਰ ਲੰਬਾ ਵੀ ਮੌਜੂਦ ਰਹੇ।



ਆਵਾਜ਼ਿ ਕੌਮ AWAZE QAUM International Newspaper & WEB TV

## ਕਾਂਗਰਸ ਪਾਰਟੀ ਦੀਆਂ ਲਗਾਤਾਰ ਡਿੱਗ ਰਹੀਆਂ ਵਿਕਟਾਂ ਸਾਬਕਾ ਕੌਂਸਲਰ/ਸ਼ਹਿਰੀ ਪ੍ਰਧਾਨ, ਮੌਜੂਦਾ ਜਨਰਲ ਸਕੱਤਰ ਅੰਮ੍ਰਿਤਸਰ ਦਿਹਾਤੀ ਸ. ਭੁਪਿੰਦਰ ਸਿੰਘ (ਹੈਪੀ) ਆਮ ਆਦਮੀ ਪਾਰਟੀ ਚ ਸ਼ਾਮਿਲ



**ਜੰਡਿਆਲਾ ਗੁਰੂ 9 ਮਈ ( ਕੁਲਵੰਤ ਸਿੰਘ ਵਿਰਦੀ )** :- ਨਗਰ ਕੌਂਸਲ ਚੋਣਾਂ ਨੂੰ ਲੈਕੇ ਜੰਡਿਆਲਾ ਸ਼ਹਿਰ ਵਿਚ ਲਗਾਤਾਰ ਰਾਜਨੀਤੀ ਬਦਲਦੀ ਨਜਰ ਆ ਰਹੀ ਹੈ ਅਤੇ ਕਾਂਗਰਸ ਪਾਰਟੀ ਦੀਆਂ ਲਗਾਤਾਰ ਵਿਕਟਾਂ ਡਿੱਗ ਰਹੀਆਂ ਹਨ ਅਤੇ ਕਾਂਗਰਸ ਪਾਰਟੀ ਨੂੰ ਲਗਾਤਾਰ ਅਲਵਿਦਾ ਕਹਿਣ ਵਾਲਿਆਂ ਵਿਚ ਅੱਜ ਇਕ ਹੋਰ ਵਾਧਾ ਹੋ ਗਿਆ ਹੈ । ਅੱਜ ਜੰਡਿਆਲਾ ਗੁਰੂ ਸ਼ਹਿਰੀ ਕਾਂਗਰਸ ਨੂੰ ਉਸ ਸਮੇਂ ਵੱਡਾ ਝਟਕਾ ਲੱਗਿਆ ਜਦੋਂ ਕਾਂਗਰਸ ਦੇ ਸਾਬਕਾ ਕੌਂਸਲਰ/ਸ਼ਹਿਰੀ ਪ੍ਰਧਾਨ, ਮੌਜੂਦਾ ਜਨਰਲ ਸਕੱਤਰ ਅੰਮ੍ਰਿਤਸਰ ਦਿਹਾਤੀ ਕਾਂਗਰਸ ਸ. ਭੁਪਿੰਦਰ ਸਿੰਘ (ਹੈਪੀ) ਅਤੇ ਉਹਨਾਂ ਦੇ ਸਾਥੀਆਂ ਵੱਲੋਂ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਏ । ਇਸ ਮੌਕੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਲਗਾਤਾਰ ਵੱਖ ਵੱਖ ਪਾਰਟੀਆਂ ਦੇ ਆਗੂਆਂ ਵਲੋਂ ਆਮ ਆਦਮੀ ਪਾਰਟੀ ਚ ਸ਼ਾਮਿਲ ਹੋਣਾ ਲੋਕਾਂ ਦੇ ਬਦਲਦੇ ਵਿਸ਼ਵਾਸ ਦੀ ਨਿਸ਼ਾਨੀ ਹੈ ਸਾਰੇ ਨਵੇਂ ਸ਼ਾਮਿਲ ਹੋਏ ਸਾਥੀਆਂ ਦਾ ਦਿਲੋਂ ਸਵਾਗਤ ਕਰਦੇ ਹੋਏ ਬਹੁਤ ਬਹੁਤ ਵਧਾਈ ਦਿੰਦੇ ਹੋਏ ਓਹਨਾਂ ਨੇ ਕਿਹਾ ਕਿ ਅਸੀਂ ਯਕੀਨ ਦਵਾਉਂਦੇ ਹਾਂ ਕਿ ਪੰਜਾਬ ਦੀ ਤਰੱਕੀ, ਪਾਰਦਰਸ਼ੀ ਰਾਜਨੀਤੀ ਅਤੇ ਲੋਕ ਸੇਵਾ ਦੇ ਇਸ ਮਿਸ਼ਨ ਵਿੱਚ ਉਹਨਾਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਚੇਅਰਮੈਨ ਅਮਰੀਕ ਸਿੰਘ ਸੋਢੀ, ਐਡਵੋਕੇਟ ਅਮਨਦੀਪ ਸਿੰਘ ਮਲਹੋਤਰਾ, ਮਨਜਿੰਦਰ ਸਿੰਘ ਭੀਰੀ ਆਦਿ ਸ਼ਾਮਿਲ ਸਨ

ਆਵਾਜ਼ਿ ਕੌਮ AWAZE QAUM International Newspaper & WEB TV

## ਨਸ਼ਿਆਂ ਵਿਰੁੱਧ ਮੁਹਿੰਮ ਤਹਿਤ 36 ਮੁਲਜ਼ਮ ਗ੍ਰਿਫਤਾਰ

ਸੰਗਰੂਰ ( ਰਣਜੀਤ ਸਿੰਘ ਪੇਧਨੀ )-ਡਾ. ਰਵਜੋਤ ਗਰੇਵਾਲ, ਐਸ.ਐਸ.ਪੀ. ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਅਤੇ "ਪਿੰਡਾਂ ਦੇ ਪਹਿਰੇਦਾਰ" ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 01.05.2026 ਤੋਂ 08.05.2026 ਤਕ ਡਰੱਗ ਦੇ 17 ਮੁਕੱਦਮੇਂ ਦਰਜ ਕਰ ਕੇ 24 ਮੁਲਜ਼ਮਾਂ ਨੂੰ ਕਾਬੂ ਕਰ ਕੇ 157 ਗ੍ਰਾਮ ਹੈਰੋਇਨ, 15 ਨਸ਼ੀਲੇ ਟੀਕੇ ਅਤੇ 85 ਨਸ਼ੀਲੀਆਂ ਗੋਲੀਆਂ ਬ੍ਰਾਮਦ ਕਰਵਾਈਆਂ ਗਈਆਂ। ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 11 ਮੁਕੱਦਮੇਂ ਦਰਜ ਕਰਕੇ 12 ਮੁਲਜ਼ਮਾਂ ਨੂੰ ਕਾਬੂ ਕਰਕੇ 98.250 ਲੀਟਰ ਸ਼ਰਾਬ ਠੇਕਾ ਦੇਸੀ, 11.250 ਲੀਟਰ ਸ਼ਰਾਬ ਨਜਾਇਜ਼, 18 ਲੀਟਰ ਸ਼ਰਾਬ ਅੰਗਰੇਜ਼ੀ ਅਤੇ 450 ਲੀਟਰ ਲਾਹਣ ਬ੍ਰਾਮਦ ਕਰਵਾਈ ਗਈ। ਇਸ ਤੋਂ ਇਲਾਵਾ ਜੂਆ ਐਕਟ ਤਹਿਤ 01 ਮੁਕੱਦਮਾ ਦਰਜ ਕਰਕੇ 01 ਮੁਲਜ਼ਮ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 830/- ਰੁਪਏ ਬ੍ਰਾਮਦ ਕਰਾਏ ਗਏ। ਇਸ ਅਰਸੇ ਦੌਰਾਨ 02 ਪੀ.ਓਜ਼ (ਭਗੌੜੇ) ਨੂੰ ਗ੍ਰਿਫਤਾਰ ਕੀਤਾ ਗਿਆ। ਥਾਣਾ ਸਿਟੀ ਧੂਰੀ ਦੇ ਏਰੀਆ ਵਿੱਚ ਚੋਰੀ ਦਾ 01 ਮੁਕੱਦਮਾ ਟਰੇਸ ਕਰ ਕੇ 01 ਮੁਲਜ਼ਮ ਗ੍ਰਿਫਤਾਰ ਕਰਕੇ ਉਸ ਪਾਸੋਂ ਕਰੀਬ 16 ਤੋਲੇ ਸੋਨਾ ਬ੍ਰਾਮਦ ਕਰਵਾਇਆ ਗਿਆ। ਥਾਣਾ ਭਵਾਨੀਗੜ੍ਹ ਅਤੇ ਲਹਿਰਾ ਦੇ ਏਰੀਏ ਵਿੱਚ ਚੋਰੀਆਂ/ਲੁੱਟਾਂ-ਖੋਹਾਂ ਕਰਨ ਵਾਲੇ 03 ਮੁਲਜ਼ਮਾਂ ਨੂੰ ਗ੍ਰਿਫਤਾਰ ਕਰਕੇ ਉਨ੍ਹਾ ਪਾਸੋਂ 02 ਮੋਟਰਸਾਈਕਲ ਅਤੇ 1000/- ਰੁਪਏ ਬ੍ਰਾਮਦ ਕਰਵਾਏ ਗਏ। ਥਾਣਾ ਸਿਟੀ ਸੰਗਰੂਰ ਦੇ ਏਰੀਆ ਵਿੱਚ ਲੜਕੇ ਦਾ ਕਤਲ ਕਰਨ ਵਾਲੇ 06 ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ। ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾਂ/ਸੰਪਰਕ ਮੀਟਿੰਗਾਂ ਕਰਕੇ ਆਮ ਪਬਲਿਕ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਅਰਸੇ ਦੌਰਾਨ ਵੱਖ-ਵੱਖ ਗਜ਼ਿਟਡ ਅਫਸਰਾਂ/ਮੁੱਖ ਅਫਸਰਾਂ ਵੱਲੋਂ 23 ਪਿੰਡਾਂ/ਸ਼ਹਿਰਾਂ ਵਿੱਚ ਆਮ ਪਬਲਿਕ ਨਾਲ ਮੀਟਿੰਗਾਂ ਕਰ ਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਆਮ ਪਬਲਿਕ ਨੂੰ ਨਸ਼ੇ ਦਾ ਧੰਦਾਂ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹਾਂ ਦੇਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖਿਲਾਫ ਜੰਗ ਜਾਰੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

## ਦਮਦਮੀ ਟਕਸਾਲ ਵੱਲੋਂ ਸ਼ਹੀਦੀ ਸਮਾਗਮ ਦੀ ਲੜੀ ਤਹਿਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਿੱਖੇ ਸਮਾਗਮ ਅੱਜ : ਸੰਤ ਬਾਬਾ ਸੱਜਣ ਸਿੰਘ ਜੀ

**ਚੌਕ ਮਹਿਤਾ, 8 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ( ਮੱਤੇਵਾਲ) ਮੌਜੂਦਾ ਮੁੱਖੀ ਸੰਤ ਬਾਬਾ ਸੱਜਣ ਸਿੰਘ ਜੀ ਅਗਵਾਈ ਹੇਠ ਵਿੱਖੇ ਦਮਦਮੀ ਟਕਸਾਲ ਵੱਲੋਂ ,ਦਮਦਮੀ ਟਕਸਾਲ ਦੇ 14 ਵੇ ਮੁੱਖੀ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲ਼ੇ, ਭਾਈ ਅਮਰੀਕ ਸਿੰਘ, ਬਾਬਾ ਠਾਹਰਾ ਸਿੰਘ ਅਤੇ ਸਮੂਹ ਸਿੰਘ ਸਿੰਘਣੀਆਂ ਅਤੇ ਭੁਝੰਗੀਆਂ ਦੀ ਯਾਦ ਵਿੱਚ ਸ਼ਹੀਦੀ ਸਮਾਗਮਾਂ ਦੀ ਲੜੀ ਤਹਿਤ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ 10 ਮਈ 2026 ਦਿਨ ਐਤਵਾਰ ਸਾਮ 6, ਤੋਂ ,8 ਵਜੇ ਸਮਾਗਮ ਹੋਣਗੇ। ਜਿਸ ਵਿਚ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਸਿੰਘ ਸੰਗਤਾਂ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਕੀਰਤਨ ਸ੍ਰਵਨ ਕਰਉਣਗੇ ਉਪਰੰਤ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲ਼ੇ ਸੰਗਤਾਂ ਨੂੰ ਪਵਿੱਤਰ ਪਾਵਨ ਗੁਰਬਾਣੀ ਦੀ ਕਥਾ ਸ੍ਰਵਨ ਕਰਉਣਗੇ । ਇਸ ਮੌਕੇ ਤੇ ਸੰਤ ਬਾਬਾ ਸੱਜਣ ਸਿੰਘ ਜੀ ਵੱਲੋਂ ਸਮੂਹ ਦੇਸ਼ਾਂ ਵਿਦੇਸ਼ਾਂ ਅਤੇ ਇਲਾਕੇ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਹਾਜ਼ਰੀਆਂ ਭਰਕੇ ਸ਼ਹੀਦਾਂ ਸਿੰਘਾਂ ਦੇ ਚਰਨਾਂ ਵਿੱਚ ਹਾਜ਼ਰੀਆਂ ਲਾਉਣ ਅਤੇ ਸ਼ਹੀਦਾਂ ਸਿੰਘਾਂ ਦੀਆਂ ਖੁਸ਼ੀਆਂ ਪ੍ਰਾਪਤ ਕਰਨ।



ਆਵਾਜ਼ਿ ਕੌਮ AWAZE QAUM International Newspaper & WEB TV

### ਵਾਰਿਸ ਪੰਜਾਬ ਦੀ ਸਰਕਾਰ ਬਣਨ 'ਤੇ

# ਸਾਰੇ ਬੰਦੀ ਸਿੰਘ ਰਿਹਾਅ ਕੀਤੇ ਜਾਣਗੇ-ਮਨਦੀਪ ਸਿੰਘ ਸਿੱਧੂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਵਿਧਾਨ ਸਭਾ ਹਲਕਾ ਧੂਰੀ ਦੇ ਪਿੰਡ ਕਾਤਰੋਂ ਵਿਖੇ ਅਕਾਲੀ ਦਲ ਵਾਰਿਸ਼ ਪੰਜਾਬ ਦੀ ਮੀਟਿੰਗ ਜਿਲ੍ਹਾ ਪ੍ਰਧਾਨ ਅਵਤਾਰ ਸਿੰਘ ਕਾਨਗੜ੍ਹ ਦੀ ਅਗਵਾਈ ਹੇਠ ਹੋਈ। ਜਿਸ ਵਿੱਚ ਵਾਰਿਸ਼ ਪੰਜਾਬ ਜਥੇਬੰਦੀ ਦੇ ਜਰਨਲ ਸਕੱਤਰ ਸ, ਮਨਦੀਪ ਸਿੰਘ ਸਿੱਧੂ ਭਰਾ ਕੌਮੀ ਸ਼ਹੀਦ ਭਾਈ ਦੀਪ ਸਿੰਘ ਸਿੱਧੂ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਭਾਈ ਮਨਦੀਪ ਸਿੰਘ ਸਿੱਧੂ ਨੇ ਕਿਹਾ ਹੈ ਕਿ ਪੰਜਾਬ ਦੇ ਲੋਕਾਂ ਨੇ ਸਾਰੀਆਂ ਪਾਰਟੀਆਂ ਦਾ ਰਾਜ ਦੇਖ ਲਿਆ ਹੈ, ਹੁਣ 2027 ਦੇ ਵਿੱਚ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੀ ਸਰਕਾਰ ਲਿਆ ਕੇ ਵੱਖ-ਵੱਖ ਜੇਲਾਂ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਲਈ ਰਾਹ ਪੱਧਰਾ ਕੀਤਾ ਜਾ ਸਕੇ, ਸਰਕਾਰ ਆਉਣ ਤੇ ਸਾਰੇ ਬੰਦੀ ਸਿੰਘ ਰਿਹਾਅ ਕੀਤੇ ਜਾਣਗੇਮ। ਇਸ ਮੌਕੇ ਗੁਰਸੇਵਕ ਸਿੰਘ ਸੇਬੀ ਕਾਂਝਲਾ, ਹਰਮਨਜੀਤ ਸਿੰਘ ਡਿੱਕੀ, ਕੁਲਵਿੰਦਰ ਸਿੰਘ ਕਾਂਝਲਾ, ਸੁਖਦੇਵ ਸਿੰਘ ਬਮਾਲ, ਸਰਬਜੀਤ ਸਿੰਘ ਅਲਾਲ,ਮਨਜੀਤ ਸਿੰਘ ਕਲਕੱਤਾ, ਜਥੇਦਾਰ ਬਾਬਾ ਵੀਰ ਸਿੰਘ, ਪ੍ਰੋਫੈਸਰ ਰਣਜੀਤ ਸਿੰਘ,ਸੁਖਦੇਵ ਸਿੰਘ ਚਾਗਲੀ, ਗੁਰਪ੍ਰੀਤ ਸਿੰਘ ਕਾਲਾਬੂਲਾ, ਕਰਮਵੀਰ ਕੌਰ ਰੁੜਕਾ, ਜੁਗਰਾਜ ਸਿੰਘ, ਜਰਨੈਲ ਸਿੰਘ ਜਗਵਿੰਦਰ ਸਿੰਘ ਫੌਜੀ, ਸਪਿੰਦਰ ਸਿੰਘ ਬਾਗੜੀ, ਗੁਰਦੀਪ ਸਿੰਘ, ਜੋਰਾ ਸਿੰਘ, ਦਰਸ਼ਨ ਸਿੰਘ, ਬਾਬਾ ਵੀਰ ਸਿੰਘ, ਗੁਰਪ੍ਰੀਤ ਸਿੰਘ ਬੜੀ, ਗੁਰਦੇਵ ਸਿੰਘ ਕਾਤਰੋਂ, ਹਰਪਾਲ ਸਿੰਘ ਬਾਲੀਆਂ, ਜਸਵੰਤ ਸਿੰਘ, ਸੁਖਦੇਵ ਸਿੰਘ ਕਮਾਲਪੁਰ, ਜਗਮੀਤ ਸਿੰਘ ਬਮਾਲ, ਕੁਲਦੀਪ ਸਿੰਘ ਛਾਜਲੀ, ਪ੍ਰਿਪਾਲ ਸਿੰਘ ਕਾਲਾਬੂਲਾ, ਪਰਮਿੰਦਰ ਸਿੰਘ ਘਨੌਰ, ਲਾਡਵਿੰਦਰ ਸੰਧੂ, ਅਨੁਭਵ ਸਿੰਗਲਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਕਾਂਗਰਸ ਪਾਰਟੀ ਨੂੰ ਵੱਡਾ ਝਟਕਾ

# ਜਿਲ੍ਹਾ ਦਿਹਾਤੀ ਅੰਮ੍ਰਿਤਸਰ ਦੇ ਇੰਟਕ ਪ੍ਰਧਾਨ ਗੁਲਜ਼ਾਰ ਸਿੰਘ ਖਾਸਾ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਹੋਏ ਸ਼ਾਮਿਲ



**ਅੰਮ੍ਰਿਤਸਰ 9 ਮਈ (ਆਵਾਜ਼ਿ ਕੌਮ ਬਿਊਰੋ)**-ਅੱਜ ਨਿਊ ਅੰਮ੍ਰਿਤਸਰ ਪ੍ਰੈਸ ਕਲੱਬ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਇੱਕ ਅਹਿਮ ਪ੍ਰੈਸ ਕਾਨਫਰੰਸ ਕੀਤੀ ਗਈ, ਜਿਸ ਦੌਰਾਨ ਕਾਂਗਰਸ ਪਾਰਟੀ ਨੂੰ ਉਸ ਵੇਲੇ ਵੱਡਾ ਸਿਆਸੀ ਝਟਕਾ ਲੱਗਾ ਜਦੋਂ ਜਿਲ੍ਹਾ ਦਿਹਾਤੀ ਅੰਮ੍ਰਿਤਸਰ ਦੇ ਮੌਜੂਦਾ ਇੰਟਕ ਪ੍ਰਧਾਨ ਸ੍ਰ ਗੁਲਜਾਰ ਸਿੰਘ ਖਾਸਾ ਆਪਣੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋ ਗਏ। ਇਹ ਸ਼ਮੂਲੀਅਤ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਸਤਿਕਾਰਯੋਗ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਵਿੱਚ ਹੋਈ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਪੰਜਾਬ ਦੀ ਜਵਾਨੀ, ਕਿਸਾਨੀ ਅੱਜ ਰਵਾਇਤੀ ਪਾਰਟੀਆਂ ਤੋਂ ਤੰਗ ਆ ਚੁੱਕੀ ਹੈ ਅਤੇ ਇਸ ਕਰਕੇ ਲੋਕ ਹੁਣ ਅਸਲ ਪੰਥਕ ਤੇ ਪੰਜਾਬ-ਪੱਖੀ ਆਪਣੀ ਖੇਤਰੀ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸਿਰਫ਼ ਇੱਕ ਸਿਆਸੀ ਪਾਰਟੀ ਨਹੀਂ, ਸਗੋਂ ਪੰਜਾਬ ਦੇ ਹੱਕਾਂ, ਸਿੱਖ ਕੌਮ ਦੀ ਚੜ੍ਹਦੀ ਕਲਾ ਅਤੇ ਨੌਜਵਾਨਾਂ ਦੇ ਭਵਿੱਖ ਦੀ ਲੜਾਈ ਲੜ ਰਹੀ ਇੱਕ ਸੋਚ ਹੈ। ਇਸੇ ਕਰਕੇ ਹਰ ਵਰਗ ਦੇ ਲੋਕ ਤੇ ਵੱਖ-ਵੱਖ ਪਾਰਟੀਆਂ ਦੇ ਆਗੂ ਵੱਡੀ ਗਿਣਤੀ ਵਿੱਚ ਪਾਰਟੀ ਨਾਲ ਜੁੜ ਰਹੇ ਹਨ। ਇਸ ਮੌਕੇ ਸ੍ਰ ਗੁਲਜਾਰ ਸਿੰਘ ਖਾਸਾ ਨੇ ਕਿਹਾ ਕਿ ਉਹ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੀ ਨਿਡਰ ਅਤੇ ਪੰਜਾਬ-ਪੱਖੀ ਸੋਚ ਤੋਂ ਪ੍ਰਭਾਵਿਤ ਹੋ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਜੁੜੇ ਹਨ ਅਤੇ ਹੁਣ ਪੂਰੀ ਇਮਾਨਦਾਰੀ ਨਾਲ ਪਾਰਟੀ ਦੀ ਮਜ਼ਬੂਤੀ ਅਤੇ ਪੰਜਾਬ ਦੇ ਭਲੇ ਲਈ ਕੰਮ ਕਰਨਗੇ। ਇਸ ਪ੍ਰੈਸ ਕਾਨਫਰੰਸ ਦੌਰਾਨ ਮੌਜੂਦ ਰਹੇ ਮੁੱਖ ਆਗੂਆਂ ਵਿੱਚ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਪਰਮਜੀਤ ਸਿੰਘ ਜੌਹਲ, ਐਡਵੋਕੇਟ ਕਰਮਵੀਰ ਸਿੰਘ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਜੁਗਰਾਜ ਸਿੰਘ ਮਹਿਤਾ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਹਰਕਮਲਪ੍ਰੀਤ ਸਿੰਘ, ਭਾਈ ਰਘਬੀਰ ਸਿੰਘ, ਬਾਬਾ ਬਿਬੇਕ ਸਿੰਘ ਜੀ, ਭਾਈ ਜੁਗਰਾਜ ਸਿੰਘ ਨਰਾਇਣਗੜ੍ਹ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਕੁਲਵਿੰਦਰ ਸਿੰਘ ਵਡਾਲੀ, ਜਸਕਰਨ ਸਿੰਘ ਲੋਪੋਕੇ, ਜੁਗਰਾਜ ਸਿੰਘ ਭੰਗਵਾਂ, ਗੁਰਵਿੰਦਰ ਸਿੰਘ ਲੋਪੋਕੇ, ਭਾਈ ਹਰਪ੍ਰੀਤ ਸਿੰਘ ਸਿੰਘ, ਭਾਈ ਬਲਵੰਤ ਸਿੰਘ ਡੇਹਰੀਵਾਲ ਹਾਜਰ ਸਨ ਅਤੇ ਸ਼ਾਮਿਲ ਹੋਏ ਸ੍ਰ ਗੁਲਜਾਰ ਸਿੰਘ ਦੇ ਨਾਲ ਸ਼ਾਮਿਲ ਹੋਏ ਸੁਤਨਾਮ ਸਿੰਘ ਖੁਰਮਣੀਆਂ, ਗਿਆਨੀ ਅਰਜਨ ਸਿੰਘ ਖਾਸਾ, ਪਰਮਜੀਤ ਸਿੰਘ ਖਾਸਾ, ਮੁਖਤਿਆਰ ਸਿੰਘ ਚੱਕਮੁਕੰਦ, ਸਕੱਤਰ ਸਿੰਘ ਚੱਕਮੇਕੰਦ ਅਤੇ ਜਗਜੀਤ ਸਿੰਘ ਖਾਸਾ ਵੀ ਮੌਜੂਦ ਸਨ।



### ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਪੰਥ ਅਤੇ ਪੰਜਾਬ-ਪੱਖੀ ਸੋਚ ਤੋਂ ਹੋਏ ਪ੍ਰਭਾਵਿਤ : ਗੁਲਜਾਰ ਸਿੰਘ ਖਾਸਾ

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਹੁਣ ਇੱਕ ਵਾਰ ਫਿਰ ਬੀ.ਜੇ.ਪੀ. ਦਾ ਗੁਲਾਮ ਹੋ ਜਾਏਗਾ, ਫਿਰ ਸਿੱਖ ਅੱਖਾਂ ਵਿੱਚ ਘਸੁੰਨ ਦੇ ਕੇ ਰੋਇਆ ਕਰਨਗੇ — ਕਰਨੈਲ ਸਿੰਘ ਪੰਜੋਲੀ




**ਫ਼ਤਹਿਗੜ੍ਹ ਸਾਹਿਬ, 9 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਖਾਲ਼ਸਾ ਪੰਥ ਨੂੰ ਸੁਚੇਤ ਕੀਤਾ ਹੈ ਕਿ ਜੇ ਸਿੱਖ ਪੰਥ ਨੇ ਏਕਤਾ ਕਰਕੇ 2027 ਦੀਆ ਚੋਣਾਂ ਨਾ ਲੜੀਆਂ ਤਾਂ ਸਿੱਖ ਸ਼ਕਤੀ ਦੀ ਹਾਰ ਅਟੱਲ ਹੈ ਅਤੇ ਪੰਜਾਬ ਬੀ.ਜੇ .ਪੀ. ਦਾ ਗੁਲਾਮ ਹੋ ਜਾਏਗਾ ।ਬੰਗਾਲ ਵਿੱਚ ਜਿਸ ਤਰਾ ਬੁਰਛਾ ਗਰਦੀ ਕਰਕੇ ਬੀ. ਜੇ. ਪੀ. ਨੇ ਚੋਣਾ ਜਿੱਤੀਆ ਹਨ ਅਤੇ ਜਿਸ ਤਰਾ ਇਲੈਕਸ਼ਨ ਕਮਿਸ਼ਨ ਨੇ ਨੰਗੇ ਚਿੱਟੇ ਰੂਪ ਵਿੱਚ ਬੀ.ਜੇ. ਪੀ. ਦੀ ਮਦਦ ਕੀਤੀ ਹੈ ਇਹ ਸਾਰੀ ਧੱਕੇਸ਼ਾਹੀ ਪੂਰੇ ਦੇਸ਼ ਨੇ ਅੱਖਾਂ ਨਾਲ ਵੇਖੀ ਹੈ ।ਪ੍ਰੰਤੂ ਬਦਕਿਸਮਤੀ ਕਿ ਕਿਸੇ ਵੀ ਰਾਜਨੀਤਕ ਪਾਰਟੀ ਨੇ ਨਾ ਤਾਂ ਮਮਤਾ ਬੈਨਰਜੀ ਦੀ ਮਦਦ ਕੀਤੀ ਹੈ ਅਤੇ ਨਾ ਬੀ.ਜੇ .ਪੀ . ਦੀ ਧੱਕੇਸ਼ਾਹੀ ਵਿਰੁੱਧ ਕੋਈ ਸੰਘਰਸ਼ ਅਰੰਭ ਕੀਤਾ ਹੈ ।ਇਹ ਸੱਚ ਹੈ ਕਿ ਬੀ.ਜੇ.ਪੀ.ਨੂੰ ਪਤਾ ਹੈ ਕਿ ਬਹੁਗਿਣਤੀ ਰਾਜਨੀਤਕ ਆਗੂ ਚੋਰ ਹਨ ਇਸ ਲਈ ਜਿਹੜਾ ਬੋਲੇਗਾ ਉਸ ਪਿੱਛੇ ਈ ਡੀ ਪਾ ਦਿੱਤੀ ਜਾਏਗੀ ।ਇਹ ਹੀ ਹਾਲ ਪੰਜਾਬ ਦਾ ਹੋਏਗਾ , ਪੰਥਕ ਵੋਟ ਬੁਰੀ ਤਰਾਂ ਵੰਡੀ ਹੋਈ ਹੈ ਕੁੱਝ ਈ ਡੀ ਤੋ ਡਰਦੇ ਬੀ.ਜੇ. ਪੀ. ਵਿਰੁੱਧ ਬੋਲ ਨਹੀਂ ਰਹੇ ।ਕਾਂਗਰਸ, ਅਕਾਲੀ ਸਾਰੇ ਕੁਰੱਪਸ਼ਨ ਵਿੱਚ ਲੱਥਪੱਥ ਹੋਏ ਪਏ ਹਨ ਇਸ ਕਰਕੇ ਬੀ .ਜੀ.ਪੀ. ਵਿਰੁੱਧ ਸੰਘਰਸ਼ ਕਰਨ ਤੋ ਡਰਦੇ ਹਨ ।ਆਮ ਆਦਮੀ ਪਾਰਟੀ ਤਾ ਬੀਜੇਪੀ ਦੀ ਕਾਰਬਨ ਕਾਪੀ ਹੈ ।ਰਹੀ ਗੱਲ ਪੰਥਕ ਧਿਰਾਂ ਦੀ ਇਹ ਬੁਰੀ ਤਰਾਂ ਹਾਉਮੇ ਦਾ ਸ਼ਿਕਾਰ ਹਨ , ਹਰ ਕੋਈ ਚਹੁੰਦਾ ਕਿ ਮੈਨੂੰ ਮੁੱਖ ਮੰਤਰੀ ਅਨਾਉਸ ਕਰੋ ਫਿਰ ਹੀ ਏਕਤਾ ਕਰਾਂਗੇ । ਪੰਜਾਬ ਦੀ ਹਿੰਦੂ ਵੋਟ ਬੀ.ਜੇ. ਪੀ. ਨੂੰ ਭੁਗਤੇਗੀ ਅਤੇ ਸਿੱਖ ਵੋਟ 6 ਥਾਵਾਂ ਉੱਤੇ ਵੰਡੀ ਜਾਏਗੀ ਜਿਸ ਤੋ ਸੱਪਸਟ ਹੈ ਕਿ ਹਾਰ ਸੰਭਵ ਹੈ ।ਮੇਰਾ ਦਾਅਵਾ ਹੈ ਕਿ ਪੰਜਾਬ ਇੱਕ ਵਾਰ ਫਿਰ ਗੁਲਾਮ ਹੋ ਜਾਏਗਾ ਫਿਰ ਸਿੱਖਾ ਕੋਲ ਹਾਲ ਪਾਰਿਆਂ ਕਰਨ ਤੋ ਬਿਨਾਂ ਕੋਈ ਰਾਹ ਨਹੀਂ ਹੋਏਗਾ । ਕੱਲ ਜਦੋਂ ਅਸੀਂ ਦਿੱਲੀ ਮੁਜ਼ਾਹਰੇ ਕਰਕੇ ਹਟੇ ਮੈ ਅਪਣੇ ਬੇਟੇ ਨੂੰ ਕਿਹਾ ਕਿ ਕਾਲੇ ਚੋਲੇ ਇਕੱਠੇ ਕਰਕੇ ਸਾਂਭ ਲਵੋ ।ਮੈਨੂੰ ਇੱਕ ਸਿੰਘ ਕਹਿੰਦਾ ਹੁਣ ਕੀ ਕਰਨੇ ਹਨ , ਮੈਂ ਉਸ ਨੂੰ ਕਿਹਾ ਸਿੱਖਾ ਦੀ ਲੀਡਰਸਿੱਪ ਦੀਆਂ ਗਲਤੀਆਂ ਕਰਕੇ ਪੰਜਾਬ ਬੀਜੇਪੀ ਦਾ ਗੁਲਾਮ ਹੋ ਜਾਏਗਾ ।ਇਹ ਚੋਲੇ ਫਿਰ ਸੰਘਰਸ਼ ਕਰਨ ਦੇ ਕੰਮ ਆਉਣਗੇ ।ਮੈਂ ਬਹੁਤ ਵਾਰ ਕਹਿ ਚੁੱਕਿਆ ਹਾਂ ਕਿ ਪੰਥਕ ਸ਼ਕਤੀ ਇਕੱਠੀ ਕਰੇ ਬਗੈਰ ਕੋਈ ਰਾਹ ਨਹੀਂ,ਪਰ ਬਦਕਿਸਮਤੀ ਕਿ ਕੋਈ ਵੀ ਧਿਰ ਹੰਕਾਰ ਛੱਡਣ ਲਈ ਤਿਆਰ ਨਹੀ ।ਇਸ ਲ਼ਈ ਪੰਥ ਦਾ ਭਵਿੱਖ ਧੁੰਦਲਾ ਹੈ ਪੰਜਾਬ ਵਿੱਚ ਪੰਥ ਦਾ ਰਾਜ ਨਾ ਬਣਿਆ ਤਾ ਸਮਝ ਲੈਣਾ ਚਾਹੀਦਾ ਹੈ ਕਿ ਪੰਥਕ ਸੰਸਥਾਵਾਂ ਉੱਤੇ ਵੀ ਬੀਜੇਪੀ ਦੇ ਕਰਿੰਦੇ ਕਾਬਜ਼ ਹੋ ਗਏ ਹਨ ।ਫਿਰ ਸਿੱਖ ਅੱਖਾਂ ਵਿੱਚ ਘਸੁੰਨ ਦੇ ਕੇ ਰੋਇਆ ਕਰਨਗੇ ।ਕਰਨੈਲ ਸਿੰਘ ਪੰਜੋਲੀ ਮੈਂਬਰ ਸ਼੍ਰੋਮਣੀ ਗੁਰਦੂਆਰਾ ਪ੍ਰਬੰਧਕ ਕਮੇਟੀ।

ਆਵਾਜ਼ਿ ਕੌਮ AWAZE QAUM International Newspaper & WEB TV

# ਬਾਪੂ ਜਗੀਰ ਸਿੰਘ ਮਾਦਪੁਰ ਦੇ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ: ਬੱਬਰ ਖਾਲਸਾ ਜਰਮਨੀ



ਨਵੀਂ ਦਿੱਲੀ 9 ਮਈ (ਮਨਪ੍ਰੀਤ ਸਿੰਘ ਖਾਲਸਾ):- ਜਰਮਨੀ ਅਧਾਰਿਤ ਬੱਬਰ ਖਾਲਸਾ ਦੇ ਸਿੰਘਾਂ ਵੱਲੋਂ ਬਾਪੂ ਜਗੀਰ ਸਿੰਘ ਮਾਦਪੁਰ ਦੇ ਅਕਾਲ ਚਲਾਣੇ 'ਤੇ ਉਨ੍ਹਾਂ ਦੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ। ਇਸ ਮੌਕੇ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਸਤਨਾਮ ਸਿੰਘ ਬੱਬਰ, ਭਾਈ ਬਿਧੀ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਹਰਜੋਤ ਸਿੰਘ ਬੱਬਰ, ਭਾਈ ਰਾਜਿੰਦਰ ਸਿੰਘ ਅਤੇ ਭਾਈ ਦਲਜੀਤ ਸਿੰਘ ਬੱਬਰ ਸਮੇਤ ਹੋਰ ਸਿੰਘਾਂ ਨੇ ਆਪਣੇ ਸੰਵੇਦਨਾ ਸੰਦੇਸ਼ ਵਿੱਚ ਕਿਹਾ ਕਿ ਵਾਹਿਗੁਰੂ ਦੇ ਭਾਣੇ ਅਨੁਸਾਰ ਹੀ ਸਾਰਾ ਸੰਸਾਰਕ ਵਰਤਾਰਾ ਵਾਪਰਦਾ ਹੈ। ਉਨ੍ਹਾਂ ਕਿਹਾ ਕਿ ਨੱਬੇ ਦੇ ਦਹਾਕੇ ਦੌਰਾਨ ਚੱਲੇ ਸੰਘਰਸ਼ ਸਮੇਂ ਬਾਪੂ ਜਗੀਰ ਸਿੰਘ ਨੇ ਸਿੱਖ ਜੁਝਾਰੂਆਂ ਦੇ ਮੋਢੇ ਨਾਲ ਮੋਢਾ ਜੋੜ ਕੇ ਅਹਿਮ ਯੋਗਦਾਨ ਪਾਇਆ। ਉਨ੍ਹਾਂ ਨੇ ਭਾਈ ਰਛਪਾਲ ਸਿੰਘ ਛੰਦੜਾਂ, ਭਾਈ ਦਵਿੰਦਰ ਸਿੰਘ ਪੌਤ ਅਤੇ ਭਾਈ ਜਸਮੇਰ ਸਿੰਘ ਲਾਲੀ ਸਮੇਤ ਕਈ ਸਿੰਘਾਂ ਦਾ ਡਟ ਕੇ ਸਾਥ ਨਿਭਾਇਆ। ਇਸ ਦੌਰਾਨ ਉਨ੍ਹਾਂ ਨੂੰ ਕਈ ਵਾਰ ਥਾਣਿਆਂ ਵਿੱਚ ਪੁਲਿਸ ਤਸ਼ੱਦਦ ਦਾ ਸਾਹਮਣਾ ਕਰਨਾ ਪਿਆ ਅਤੇ ਕਰੀਬ ਦੋ ਸਾਲ ਨਾਭਾ ਜੇਲ੍ਹ ਵਿੱਚ ਵੀ ਬੰਦ ਰਹਿਣਾ ਪਿਆ, ਪਰ ਇਸ ਸਭ ਦੇ ਬਾਵਜੂਦ ਉਹ ਆਪਣੀ ਸੇਵਾ ਵਿੱਚ ਅਡੋਲ ਰਹੇ। ਮੀਡੀਆ ਨੂੰ ਜਾਰੀ ਕੀਤੇ ਬਿਆਨ ਵਿੱਚ ਇਹ ਵੀ ਦੱਸਿਆ ਗਿਆ ਕਿ ਬਾਪੂ ਜਗੀਰ ਸਿੰਘ ਦੇ ਜਵਾਈ ਭਾਈ ਬਲਜਿੰਦਰ ਸਿੰਘ ਇਸ ਵੇਲੇ ਜਰਮਨੀ ਵਿੱਚ ਰਹਿੰਦੇ ਹੋਏ ਪੰਥਕ ਸੇਵਾਵਾਂ ਨਿਭਾ ਰਹੇ ਹਨ। ਬਾਪੂ ਜਗੀਰ ਸਿੰਘ ਦੀ ਅੰਤਿਮ ਅਰਦਾਸ 14 ਮਈ 2026 ਨੂੰ ਉਨ੍ਹਾਂ ਦੇ ਜੱਦੀ ਪਿੰਡ ਮਾਦਪੁਰ, ਨੇੜੇ ਸਮਰਾਲਾ, ਜ਼ਿਲ੍ਹਾ ਲੁਧਿਆਣਾ ਵਿਖੇ ਹੋਵੇਗੀ। ਇਸ ਮੌਕੇ ਸੰਘਰਸ਼ੀ ਯੋਧੇ ਭਾਈ ਮਨਜਿੰਦਰ ਸਿੰਘ ਈਸੀ, ਭਾਈ ਅਮਰਜੀਤ ਸਿੰਘ ਬੱਡਗੁਜਰਾਂ ਅਤੇ ਹੋਰ ਪੰਥਕ ਆਗੂ ਵੀ ਹਾਜ਼ਰੀ ਭਰਨਗੇ। ਬੱਬਰ ਖਾਲਸਾ ਜਰਮਨੀ ਵੱਲੋਂ ਇਲਾਕੇ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋ ਕੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ। ਅੰਤ ਵਿੱਚ ਵਾਹਿਗੁਰੂ ਅੱਗੇ ਅਰਦਾਸ ਕੀਤੀ ਗਈ ਕਿ ਬਾਪੂ ਜਗੀਰ ਸਿੰਘ ਦੀ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਭਗਵੰਤ ਮਾਨ ਸਰਕਾਰ ਦੀ ਇਤਿਹਾਸਕ ਪਹਿਲ

# ਪੰਜਾਬ ਦੇ 40 ਲੱਖ ਗਰੀਬ-ਦਲਿਤ-ਪੱਛੜੇ ਵਰਗ ਦੇ ਪਰਿਵਾਰਾਂ ਨੂੰ ਮੁਫਤ ਰਾਸ਼ਨ ਕਿੱਟ ਮਿਲਣੀ ਸ਼ੁਰੂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੰਗਰੂਰ ਜ਼ਿਲ੍ਹੇ ਦੇ ਪਿੰਡ ਭਲਵਾਨ ਤੋਂ ਗਰੀਬਾਂ ਅਤੇ ਲੋੜਵੰਦ ਪਰਿਵਾਰਾਂ ਨੂੰ ਪੌਸ਼ਟਿਕ ਖੁਰਾਕ ਮੁਹੱਈਆ ਕਰਵਾਉਣ ਲਈ ਰਾਸ਼ਨ ਕਿੱਟ ਵੰਡ ਕੇ 'ਮੇਰੀ ਰਸੋਈ' ਸਕੀਮ ਦੀ ਸ਼ੁਰੂਆਤ ਕੀਤੀ। ਦੇਸ਼ ਭਰ ਵਿੱਚ ਲੋੜਵੰਦ ਪਰਿਵਾਰਾਂ ਨੂੰ ਪੌਸ਼ਟਿਕ ਖੁਰਾਕ ਦੇਣ ਲਈ ਸਭ ਤੋਂ ਵੱਡੀਆਂ ਪਹਿਲਕਦਮੀਆਂ ਵਿੱਚੋਂ ਇਕ 'ਮੇਰੀ ਰਸੋਈ' ਸਕੀਮ ਹੇਠ ਸੂਬੇ ਦੇ ਲਗਪਗ 40 ਲੱਖ ਗਰੀਬ ਅਤੇ ਆਰਥਿਕ ਤੌਰ ਉਤੇ ਕਮਜ਼ੋਰ ਪਰਿਵਾਰਾਂ ਨੂੰ ਰਾਸ਼ਨ ਕਿੱਟ ਮਿਲਿਆ ਕਰੇਗੀ। ਇਸ ਸਕੀਮ ਨੂੰ ਵਧਦੀ ਮਹਿੰਗਾਈ ਦੌਰਾਨ ਸੰਘਰਸ਼ਸ਼ੀਲ ਪਰਿਵਾਰਾਂ 'ਤੇ ਰਸੋਈ ਦੇ ਬੋਝ ਨੂੰ ਘਟਾਉਣ ਲਈ ਅਤਿ ਲੋੜੀਂਦੀ ਮਦਦ ਦੱਸਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਆਪ' ਸਰਕਾਰ ਨਾ ਸਿਰਫ਼ ਐਲਾਨ ਕਰ ਰਹੀ ਹੈ ਸਗੋਂ ਮੁਫ਼ਤ ਬਿਜਲੀ, ਸਿਹਤ ਸੰਭਾਲ, ਮਹਿਲਾ-ਕੇਂਦ੍ਰਿਤ ਭਲਾਈ ਸਕੀਮਾਂ ਅਤੇ ਖੁਰਾਕ ਸੁਰੱਖਿਆ ਉਪਰਾਲਿਆਂ ਰਾਹੀਂ ਹਰ ਘਰ ਨੂੰ ਢੁਕਵੀਂ ਰਾਹਤ ਪ੍ਰਦਾਨ ਕਰ ਰਹੀ ਹੈ। ਉਨ੍ਹਾਂ ਨੇ ਇਹ ਵੀ ਜ਼ੋਰ ਦੇ ਕੇ ਕਿਹਾ ਕਿ ਸਮਾਜਿਕ ਭਲਾਈ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ 'ਆਪ' ਸਰਕਾਰ ਬੁਨਿਆਦੀ ਢਾਂਚੇ ਦਾ ਤੇਜ਼ੀ ਨਾਲ ਆਧੁਨਿਕੀਕਰਨ ਕਰ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਪੰਜਾਬ ਨੂੰ ਪੂਰੀ ਤਰ੍ਹਾਂ "ਖੰਭਾ-ਮੁਕਤ" ਸੂਬਾ ਬਣਾਉਣ ਲਈ ਜ਼ਮੀਨਦੋਜ਼ ਬਿਜਲੀ ਕੇਬਲਿੰਗ ਦਾ ਕੰਮ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ। ਸਕੀਮ ਦੇ ਸ਼ੁਰੂਆਤੀ ਸਮਾਗਮ ਦੌਰਾਨ ਵੱਡੇ ਜਨਤਕ ਇਕੱਠ ਨੂੰ ਸੰਬੋਧਨ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪਿਛਲੀਆਂ ਸਰਕਾਰਾਂ ਨੇ ਭਲਾਈ ਉਪਰਾਲਿਆਂ ਨੂੰ ਸਿਰਫ਼ ਕਣਕ ਅਤੇ ਦਾਲਾਂ ਦੀ ਵੰਡ ਤੱਕ ਸੀਮਤ ਕਰ ਦਿੱਤਾ ਸੀ, ਜਦੋਂ ਕਿ ਪੰਜਾਬ ਸਰਕਾਰ ਨੇ ਇਹ ਯਕੀਨੀ ਬਣਾਉਣ ਲਈ ਵਿਆਪਕ ਉਪਰਾਲਾ ਕੀਤਾ ਹੈ ਕਿ ਗਰੀਬ ਅਤੇ ਮੱਧ ਵਰਗ ਦੇ ਪਰਿਵਾਰਾਂ ਦੀਆਂ ਰਸੋਈਆਂ ਵਿੱਚ ਰੋਜ਼ਾਨਾ ਲੋੜਾਂ ਲਈ ਲੋੜੀਂਦੀਆਂ ਸਾਰੀਆਂ ਜ਼ਰੂਰੀ ਵਸਤਾਂ ਮੌਜੂਦ ਰਹਿਣ।÷ ਮੁੱਖ ਮੰਤਰੀ ਨੇ ਕਿਹਾ, "'ਮੇਰੀ ਰਸੋਈ' ਯੋਜਨਾ ਦੇ ਤਹਿਤ ਹਰੇਕ ਲਾਭਪਾਤਰੀ ਪਰਿਵਾਰ ਨੂੰ ਹਰ ਤਿੰਨ ਮਹੀਨਿਆਂ ਵਿੱਚ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀ ਰਾਸ਼ਨ ਕਿੱਟ ਮਿਲੇਗੀ ਜਿਸ ਵਿੱਚ ਸਰ੍ਹੋਂ ਦਾ ਤੇਲ, ਦਾਲ, ਖੰਡ, ਲੂਣ, ਹਲਦੀ ਅਤੇ ਘਰੇਲੂ ਰਸੋਈ ਚਲਾਉਣ ਲਈ ਲੋੜੀਂਦੀਆਂ ਹੋਰ ਜ਼ਰੂਰੀ ਵਸਤਾਂ ਹੋਣਗੀਆਂ।÷ ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਕਿ ਇਹ ਯੋਜਨਾ ਆਮ ਪਰਿਵਾਰਾਂ ਦੀਆਂ ਆਮ ਜ਼ਰੂਰਤਾਂ, ਖਾਸ ਕਰਕੇ ਘਰੇਲੂ ਜ਼ਿੰਮੇਵਾਰੀਆਂ ਸੰਭਾਲਣ ਵਾਲੀਆਂ ਔਰਤਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੀ ਗਈ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਮਜ਼ਬੂਤ ਤੇ ਖੁਸ਼ਹਾਲ ਪੰਜਾਬ ਤਾਂ ਹੀ ਬਣਾਇਆ ਜਾ ਸਕਦਾ ਹੈ ਜਦੋਂ ਹਰ ਘਰ ਦੀ ਰਸੋਈ ਚਲਦੀ ਰਹੇ ਅਤੇ ਕੋਈ ਵੀ ਬੱਚਾ ਭੁੱਖਾ ਨਾ ਸੌਂਵੇ। ਉਨ੍ਹਾਂ ਕਿਹਾ,÷ਬੱਚਿਆਂ ਲਈ ਪੌਸ਼ਟਿਕ ਖੁਰਾਕ ਉਨ੍ਹਾਂ ਦੀ ਸਿੱਖਿਆ, ਸਿਹਤ ਅਤੇ ਖੇਡਾਂ ਵਿੱਚ ਭਾਗੀਦਾਰੀ ਲਈ ਬਹੁਤ ਮਹੱਤਵਪੂਰਨ ਹੈ। ਸਾਡੀ ਸਰਕਾਰ ਚਾਹੁੰਦੀ ਹੈ ਕਿ ਹਰ ਘਰ ਵਿੱਚ ਪੌਸ਼ਟਿਕ ਤੇ ਜ਼ਰੂਰੀ ਭੋਜਨ ਪਦਾਰਥਾਂ ਦੀ ਪਹੁੰਚ ਹੋਵੇ ਤਾਂ ਜੋ ਬੱਚੇ ਪ੍ਰੋਟੀਨ ਨਾਲ ਭਰਪੂਰ ਖੁਰਾਕ ਦੀ ਘਾਟ ਕਾਰਨ ਕਮਜ਼ੋਰੀ ਦਾ ਸ਼ਿਕਾਰ ਨਾ ਹੋਣ।" ਪੰਜਾਬ ਸਰਕਾਰ ਦੇ ਲੋਕ ਭਲਾਈ-ਮੁਖੀ ਸ਼ਾਸਨ ਮਾਡਲ ਦਾ ਜ਼ਿਕਰ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਲਗਭਗ 90 ਫੀਸਦੀ ਘਰਾਂ ਨੂੰ ਹੁਣ ਜ਼ੀਰੋ ਬਿਜਲੀ ਬਿੱਲ ਮਿਲ ਰਹੇ ਹਨ, ਜਿਸ ਨਾਲ ਪਰਿਵਾਰਾਂ ਨੂੰ ਪੈਸੇ ਬਚਾਉਣ ਅਤੇ ਘਰੇਲੂ ਖਰਚੇ ਚਲਾਉਣ ਵਿੱਚ ਕਾਫ਼ੀ ਮਦਦ ਮਿਲ ਰਹੀ ਹੈ। ਉਨ੍ਹਾਂ ਕਿਹਾ,÷ਬਿਜਲੀ ਦੇ ਬਿੱਲਾਂ ਤੋਂ ਬਚਾਇਆ ਗਿਆ ਪੈਸਾ ਹੁਣ ਪਰਿਵਾਰਾਂ ਦੁਆਰਾ ਘਰੇਲੂ ਜ਼ਰੂਰਤਾਂ ਅਤੇ ਉਨ੍ਹਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਲਈ ਵਰਤਿਆ ਜਾ ਰਿਹਾ ਹੈ।" ਖੇਤੀਬਾੜੀ ਅਤੇ ਸਿੰਚਾਈ ਸੁਧਾਰਾਂ ਬਾਰੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਆਪ' ਸਰਕਾਰ ਨੇ ਕਿਸਾਨਾਂ ਲਈ ਦਿਨ ਵੇਲੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਹੈ, ਜਿਸ ਨਾਲ ਉਹ ਰਾਤਾਂ ਦੀਆਂ ਮੁਸ਼ਕਲਾਂ ਦੀ ਬਜਾਏ ਦਿਨ ਵੇਲੇ ਆਪਣੇ ਖੇਤਾਂ ਦੀ ਸਿੰਚਾਈ ਕਰ ਸਕਦੇ ਹਨ। ਉਨ੍ਹਾਂ ਕਿਹਾ,÷ਸਾਡੀ ਸਰਕਾਰ ਨੇ ਪੰਜਾਬ ਭਰ ਵਿੱਚ ਲਗਭਗ 14,000 ਕਿਲੋਮੀਟਰ ਲੰਬੇ ਰਜਬਾਹਿਆਂ ਤੇ ਖਾਲਿਆਂ ਅਤੇ ਪਾਈਪਲਾਈਨਾਂ ਨੂੰ ਬਹਾਲ ਕਰਕੇ ਅਤੇ ਵਿਛਾ ਕੇ ਨਹਿਰੀ ਸਿੰਚਾਈ ਪ੍ਰਣਾਲੀ ਨੂੰ ਮੁੜ ਸੁਰਜੀਤ ਕੀਤਾ ਹੈ। ਇਸ ਇਤਿਹਾਸਕ ਪਹਿਲਕਦਮੀ ਨੇ ਸਿੰਚਾਈ ਸਹੂਲਤਾਂ ਵਿੱਚ ਸੁਧਾਰ ਕੀਤਾ ਹੈ ਅਤੇ ਧਰਤੀ ਹੇਠਲੇ ਪਾਣੀ ਨੂੰ ਸੰਭਾਲਣ ਵਿੱਚ ਮਦਦ ਕੀਤੀ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਨਹਿਰੀ ਪਾਣੀ ਦੀ ਬਿਹਤਰ ਉਪਲਬਧਤਾ ਨੇ ਕਿਸਾਨਾਂ ਦੀ ਟਿਊਬਵੈੱਲਾਂ 'ਤੇ ਨਿਰਭਰਤਾ ਘਟਾ ਦਿੱਤੀ ਹੈ ਜਿਸ ਨਾਲ ਪੰਜਾਬ ਵਿੱਚ ਤੇਜ਼ੀ ਨਾਲ ਘੱਟ ਰਹੇ ਧਰਤੀ ਹੇਠਲੇ ਪਾਣੀ ਦੇ ਭੰਡਾਰਾਂ ਨੂੰ ਬਚਾਉਣ ਵਿੱਚ ਵੱਡੀ ਸਹਾਇਤਾ ਮਿਲੇਗੀ। ਮਹਿਲਾ ਸਸ਼ਕਤੀਕਰਨ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ "ਮਾਵਾਂ ਧੀਆਂ ਸਤਿਕਾਰ ਯੋਜਨਾ" ਲਈ ਰਜਿਸਟ੍ਰੇਸ਼ਨ ਪ੍ਰਗਤੀ ਅਧੀਨ ਹੈ। ਇਸ ਯੋਜਨਾ ਤਹਿਤ ਹਰ ਯੋਗ ਔਰਤ ਨੂੰ ਮਹੀਨਾਵਾਰ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ, "18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ ਅੱਗੇ ਆਉਣਾ ਚਾਹੀਦਾ ਹੈ ਅਤੇ ਇਸ ਸਕੀਮ ਲਈ ਰਜਿਸਟਰ ਕਰਨਾ ਚਾਹੀਦਾ ਹੈ। ਜਨਰਲ ਵਰਗ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ ਜਦੋਂ ਕਿ ਅਨੁਸੂਚਿਤ ਜਾਤੀ ਨਾਲ ਸਬੰਧਤ ਪਰਿਵਾਰਾਂ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,500 ਰੁਪਏ ਦਿੱਤੇ ਜਾਣਗੇ।" ਉਨ੍ਹਾਂ ਕਿਹਾ ਕਿ ਇਨ੍ਹਾਂ ਪਹਿਲਕਦਮੀਆਂ ਦਾ ਉਦੇਸ਼ ਔਰਤਾਂ ਲਈ ਮਾਣ, ਆਤਮ-ਵਿਸ਼ਵਾਸ ਅਤੇ ਵਿੱਤੀ ਸਹਾਇਤਾ ਨੂੰ ਯਕੀਨੀ ਬਣਾਉਣਾ ਹੈ ਤਾਂ ਜੋ ਉਹ ਅਪਣੀਆਂ ਘਰੇਲੂ ਜ਼ਿੰਮੇਵਾਰੀਆਂ ਨੂੰ ਬਿਹਤਰ ਢੰਗ ਨਾਲ ਨਿਭਾ ਸਕਣ। ਸਿਹਤ ਸੰਭਾਲ ਸਬੰਧੀ ਕੀਤੇ ਸੁਧਾਰਾਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦਾ ਮੁਫਤ ਸਿਹਤ ਸੰਭਾਲ ਕਵਰੇਜ ਪ੍ਰਦਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ, "ਇਸ ਯੋਜਨਾ ਤਹਿਤ ਲੋਕ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਨਕਦ ਰਹਿਤ ਇਲਾਜ ਪ੍ਰਾਪਤ ਕਰ ਸਕਦੇ ਹਨ। ਪੰਜਾਬ ਵਿੱਚ ਕਿਸੇ ਵੀ ਪਰਿਵਾਰ ਨੂੰ ਡਾਕਟਰੀ ਇਲਾਜ ਲਈ ਜ਼ਮੀਨ ਜਾਂ ਕੀਮਤੀ ਚੀਜ਼ਾਂ ਵੇਚਣ ਲਈ ਮਜਬੂਰ ਨਹੀਂ ਹੋਣਾ ਪਵੇਗਾ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੱਸਿਆ ਕਿ 35 ਲੱਖ ਤੋਂ ਵੱਧ ਸਿਹਤ ਕਾਰਡ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਸਰਕਾਰ ਵੱਲੋਂ ਸੂਬੇ ਭਰ ਵਿੱਚ ਸਿਹਤ ਸੰਭਾਲ ਪਹੁੰਚ ਦਾ ਵਿਸਥਾਰ ਕੀਤਾ ਜਾ ਰਿਹਾ ਹੈ। ਭਲਾਈ ਸਕੀਮਾਂ ਵਿੱਚ ਪਹਿਲਾਂ ਨੌਕਰਸ਼ਾਹੀ ਦੀਆਂ ਪੈਦਾ ਹੋਈਆਂ ਬੇਲੋੜੀਆਂ ਰੁਕਾਵਟਾਂ ਦੀ ਆਲੋਚਨਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਅਸੁਵਿਧਾ ਦਾ ਕਾਰਨ ਬਣਦੀਆਂ ਗੁੰਝਲਦਾਰ ਬਾਇਓਮੈਟ੍ਰਿਕ ਤਸਦੀਕ ਪ੍ਰਣਾਲੀਆਂ ਨੂੰ ਹਟਾ ਕੇ ਸਾਰਿਆਂ ਖਾਸ ਕਰਕੇ ਔਰਤਾਂ ਅਤੇ ਬਜ਼ੁਰਗ ਨਾਗਰਿਕਾਂ ਲਈ ਭਲਾਈ ਸਕੀਮਾਂ ਸਬੰਧੀ ਰਜਿਸਟ੍ਰੇਸ਼ਨ ਪ੍ਰਕਿਰਿਆਵਾਂ ਨੂੰ ਸਰਲ ਬਣਾਇਆ ਹੈ। ਉਨ੍ਹਾਂ ਕਿਹਾ, "ਘਰੇਲੂ ਕੰਮ ਕਰਨ ਵਾਲੀਆਂ ਬਹੁਤ ਸਾਰੀਆਂ ਔਰਤਾਂ ਨੂੰ ਬਾਇਓਮੈਟ੍ਰਿਕ ਪ੍ਰਮਾਣਿਕਤਾ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਕਿਉਂਕਿ ਉਨ੍ਹਾਂ ਦੇ ਉਂਗਲਾਂ ਦੇ ਨਿਸ਼ਾਨ ਸਮੇਂ ਦੇ ਨਾਲ ਫਿੱਕੇ ਪੈ ਜਾਂਦੇ ਹਨ। ਇਸੇ ਲਈ ਪੰਜਾਬ ਸਰਕਾਰ ਨੇ ਫੋਟੋ-ਅਧਾਰਤ ਤਸਦੀਕ ਰਾਹੀਂ ਪ੍ਰਕਿਰਿਆ ਨੂੰ ਸਰਲ ਬਣਾਇਆ ਹੈ।" ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਦੀ ਰਾਖੀ ਪ੍ਰਤੀ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਾਲ ਹੀ ਵਿੱਚ ਲਾਗੂ ਕੀਤੇ ਗਏ ਬੇਅਦਬੀ ਵਿਰੋਧੀ ਕਾਨੂੰਨ ਨਾਲ ਪੰਜਾਬ ਦੇ ਲੋਕਾਂ ਨੂੰ ਬੇਹੱਦ ਰਾਹਤ ਅਤੇ ਸੰਤੁਸ਼ਟੀ ਮਿਲੀ ਹੈ। ਉਨ੍ਹਾਂ ਕਿਹਾ, "ਸਾਲਾਂ ਤੋਂ, ਲੋਕਾਂ ਨੂੰ ਬੇਅਦਬੀ ਦੀਆਂ ਘਟਨਾਵਾਂ ਕਾਰਨ ਦੁੱਖ ਸਹਿਣਾ ਪਿਆ ਅਤੇ ਬੇਅਦਬੀ ਵਿੱਚ ਸ਼ਾਮਲ ਦੋਸ਼ੀ ਅਕਸਰ ਕਮਜ਼ੋਰ ਕਾਨੂੰਨੀ ਪ੍ਰਬੰਧਾਂ ਕਾਰਨ ਜ਼ਮਾਨਤ ਪ੍ਰਾਪਤ ਕਰ ਲੈਂਦੇ ਸਨ। ਇਸ ਨਵੇਂ ਕਾਨੂੰਨ ਵਿੱਚ ਸਖ਼ਤ ਸਜ਼ਾ, ਭਾਰੀ ਜੁਰਮਾਨੇ, ਲੰਬੀ ਕੈਦ ਅਤੇ ਉਮਰ ਕੈਦ ਤੱਕ ਦੀ ਵਿਵਸਥਾ ਕੀਤੀ ਗਈ ਹੈ।" ਉਨ੍ਹਾਂ ਕਿਹਾ ਕਿ ਕਾਨੂੰਨ ਨੂੰ ਪਹਿਲਾਂ ਹੀ ਰਾਜਪਾਲ ਵੱਲੋਂ ਸਹਿਮਤੀ ਮਿਲ ਚੁੱਕੀ ਹੈ ਅਤੇ ਕਾਨੂੰਨ ਵਾਪਸ ਲੈਣ ਦਾ ਕੋਈ ਸਵਾਲ ਹੀ ਪੈਦਾ ਨਹੀਂ ਹੁੰਦਾ। ਉਨ੍ਹਾਂ ਅੱਗੇ ਕਿਹਾ, "ਦੁਨੀਆ ਭਰ ਦੀ ਸਿੱਖ ਸੰਗਤ ਵੱਲੋਂ ਇਸ ਕਾਨੂੰਨ ਨੂੰ ਭਰਵਾਂ ਹੁੰਗਾਰਾ ਮਿਲਿਆ ਹੈ। ਸਿਰਫ਼ ਕੁਝ ਸਿਆਸੀ ਤੌਰ 'ਤੇ ਪ੍ਰੇਰਿਤ ਲੋਕ ਹੀ ਇਸਦਾ ਵਿਰੋਧ ਕਰ ਰਹੇ ਹਨ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਪਿਛਲੀਆਂ ਸਰਕਾਰਾਂ ਵਾਰ-ਵਾਰ ਲੋਕਾਂ ਦੀਆਂ ਮੰਗਾਂ ਦੇ ਬਾਵਜੂਦ ਸਖ਼ਤ ਕਾਰਵਾਈ ਕਰਨ ਵਿੱਚ ਅਸਫਲ ਰਹੀਆਂ ਜਦੋਂ ਕਿ ਪੰਜਾਬ ਸਰਕਾਰ ਨੇ ਭਵਿੱਖ ਵਿੱਚ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਸਖ਼ਤ ਕਾਨੂੰਨ ਬਣਾ ਕੇ ਆਪਣੀ ਜ਼ਿੰਮੇਵਾਰੀ ਨਿਭਾਈ। ਮੁੱਖ ਮੰਤਰੀ ਨੇ ਸਰਕਾਰ ਪ੍ਰਤੀ ਲੋਕਾਂ ਦੇ ਭਾਰੀ ਸਮਰਥਨ ਅਤੇ ਪਿਆਰ ਲਈ ਉਨ੍ਹਾਂ ਦਾ ਧੰਨਵਾਦ ਕਰਦਿਆਂ ਕਿਹਾ, "ਉਨ੍ਹਾਂ ਦੀ ਸਰਕਾਰ ਇਮਾਨਦਾਰੀ ਅਤੇ ਪਾਰਦਰਸ਼ੀ ਢੰਗ ਨਾਲ ਕੰਮ ਕਰ ਰਹੀ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਲੋਕਾਂ ਦਾ ਪੈਸਾ ਸਕੂਲਾਂ, ਹਸਪਤਾਲਾਂ, ਭਲਾਈ ਸਕੀਮਾਂ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ 'ਤੇ ਖਰਚ ਕੀਤਾ ਜਾਵੇ।" ਇਸ ਸਮਾਗਮ ਦੌਰਾਨ ਖੁਰਾਕ ਤੇ ਸਿਵਲ ਸਪਲਾਈਜ਼ ਮੰਤਰੀ ਲਾਲ ਚੰਦ ਕਟਾਰੂਚੱਕ, ਸੀਨੀਅਰ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀ, ਪੰਚਾਇਤਾਂ ਦੇ ਪ੍ਰਤੀਨਿਧੀ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਨਿਵਾਸੀ ਮੌਜੂਦ ਸਨ। ਇਸ ਸਮਾਗਮ ਦੀਆਂ ਕੁਝ ਝਲਕੀਆਂ ਸਾਂਝਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ 'ਤੇ ਲਿਖਿਆ: "ਅੱਜ ਸੰਗਰੂਰ ਵਿੱਚ, ਅਸੀਂ 40 ਲੱਖ ਪਰਿਵਾਰਾਂ ਦੀ ਭਲਾਈ ਲਈ 'ਮੁੱਖ ਮੰਤਰੀ ਮੇਰੀ ਰਸੋਈ ਯੋਜਨਾ' ਸ਼ੁਰੂ ਕੀਤੀ, ਜਿਸ ਤਹਿਤ ਬੱਚਿਆਂ ਨੂੰ ਕੁਪੋਸ਼ਣ ਤੋਂ ਬਚਾਉਣ ਲਈ ਸਾਲ ਵਿੱਚ ਚਾਰ ਵਾਰ ਰਾਸ਼ਨ ਕਿੱਟਾਂ ਵੰਡੀਆਂ ਜਾਣਗੀਆਂ।" ਉਨ੍ਹਾਂ ਅੱਗੇ ਲਿਖਿਆ, "ਸਾਡੀ ਸਰਕਾਰ ਮੁਫ਼ਤ ਬਿਜਲੀ, 'ਮੁੱਖ ਮੰਤਰੀ ਸਿਹਤ ਯੋਜਨਾ', 'ਮਾਵਾਂ ਧੀਆਂ ਸਤਿਕਾਰ ਯੋਜਨਾ', ਕਿਸਾਨਾਂ ਨੂੰ ਦਿਨ ਵੇਲੇ ਨਿਰਵਿਘਨ ਬਿਜਲੀ ਸਪਲਾਈ ਅਤੇ ਨਹਿਰੀ ਪਾਣੀ ਵਰਗੀਆਂ ਸਹੂਲਤਾਂ ਪ੍ਰਦਾਨ ਕਰਕੇ ਸਮਾਜ ਦੇ ਹਰ ਵਰਗ ਦੇ ਜੀਵਨ ਨੂੰ ਸੁਖਾਲਾ ਬਣਾਉਣ ਦੀ ਦਿਸ਼ਾ ਵਿੱਚ ਨਿਰੰਤਰ ਕੰਮ ਕਰ ਰਹੀ ਹੈ। ਪਿੰਡ ਸਤੌਜ ਤੋਂ, ਅਸੀਂ ਸੂਬੇ ਭਰ ਵਿੱਚੋਂ ਖੰਭੇ ਹਟਾਉਣ ਲਈ ਬਿਜਲੀ ਦੀਆਂ ਤਾਰਾਂ ਨੂੰ ਜ਼ਮੀਨਦੋਜ਼ ਕਰਨ ਦੀ ਇਤਿਹਾਸਕ ਪਹਿਲਕਦਮੀ ਵੀ ਸ਼ੁਰੂ ਕਰ ਰਹੇ ਹਾਂ।" ਪੋਸਟ ਵਿੱਚ ਅੱਗੇ ਲਿਖਿਆ, "ਪਿਛਲੀਆਂ ਸਰਕਾਰਾਂ ਨੇ ਬੇਅਦਬੀ ਦੀਆਂ ਘਟਨਾਵਾਂ 'ਤੇ ਸਿਰਫ਼ ਸਿਆਸਤ ਕੀਤੀ, ਪਰ ਅਸੀਂ ਉਮਰ ਕੈਦ ਅਤੇ 50 ਲੱਖ ਰੁਪਏ ਦੇ ਜੁਰਮਾਨੇ ਵਾਲਾ ਸਖ਼ਤ ਕਾਨੂੰਨ ਲਿਆ ਕੇ ਗੁਰੂ ਮਰਿਆਦਾ ਦੀ ਰਾਖੀ ਨੂੰ ਯਕੀਨੀ ਬਣਾਇਆ ਹੈ। 'ਰੰਗਲਾ ਪੰਜਾਬ' ਬਣਾਉਣ ਦੀ ਦਿਸ਼ਾ ਵੱਲ ਇਹ ਸਫ਼ਰ ਨਿਰੰਤਰ ਜਾਰੀ ਰਹੇਗਾ।÷ *ਆਪ ਸਰਕਾਰ ਵੱਲੋਂ ਇਤਿਹਾਸਕ ਕਦਮ, ਸੂਬੇ ਭਰ ਦੇ 40 ਲੱਖ ਪਰਿਵਾਰਾਂ ਲਈ ਭੋਜਨ ਸੁਰੱਖਿਆ ਨੂੰ ਮਜ਼ਬੂਤ ਕਰਕੇ ਘਰੇਲੂ ਬੋਝ ਨੂੰ ਘਟਾਇਆ* ÷ਮੇਰੀ ਰਸੋਈ ਯੋਜਨਾ" ਭਗਵੰਤ ਮਾਨ ਸਰਕਾਰ ਦੇ ਭਲਾਈ ਅਤੇ ਲੋਕ-ਪੱਖੀ ਮਾਡਲ ਨੂੰ ਦਰਸਾਉਂਦੀ ਹੈ, ਜੋ ਰਾਜਨੀਤਿਕ ਬਿਆਨਬਾਜ਼ੀ ਦੀ ਬਜਾਏ ਆਮ ਪਰਿਵਾਰਾਂ ਲਈ ਮਾਣ, ਪੋਸ਼ਣ ਅਤੇ ਵਿੱਤੀ ਰਾਹਤ ਨੂੰ ਤਰਜੀਹ ਦਿੰਦੀ ਹੈ। ਅਜਿਹੇ ਸਮੇਂ ਜਦੋਂ ਵਧ ਰਹੇ ਘਰੇਲੂ ਖਰਚੇ ਦੇਸ਼ ਭਰ ਦੇ ਗਰੀਬ ਅਤੇ ਮੱਧ-ਵਰਗੀ ਪਰਿਵਾਰਾਂ ਨੂੰ ਪ੍ਰਭਾਵਿਤ ਕਰ ਰਹੇ ਹਨ, ਭਗਵੰਤ ਮਾਨ ਸਰਕਾਰ ਨੇ ਲਗਭਗ 40 ਲੱਖ ਪਰਿਵਾਰਾਂ ਨੂੰ ਰੋਜ਼ਾਨਾ ਜੀਵਨ ਵਾਸਤੇ ਰਸੋਈ ਲਈ ਲੋੜੀਂਦੀ ਸਪਲਾਈ ਦੀ ਸਿੱਧੀ ਸਹਾਇਤਾ ਕਰਕੇ ਇੱਕ ਇਤਿਹਾਸਕ ਅਤੇ ਹਮਦਰਦੀ ਭਰਿਆ ਕਦਮ ਚੁੱਕਿਆ ਹੈ। ਪਿਛਲੀਆਂ ਸਰਕਾਰਾਂ ਦੇ ਉਲਟ ਜੋ ਲੋਕ ਭਲਾਈ ਨੂੰ ਸਿਰਫ਼ ਐਲਾਨਾਂ ਤੱਕ ਸੀਮਤ ਰੱਖਦੀਆਂ ਸਨ, 'ਆਪ' ਸਰਕਾਰ ਨੇ ਭੋਜਨ ਸੁਰੱਖਿਆ ਦਾਇਰੇ ਦਾ ਵਿਸਥਾਰ ਕਰਦਿਆਂ ਗਰੀਬ ਪਰਿਵਾਰਾਂ ਨੂੰ ਕਣਕ ਅਤੇ ਰਾਸ਼ਨ ਸਹਾਇਤਾ ਤੋਂ ਇਲਾਵਾ ਪੌਸ਼ਟਿਕ ਜ਼ਰੂਰੀ ਭੋਜਨ ਪਦਾਰਥ ਦੇਣਾ ਯਕੀਨੀ ਬਣਾਇਆ ਹੈ। ਪਾਰਦਰਸ਼ੀ ਡਿਲੀਵਰੀ ਪ੍ਰਣਾਲੀਆਂ, ਮਿਆਰੀ ਭੋਜਨ ਕਿੱਟਾਂ ਅਤੇ ਆਰਥਿਕ ਤੌਰ 'ਤੇ ਗਰੀਬ ਵਰਗਾਂ ਤੱਕ ਵਿਆਪਕ ਪਹੁੰਚ ਰਾਹੀਂ, ਭਗਵੰਤ ਸਿੰਘ ਮਾਨ ਸਰਕਾਰ ਨੇ ਸਿਹਤਮੰਦ, ਮਜ਼ਬੂਤ ਅਤੇ ਰੱਜਿਆ ਪੁੱਜਿਆ ਪੰਜਾਬ ਬਣਾਉਣ ਦੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ ਹੈ ਜਿੱਥੇ ਕੋਈ ਵੀ ਪਰਿਵਾਰ ਆਪਣੀਆਂ ਪੋਸ਼ਣ ਸਬੰਧੀ ਜ਼ਰੂਰਤਾਂ ਲਈ ਸੰਘਰਸ਼ ਕਰਨ ਵਾਸਤੇ ਮਜਬੂਰ ਨਹੀਂ ਹੈ। ਇਸ ਮੌਕੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਚੇਅਰਮੈਨ ਦਲਵੀਰ ਸਿੰਘ ਢਿੱਲੋ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਸਮਾਜ ਸੇਵੀ ਸਤਿੰਦਰ ਸਿੰਘ ਚੱਠਾ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ, ਚੇਅਰਮੈਨ ਰਣਜੋਧ ਸਿੰਘ ਕਾਂਝਲਾ, ਰਛਪਾਲ ਸਿੰਘ ਭੁੱਲਰ ,ਗਗਨ ਜਵੰਦਾ ਪ੍ਰਧਾਨ ਟਰੱਕ ਯੂਨੀਅਨ ਧੂਰੀ, ਸਰਪੰਚ ਭਗਵਾਨ ਸਿੰਘ ਭਲਵਾਨ ਹਾਜ਼ਰ ਸਨ। ••

**ਕਿੱਟ ਵਿਚ 2 ਕਿਲੋ ਛੋਲਿਆਂ ਦੀ ਦਾਲ, 2 ਕਿਲੋ ਖੰਡ, 1 ਕਿਲੋ ਲੂਣ, 200 ਗ੍ਰਾਮ ਹਲਦੀ, 1 ਲਿਟਰ ਸਰੋਂ ਦਾ ਤੇਲ ਮਿਲੇਗਾ-ਭਗਵੰਤ ਸਿੰਘ ਮਾਨ**

## ਜੇਕਰ ਬੇਅਦਬੀ ਕਾਨੂੰਨ ਨਿਆਂ ਲਈ ਹੈ ਤਾਂ ਰਾਮ ਰਹੀਮ ਵਰਗੇ ਦੋਸ਼ੀਆਂ ਨੂੰ ਬਚਾਉਣ ਦੀ ਕੋਸ਼ਿਸ਼ ਕਿਉਂ..?: ਪਰਮਜੀਤ ਸਿੰਘ ਵੀਰਜੀ

### ਸਰਕਾਰ ਦੀ ਮਨਸ਼ਾ 'ਤੇ ਸਵਾਲ, ਨਵੇਂ ਬੇਅਦਬੀ ਕਾਨੂੰਨ ਵਿੱਚ ਖਾਮੀਆਂ ਹੀ ਖਾਮੀਆਂ



ਨਵੀਂ ਦਿੱਲੀ 9 ਮਈ (ਮਨਪ੍ਰੀਤ ਸਿੰਘ ਖਾਲਸਾ):- ਨਵਾਂ ਬੇਅਦਬੀ ਕਾਨੂੰਨ ਜਿਸ ਤਰੀਕੇ ਨਾਲ ਲਿਆਂਦਾ ਗਿਆ ਹੈ, ਉਸ ਨੂੰ ਲੈ ਕੇ ਪੰਜਾਬ ਦੇ ਲੋਕਾਂ ਅਤੇ ਖ਼ਾਸ ਕਰਕੇ ਸਿੱਖ ਸੰਗਤਾਂ ਵਿੱਚ ਕਈ ਗੰਭੀਰ ਸਵਾਲ ਖੜ੍ਹੇ ਹੋ ਰਹੇ ਹਨ। ਸਭ ਤੋਂ ਵੱਡੀ ਖਾਮੀ ਇਹ ਹੈ ਕਿ ਜਿਨ੍ਹਾਂ ਮਾਮਲਿਆਂ ਨੇ ਪੰਜਾਬ ਦੀ ਆਤਮਾ ਨੂੰ ਝੰਜੋੜਿਆ, ਜਿਨ੍ਹਾਂ ਵਿੱਚ ਰਾਮ ਰਹੀਮ ਵਰਗੇ ਵੱਡੇ ਨਾਮਾਂ ਉੱਤੇ ਇਲਜ਼ਾਮ ਲੱਗੇ ਅਤੇ ਲੋਕ ਇਨਸਾਫ਼ ਦੀ ਉਡੀਕ ਕਰ ਰਹੇ ਹਨ, ਉਹਨਾਂ ਨੂੰ ਇਸ ਕਾਨੂੰਨ ਦੇ ਘੇਰੇ ਤੋਂ ਜਾਣਬੁਝ ਕੇ ਬਾਹਰ ਰੱਖਿਆ ਗਿਆ ਦਿਖਾਈ ਦਿੰਦਾ ਹੈ। ਇੰਨ੍ਹਾ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਗੁਰੂਬਾਣੀ ਰਿਸਰਚ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਗੁਰਦੁਆਰਾ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਇਸ ਨਾਲ ਸਰਕਾਰ ਦੀ ਨੀਅਤ 'ਤੇ ਸਵਾਲ ਖੜ੍ਹੇ ਹੋਣਾ ਸੁਭਾਵਿਕ ਹੈ। ਇਹ ਵੀ ਵੱਡਾ ਸਵਾਲ ਹੈ ਕਿ ਬੇਅਦਬੀ ਨਾਲ ਸੰਬੰਧਿਤ ਕਈ ਮਹੱਤਵਪੂਰਨ ਕੇਸ ਪੰਜਾਬ ਤੋਂ ਬਾਹਰ ਕਿਉਂ ਤਬਦੀਲ ਕੀਤੇ ਗਏ। ਜਦੋਂ ਪੰਜਾਬ ਦੇ ਲੋਕ ਆਪਣੇ ਧਾਰਮਿਕ ਜਜ਼ਬਾਤਾਂ ਨਾਲ ਜੁੜੇ ਮਾਮਲਿਆਂ ਵਿੱਚ ਇਥੇ ਹੀ ਨਿਰਪੱਖ ਜਾਂਚ ਅਤੇ ਇਨਸਾਫ਼ ਦੀ ਉਮੀਦ ਕਰਦੇ ਹਨ, ਤਾਂ ਕੇਸਾਂ ਨੂੰ ਬਾਹਰ ਭੇਜਣ ਨਾਲ ਸ਼ੱਕ ਅਤੇ ਬੇਐਤਬਾਰੀ ਪੈਦਾ ਹੁੰਦੀ ਹੈ। ਇਸ ਨਾਲ ਲੋਕਾਂ ਦੇ ਮਨ ਵਿੱਚ ਇਹ ਧਾਰਣਾ ਮਜ਼ਬੂਤ ਹੁੰਦੀ ਹੈ ਕਿ ਕਿਤੇ ਨਾ ਕਿਤੇ ਸੱਚ ਨੂੰ ਦਬਾਉਣ ਜਾਂ ਰਾਮ ਰਹੀਮ ਵਰਗੇ ਪ੍ਰਭਾਵਸ਼ਾਲੀ ਤਾਕਤਾਂ ਨੂੰ ਬਚਾਉਣ ਦੀ ਕੋਸ਼ਿਸ਼ ਹੋ ਰਹੀ ਹੈ। ਉਨ੍ਹਾਂ ਕਿਹਾ ਲੋਕ ਪੁੱਛ ਰਹੇ ਹਨ ਕਿ ਜੇ ਬੇਅਦਬੀ ਵਿਰੁੱਧ ਕਾਨੂੰਨ ਸੱਚਮੁੱਚ ਨਿਆਂ ਦੇਣ ਲਈ ਬਣਾਇਆ ਗਿਆ ਹੈ ਤਾਂ ਫਿਰ ਪਿਛਲੇ ਮਾਮਲਿਆਂ ਵਿੱਚ ਜਿਨ੍ਹਾਂ ਉੱਤੇ ਦੋਸ਼ ਲੱਗੇ, ਉਹਨਾਂ ਨੂੰ ਜਵਾਬਦੇਹ ਬਣਾਉਣ ਦੀ ਸਪਸ਼ਟ ਵਿਵਸਥਾ ਕਿਉਂ ਨਹੀਂ ਕੀਤੀ ਗਈ.? ਕੀ ਇਹ ਕਾਨੂੰਨ ਸਿਰਫ਼ ਲੋਕਾਂ ਦੇ ਗੁੱਸੇ ਨੂੰ ਠੰਡਾ ਕਰਨ ਲਈ ਹੈ ਜਾਂ ਅਸਲ ਦੋਸ਼ੀਆਂ ਤੱਕ ਪਹੁੰਚਣ ਲਈ.? ਉਨ੍ਹਾਂ ਕਿਹਾ ਇਸ ਤੋਂ ਇਲਾਵਾ ਇੱਕ ਹੋਰ ਵੱਡਾ ਸਵਾਲ ਇਹ ਹੈ ਕਿ ਜੇ ਸਰਕਾਰ ਧਾਰਮਿਕ ਭਾਵਨਾਵਾਂ ਦੀ ਰੱਖਿਆ ਲਈ ਕਾਨੂੰਨ ਬਣਾ ਰਹੀ ਹੈ ਤਾਂ ਫਿਰ ਇਸ ਵਿੱਚ ਸਾਰੇ ਧਰਮਾਂ ਨੂੰ ਇੱਕਸਾਰ ਕਿਉਂ ਨਹੀਂ ਸ਼ਾਮਲ ਕੀਤਾ ਗਿਆ.? ਭਾਰਤ ਇੱਕ ਬਹੁ-ਧਾਰਮਿਕ ਦੇਸ਼ ਹੈ ਅਤੇ ਹਰ ਧਰਮ ਦੀਆਂ ਭਾਵਨਾਵਾਂ ਦਾ ਸਤਿਕਾਰ ਹੋਣਾ ਚਾਹੀਦਾ ਹੈ। ਕਿਸੇ ਇੱਕ ਧਰਮ ਲਈ ਵੱਖਰਾ ਪ੍ਰਬੰਧ ਅਤੇ ਹੋਰਾਂ ਨੂੰ ਬਾਹਰ ਰੱਖਣਾ ਸਮਾਜ ਵਿੱਚ ਭੇਦਭਾਵ ਅਤੇ ਰਾਜਨੀਤਿਕ ਮਨਸ਼ਾ ਦਾ ਸੰਕੇਤ ਦਿੰਦਾ ਹੈ। ਉਨ੍ਹਾਂ ਕਿਹਾ ਅਸੀਂ ਸਪਸ਼ਟ ਕਰਨਾ ਚਾਹੁੰਦੇ ਹਾਂ ਕਿ ਬੇਅਦਬੀ ਕਿਸੇ ਵੀ ਧਰਮ ਦੀ ਹੋਵੇ, ਉਹ ਨਿੰਦਣਯੋਗ ਹੈ ਅਤੇ ਉਸ ਦੇ ਖ਼ਿਲਾਫ਼ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਪਰ ਕਾਨੂੰਨ ਅਜਿਹਾ ਹੋਵੇ ਜੋ ਨਿਰਪੱਖ, ਪਾਰਦਰਸ਼ੀ ਅਤੇ ਸਭ ਲਈ ਇੱਕਸਾਰ ਹੋਵੇ। ਨਹੀਂ ਤਾਂ ਲੋਕ ਇਸਨੂੰ ਸਿਰਫ਼ ਰਾਜਨੀਤਿਕ ਲਾਭ ਲਈ ਬਣਾਇਆ ਗਿਆ ਕਾਨੂੰਨ ਹੀ ਮੰਨਣਗੇ। ਸਰਕਾਰ ਨੂੰ ਚਾਹੀਦਾ ਹੈ ਕਿ ਉਹ ਇਸ ਕਾਨੂੰਨ ਦੀਆਂ ਖਾਮੀਆਂ ਦੂਰ ਕਰੇ, ਪਿਛਲੇ ਮਾਮਲਿਆਂ ਵਿੱਚ ਨਿਆਂ ਯਕੀਨੀ ਬਣਾਏ ਅਤੇ ਹਰ ਧਰਮ ਦੀ ਇੱਜ਼ਤ ਨੂੰ ਇੱਕਸਾਰ ਸੁਰੱਖਿਆ ਦੇਵੇ, ਤਾਂ ਜੋ ਲੋਕਾਂ ਦਾ ਭਰੋਸਾ ਕਾਇਮ ਰਹੇ।

## ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਵਿਖੇ ਮਨਾਇਆ ਮਾਂ ਦਿਵਸ



ਤਲਵੰਡੀ ਸਾਬੋ, 09 ਮਈ (ਗੁਰਜੰਟ ਸਿੰਘ ਨਥੇਹਾ)- ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਵਿੱਚ ਮਾਂ ਦਿਵਸ ਬੜੇ ਹੀ ਉਤਸ਼ਾਹ ਅਤੇ ਸਨਮਾਨ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਰੰਗਾ-ਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਬੱਚਿਆਂ ਨੇ ਕਵਿਤਾਵਾਂ, ਗੀਤਾਂ, ਡਾਂਸ ਅਤੇ ਸਕਿੱਟ ਰਾਹੀਂ ਮਾਵਾਂ ਪ੍ਰਤੀ ਆਪਣਾ ਪਿਆਰ ਅਤੇ ਸਤਿਕਾਰ ਪ੍ਰਗਟ ਕੀਤਾ।ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਸੁੰਦਰ ਡਾਂਸ ਨੇ ਸਭ ਦਾ ਮਨ ਮੋਹ ਲਿਆ, ਜਦਕਿ ਸਕਿੱਟ ਰਾਹੀਂ ਮਾਂ ਦੇ ਤਿਆਗ, ਪਿਆਰ ਅਤੇ ਮਹੱਤਤਾ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ।ਹਾਜ਼ਰ ਦਰਸ਼ਕਾਂ ਨੇ ਬੱਚਿਆਂ ਦੀਆਂ ਪੇਸ਼ਕਾਰੀਆਂ ਦੀ ਭਰਪੂਰ ਸਰਾਹਨਾ ਕੀਤੀ। ਸਮਾਗਮ ਦੌਰਾਨ ਵਿਦਿਆਰਥੀਆਂ ਨੇ ਮਾਤਾ ਦੀ ਮਹਾਨਤਾ ਅਤੇ ਉਸਦੇ ਤਿਆਗ ਨੂੰ ਦਰਸਾਉਂਦੀਆਂ ਰਚਨਾਵਾਂ ਪੇਸ਼ ਕਰਕੇ ਸਭ ਦਾ ਮਨ ਮੋਹ ਲਿਆ। ਸਕੂਲ ਦੀ ਪ੍ਰਿੰਸੀਪਲ ਮਧੂ ਬਾਂਸਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਾਂ ਸਾਡੇ ਜੀਵਨ ਦੀ ਪਹਿਲੀ ਅਧਿਆਪਕ ਹੁੰਦੀ ਹੈ ਅਤੇ ਉਸਦਾ ਸਤਿਕਾਰ ਕਰਨਾ ਹਰ ਬੱਚੇ ਦਾ ਫਰਜ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਮਾਪਿਆਂ ਦੀ ਸੇਵਾ ਅਤੇ ਆਦਰ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਸਟਾਫ ਅਤੇ ਵਿਦਿਆਰਥੀਆਂ ਨੇ ਮਿਲ ਕੇ ਮਾਂ ਦਿਵਸ ਦੀ ਮਹੱਤਤਾ ਨੂੰ ਯਾਦਗਾਰ ਬਣਾਇਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੰਜਾਬ ਵਿੱਚ ਨਸ਼ੇ ਦੇ ਵਧਦੇ ਖਤਰੇ ’ਤੇ

# ਸੁਪਰੀਮ ਕੋਰਟ ਵੱਲੋਂ ਪੁਲਿਸ ਅਤੇ ਸਰਕਾਰ ਨੂੰ ਫਟਕਾਰਨਾ, ਸ਼ਲਾਘਾਯੋਗ ਕਦਮ - ਸ. ਵਡਾਲਾ, ਸ. ਛੋਟੇਪੁਰ

**ਚੰਡੀਗੜ੍ਹ, 9 ਮਈ (ਆਵਾਜ਼ਿ ਕੌਮ ਬਿਊਰੋ)**-ਦੇਸ਼ ਦੀ ਸਰਵਉੱਚ ਅਦਾਲਤ ਨੇ ਕੱਲ੍ਹ ਸ਼ੁਕਰਵਾਰ ਨੂੰ ਪੰਜਾਬ ਵਿੱਚ ਨਸ਼ੇ ਦੇ ਵਧਦੇ ਖਤਰੇ ਬਾਰੇ ਟਿੱਪਣੀ ਕਰਦਿਆਂ, ਇਸ ਨਾਲ ਹੋਣ ਵਾਲੇ ਜਾਨੀ ਨੁਕਸਾਨ ਨੂੰ ਬਹੁਤ ਹੀ ਚਿੰਤਾਜਨਕ ਦੱਸਿਆ ਹੈ। ਕੀ ਇਸ ਟਿੱਪਣੀ ਨੂੰ ਪੰਜਾਬ ਸਰਕਾਰ ਗੰਭੀਰਤਾ ਨਾਲ ਲੈ ਕੇ ਕੋਈ ਹੱਲ ਕੱਢਣ ਵੱਲ ਤੁਰੇਗੀ ? ਇਹਨਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਅਤੇ ਸੀਨੀਅਰ ਮੀਤ ਪ੍ਰਧਾਨ ਸ ਸੁੱਚਾ ਸਿੰਘ ਛੋਟੇਪੁਰ ਨੇ ਇਕ ਲਿਖਤੀ ਪ੍ਰੈਸ ਬਿਆਨ ਵਿੱਚ ਕੀਤਾ। ਉਹਨਾਂ ਕਿਹਾ ਕਿ ਜਦੋਂ ਪੰਜਾਬ ਸਰਕਾਰ ’ਯੁੱਧ ਨਸ਼ਿਆਂ ਵਿਰੁੱਧ’ ਲੜ ਰਹੀ ਹੈ ਤਾਂ ਇਸਦੇ ਸਾਰਥਿਕ ਨਤੀਜੇ ਸਾਹਮਣੇ ਕਿਉਂ ਨਹੀਂ ਆ ਰਹੇ ? ਕੱਲ੍ਹ ਹੀ ਐਨ.ਸੀ.ਆਰ.ਬੀ ਵੱਲੋਂ ਜਾਰੀ ਕੀਤੇ ਗਏ ਅੰਕੜਿਆਂ ਮੁਤਾਬਕ ਪੰਜਾਬ ਵਿੱਚ 2024 ਵਿੱਚ ਨਸ਼ਾ ਤਸਕਰੀ ਦੇ ਦੇਸ਼ ਭਰ ਚੋਂ ਸਭ ਤੋਂ ਵੱਧ 8973 ਮਾਮਲੇ ਦਰਜ ਕੀਤੇ ਗਏ। ਪਰ ਇਸਦੇ ਬਾਵਜੂਦ ਨਸ਼ੇ ਨਾਲ ਹੋਣ ਵਾਲੀਆਂ ਮੌਤਾਂ ਦੀ ਗਿਣਤੀ ਵਿੱਚ ਵੀ ਪੰਜਾਬ ਦੂਜੇ ਨੰਬਰ ’ਤੇ ਹੈ। ਏਸੇ ਕਰਕੇ ਸੁਪਰੀਮ ਕੋਰਟ ਨੇ ਪੁਲਸ ਨੂੰ ਝਾੜ ਪਾਉਂਦਿਆਂ ਕਿਹਾ ਹੈ ਕਿ ਵੱਡੇ ਮਗਰਮੱਛਾਂ ਨੂੰ ਨਹੀਂ ਫੜਿਆ ਜਾ ਰਿਹਾ। ਦੋਹਾਂ ਆਗੂਆਂ ਨੇ ਬਿਆਨ ਵਿੱਚ ਅੱਗੇ ਕਿਹਾ ਕਿ ਇਹ ਬਹੁਤ ਹੈਰਾਨੀਜਨਕ ਹੈ ਕਿ ਸੁਪਰੀਮ ਕੋਰਟ ਨੂੰ ਤਾਂ ਪਤਾ ਹੈ ਕਿ ਵੱਡੇ ਮਗਰਮੱਛ ਨਹੀਂ ਫੜੇ ਜਾ ਰਹੇ ਅਤੇ ਨਸ਼ੇ ਦਾ ਕੇਂਦਰ ਲੁਧਿਆਣਾ ਹੈ। ਪਰ ਹਰ ਕਿਸੇ ਦੀ ਖਬਰ ਰੱਖਣ ਵਾਲੀ ਸਭ ਤੋਂ ਸਮਾਰਟ ਪੰਜਾਬ ਪੁਲਸ ਨੂੰ ਦੇਸ਼ ਭਰ ਚੋਂ ਵੱਧ ਕੇਸ ਦਰਜ ਕਰਨ ਤੋਂ ਬਾਦ ਵੀ ਕੋਈ ਜਾਣਕਾਰੀ ਨਹੀ ਕਿ ਉਸਦੇ ਇਲਾਕੇ ਵਿੱਚ ਕਿਹੜਾ ਵੱਡਾ ਨਸ਼ਾ ਤਸਕਰ ਹੈ ਜੋ ਖੁੱਲ੍ਹੇਆਮ ਨਸ਼ਾ ਵੇਚ ਕੇ ਲੋਕਾਂ ਦੇ ਪੁਤ ਮਾਰ ਰਿਹਾ ਹੈ। ਮਾਣਯੋਗ ਜੱਜ ਸਾਹਿਬਾਨ ਨੇ ਪੰਜ ਪੁਤ ਗਵਾ ਚੁੱਕੀ ਮਾਂ ਦਾ ਜਿਕਰ ਵੀ ਕੀਤਾ ਹੈ। ਜੇ ਦਿੱਲੀ ਵਿੱਚ ਬੈਠੇ ਰੁਝੇਵਿਆਂ ਭਰੀ ਜਿੰਦਗੀ ਵਾਲੇ ਜੱਜ ਸਾਹਿਬਾਨ ਨੂੰ ਅਜਿਹੇ ਕੇਸਾਂ ਬਾਰੇ ਜਾਣਕਾਰੀ ਹੈ ਅਤੇ ਉਹ ਗੂੜੀ ਸੰਵੇਦਨਾ ਵੀ ਰੱਖਦੇ ਹਨ, ਤਾਂ ਪੰਜਾਬ ਪੁਲਿਸ ਤੇ ਅਜਿਹੀਆਂ ਦਰਦਨਾਕ ਘਟਨਾਵਾਂ ਦਾ ਅਸਰ ਕਿਉਂ ਨਹੀਂ ਹੁੰਦਾ ? ਨਸ਼ਿਆਂ ਵਿਰੁੱਧ ਯੁੱਧ ਲੜਨ ਵਾਲੀ ਸਰਕਾਰ ਨੂੰ ਉਹਨਾਂ ਅਦਾਲਤੀ ਟਿਪਣੀਆਂ ਨੂੰ ਗੰਭੀਰਤਾ ਨਾਲ ਲੈਣ ਦੀ ਲੋੜ ਹੈ ਜਿਸ ਵਿੱਚ ਸਰਕਾਰ ਨੂੰ ’ਤਰੀਕੇ ਬਦਲਣ’ ਅਤੇ ’ਪੁਲਸ ਨੂੰ ਸੰਵੇਦਨਸ਼ੀਲ ਬਣਾਉਣ’ ਬਾਰੇ ਕਿਹਾ ਗਿਆ ਹੈ। ਦੋਹਾਂ ਆਗੂਆਂ ਨੇ ਕਿਹਾ ਕਿ ਵਾਕਈ ਇਹ ਹੁਣ ਸਿਰਫ ਕਾਨੂੰਨ ਵਿਵਸਥਾ ਦਾ ਮਾਮਲਾ ਨਹੀਂ ਰਿਹਾ, ਸਗੋਂ ਪੂਰੇ ਸਮਾਜ ਦੇ ਭਵਿੱਖ ਨਾਲ ਜੁੜਿਆ ਹੋਇਆ ਹੈ। ਜਿੱਥੇ ਇਕ ਪੂਰੀ ਪੀੜ੍ਹੀ ਬਰਬਾਦੀ ਦੇ ਕਗਾਰ ਵੱਲ ਵੱਧ ਰਹੀ ਹੈ।





### ਮਜ਼ਦੂਰ ਚੌਂਕ ਕਾਂਜੀ ਹਾਊਸ ਫ਼ਿਰੋਜ਼ਪੁਰ ਛਾਉਣੀ ਵਿਖੇ ਹੋਈ

# ਬਾਬਾ ਵਿਸ਼ਕਰਮਾ ਬਾਬਾ ਜੀਵਨ ਸਿੰਘ ਮਜ਼ਦੂਰ ਵੈਲਫੇਅਰ ਸੁਸਾਇਟੀ ਦੀ ਮੀਟਿੰਗ



ਫ਼ਿਰੋਜ਼ਪੁਰ, 09 ਮਈ (ਮਨੋਹਰ ਲਾਲ) :— ਬਾਬਾ ਵਿਸ਼.ਕਰਮਾ ਬਾਬਾ ਜੀਵਨ ਸਿੰਘ ਮਜ਼ਦੂਰ ਵੈਲਫੇਅਰ ਸੁਸਾਇਟੀ ਦੀ ਮੀਟਿੰਗ ਮਜ਼ਦੂਰ ਚੌਂਕ ਕਾਂਜੀ ਹਾਊਸ ਫ਼ਿਰੋਜ਼ਪੁਰ ਛਾਉਣੀ ਵਿਖੇ ਹੋਈ। ਇਸ ਮੀਟਿੰਗ ਵਿਚ ਕਈ ਵਿਚਾਰ ਵਟਾਂਦਰੇ ਹੋਏ, ਜਿਸ ਵਿਚ 11 ਮੈਂਬਰਾਂ ਨੇ ਸਰਬ ਸੰਮਤੀ ਨਾਲ ਅਤੇ ਸਾਰੀ ਮਜ਼ਦੂਰ ਲੇਬਰ ਨੇ ਇਹ ਫੈਸਲਾ ਕੀਤਾ ਕਿ ਜਥੇਦਾਰ ਬਾਬਾ ਬਲਵੀਰ ਸਿੰਘ ਨੂੰ ਸਰਬ ਸੰਮਤੀ ਨਾਲ ਇਸ ਸੁਸਾਇਟੀ ਦਾ ਪ੍ਰਧਾਨ ਬਨਾਇਆ ਗਿਆ। ਇਸ ਸਮੂਹ ਸੁਸਾਇਟੀ ਮੈਂਬਰ ਅਤੇ ਮਜ਼ਦੂਰ ਵੈਲਫੇਅਰ ਸੁਸਾਇਟੀ ਨੇ ਆਖਿਆ ਕਿ ਅੱਜ ਤੋਂ ਬਾਅਦ ਜਥੇਦਾਰ ਬਾਬਾ ਬਲਵੀਰ ਸਿੰਘ ਜੀ ਜ਼ੋ ਵੀ ਫੈਸਲਾ ਲੈਣਗੇ, ਉਹ ਸਾਨੂੰ ਮਨਜ਼ੂਰ ਹੋਵੇਗਾ। ਇਸ ਮੌਕੇ ਤੇ ਸਮੂਹ ਆਗੂਆਂ ਨੇ ਕਿਹਾ ਕਿ ਸਾਨੂੰ ਹੋਰ ਕਿਸੇ ਪ੍ਰਧਾਨ ਦੀ ਲੋੜ ਨਹੀਂ ਹੈ। ਇਸ ਮੌਕੇ ਤੇ 11 ਮੈਂਬਰੀ ਕਮੇਟੀ ਜਿਸ ਵਿਚ ਜਥੇਦਾਰ ਬਾਬਾ ਬਲਵੀਰ ਸਿੰਘ, ਮਿਸਤਰੀ ਬਲਜੀਤ ਸਿੰਘ ਵਾਈਸ ਪ੍ਰਧਾਨ, ਮਿਸਤਰੀ ਮਹਿੰਦਰ ਸਿੰਘ ਸੈਕਟਰੀ, ਬਲਕਾਰ ਸਿੰਘ ਜਨਰਲ ਸਕੱਤਰ, ਜ਼ਸਵੀਰ ਸਿੰਘ ਕੈਸ਼ੀਅਰ, ਸੁਖਦੇਵ ਸਿੰਘ ਸੀ.ਆਰ.ਓ, ਜ਼ੋਗਿੰਦਰ ਸਿੰਘ ਅਗਜੈਕਟਿਵ ਮੈਂਬਰ, ਲਵਪ੍ਰੀਤ ਸਿੰਘ ਮੈਂਬਰ, ਜ਼ਸਵੀਰ ਸਿੰਘ ਮੈਂਬਰ, ਗੁਰਸੇਵਕ ਸਿੰਘ ਮੈਂਬਰ, ਜੀਤਾ ਸਿੰਘ ਮੈਂਬਰ ਆਦਿ ਹਾਜ਼ਰ ਸਨ। ਇਸ ਮੌਕੇ ਤੇ ਜਥੇਦਾਰ ਬਾਬਾ ਬਲਵੀਰ ਸਿੰਘ ਨੇ ਬੋਲਦਿਆਂ ਕਿਹਾ ਕਿ ਮੈਨੂੰ ਬਾਬਾ ਵਿਸ਼ਕਰਮਾ ਬਾਬਾ ਜੀਵਨ ਸਿੰਘ ਮਜ਼ਦੂਰ ਵੈਲਫੇਅਰ ਸੁਸਾਇਟੀ ਨੇ ਜਿਹੜੀ ਨਿਮਾਨੇ ਜਿਹੇ ਦਾਸ ਨੂੰ ਸੇਵਾ ਸੌਂਪੀ ਹੈ, ਉਹ ਮੈਂ ਤਨਦੇਹੀ ਨਾਲ ਨਿਭਾਵਾਂਗਾ ਅਤੇ ਮੈਂ ਹਰ ਕੰਮ ਸੁਸਾਇਟੀ ਦੇ ਹੱਕ ਵਿਚ ਕਰਾਂਗਾ।

# ਸੰਤ ਕਰਤਾਰ ਸਿੰਘ ਜੀ ਖ਼ਾਲਸਾ ਅਕੈਡਮੀ ਵਿਖੇ ਮਨਾਇਆ ਗਿਆ ‘ਮਦਰ ਡੇ’

**ਫ਼ਿਰੋਜ਼ਪੁਰ, 09 ਮਈ (ਮਨੋਹਰ ਲਾਲ)** :— ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਜੀ ਦੀ ਸਰਪ੍ਰਸਤੀ ਹੇਠ ਚੱਲ ਰਹੇ ਬਹੁਤ ਸਾਰੇ ਅਦਾਰਿਆਂ ਵਿਚੋਂ ਇਕ ਅਦਾਰਾ ਸੰਤ ਕਰਤਾਰ ਸਿੰਘ ਜੀ ਖ਼ਾਲਸਾ ਸੀਨੀਅਰ ਸਕੈਂਡਰੀ ਸਕੂਲ ਬੁਰਜ ਮੱਖਣ, ਫ਼ਿਰੋਜਪੁਰ ਵਿਚ ‘ਅੰਤਰ ?ਰਾਸ਼ਟਰੀ ‘ਮਦਰ ਡੇ’ ਨਾਲ ਸੰਬੰਧਿਤ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਜਿਸ ਵਿਚ ਸਮੁੱਚੇ ਸਟਾਫ਼ ਅਤੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ। ਵਿਦਿਆਰਥੀਆਂ ਵਿਚ ਅੱਠਵੀਂ ਕਲਾਸ ਦੀ ਇਸ਼ਿਕਰਤ ਕੌਰ, ਪੰਜਵੀਂ ਕਲਾਸ ਦੀ ਸਮਰੀਤ ਕੌਰ ਅਤੇ ਨੌਵੀਂ ਕਲਾਸ ਦੀ ਏਕਮਜੋਤ ਕੌਰ ਨੇ ‘ਮਦਰ ਡੇ’ ਨਾਲ ਸੰਬੰਧਿਤ ਵਿਚਾਰ ਪੇਸ਼ ਕੀਤੇ। ਅਧਿਆਪਕਾਂ ਵਿਚੋਂ ਮੈਡਮ ਅਮਨਦੀਪ ਕੌਰ ਅਤੇ ਮਨਪ੍ਰੀਤ ਕੌਰ ਨੇ ‘ਮਦਰ ਡੇ’ ਨਾਲ ਸੰਬੰਧੀ ਜਾਣਕਾਰੀ ਵਿਦਿਆਰਥੀਆਂ ਨੂੰ ਦਿੱਤੀ, ਉਨ੍ਹਾਂ ਨੇ ‘ਮਦਰ ਡੇ’ ਦਾ ਪਿਛੋਕੜ ਦੱਸਦਿਆਂ ‘ਮਾਂ’ ਦਾ ਸਮਾਜ ਵਿਚ ਯੋਗਦਾਨ ਅਤੇ ਕਿੰਨਾ ਅਹਿਮ ਰੋਲ ਹੈ ਆਦਿ ਸੰਬੰਧੀ ਜਾਣਕਾਰੀ ਦਿੱਤੀ। ਵਿਦਿਆਰਥੀਆਂ ਨੇ ਮਾਂ ਦੀਆਂ ਮਜਬੂਰੀਆਂ ਅਤੇ ਉਨ੍ਹਾਂ ਦੇ ਯੋਗਦਾਨ ਸੰਬੰਧੀ ਸੰਖੇਪ ਵਿਚ ਚਾਨਣਾ ਪਾਇਆ। ਸਕੂਲ ਦੇ ਵਿਚ ਵੱਖ ਵੱਖ ਗਤੀਵਿਧੀਆਂ ਦੁਆਰਾ ਵਿਦਿਆਰਥੀਆਂ ਨੂੰ ‘ਮਾਂ’ ਦੀ ਪਰਿਵਾਰ ਅਤੇ ਆਉਣ ਵਾਲੀ ਪੀੜੀ ਲਈ ਅਹਿਮੀਅਤ ਤੋਂ ਜਾਣੂ ਕਰਵਾਇਆ ਗਿਆ। ਅੰਤ ਸਕੂਲ ਦੇ ਪ੍ਰਿੰਸੀਪਲ ਪ੍ਰਭਜੀਤ ਕੌਰ ਨੇ ਸਾਰਿਆਂ ਦਾ ਧੰਨਵਾਦ ਕੀਤਾ। ਸੈਮੀਨਾਰ ਵਿਚ ਹਾਜ਼ਰ ਸਨ ?ਪ੍ਰਿੰਸੀਪਲ ਹਰਸ਼ਦੀਪ ਸਿੰਘ (ਦਸਮੇਸ਼ ਅਦਾਰੇ), ਪ੍ਰਿੰਸੀਪਲ ਗੁਰਦੀਪ ਸਿੰਘ (ਖ਼ਾਲਸਾ ਕਾਲਜ ਮਹਿਤਾ), ਡਾ: ਅਰਜੁਨ ਸਿੰਘ, ਪ੍ਰਭਜੀਤ ਕੌਰ, ਮਨਪ੍ਰੀਤ ਕੌਰ (ਕੋਆਰਡੀਨੇਟਰ), ਸੁਖਦੇਵ ਸਿੰਘ, ਚਰਨਜੀਤ ਸਿੰਘ, ਮੈਡਮ ਲਤਾ, ਅਮਨਦੀਪ ਕੌਰ, ਮਨਪ੍ਰੀਤ ਕੌਰ, ਜਸਪ੍ਰੀਤ ਕੌਰ, ਮਨਪ੍ਰੀਤ ਸਿੰਘ, ਮਨਪ੍ਰੀਤ ਕੌਰ ਆਦਿ।




# ਗੁਰਦੁਆਰਾ ਟਾਹਲੀ ਸਾਹਿਬ ਭੰਗਾਲੀ ਕਲਾਂ ਵਿਖੇ ਸਲਾਨਾ ਸ਼ਹੀਦੀ ਸਮਾਗਮ ਅੱਜ

**ਚੌਕ ਮਹਿਤਾ, 9 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਟਾਹਲੀ ਸਾਹਿਬ ਭੰਗਾਲੀ ਕਲਾਂ ਦੇ ਮੌਜੂਦਾ ਮੁੱਖੀ ਸੰਤ ਬਾਬਾ ਮਨਮੋਹਨ ਸਿੰਘ ਜੀ ਅਤੇ ਸੰਤ ਬਾਬਾ ਲਖਬੀਰ ਸਿੰਘ ਜੀ ਦੀ ਅਗਵਾਈ ਹੇਠ ਧੰਨ ਧੰਨ ਬਾਬਾ ਬੀਰ ਸਿੰਘ ਨੌਰੰਗਾਬਾਦ ਵਾਲਿਆਂ ਦੀ ਯਾਦ ਵਿੱਚ 182 ਵਾ ਸਲਾਨਾ ਸ਼ਹੀਦੀ ਸਮਾਗਮ ਸਮੂਹ ਇਲਾਕੇ ਅਤੇ ਐਨ ਆਰ ਆਈ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ 10 ਮਈ 2026 ਦਿਨ ਐਤਵਾਰ ਨੂੰ ਗੁਰਦੁਆਰਾ ਟਾਹਲੀ ਸਾਹਿਬ ਭੰਗਾਲੀ ਕਲਾਂ ਵਿਖੇ ਮਨਾਇਆ ਜਾ ਰਿਹਾ ਹੈ। ਆਰੰਭ ਕੀਤੇ ਗਏ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪਾਏ ਜਾਣਗੇ ਉਪਰੰਤ 10 ਤੋਂ 4 ਵਜੇ ਤੱਕ ਦੀਵਾਨ ਸਜਾਏ ਜਾਣਗੇ ।ਇਸ ਮੌਕੇ ਤੇ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰ ਰਹੇ ਹਨ। ਇਸ ਮੌਕੇ ਤੇ ਢਾਡੀ, ਪ੍ਰਚਾਰਕ ਕਥਾਵਾਚਕ ਕੀਰਤਨੀਏ ਅਤੇ ਕਵੀਸ਼ਰੀ ਜਥੇ ਗੁਰਮਤਿ ਦੀਆਂ ਵਿਚਾਰਾਂ ਦੀ ਸਾਂਝ ਪਾਉਣਗੇ। ਇਸ ਮੌਕੇ ਤੇ 10 ਮਈ ਨੂੰ ਅੰਮ੍ਰਿਤ ਸੰਚਾਰ ਕਰਵਾਇਆ ਜਾ ਰਿਹਾ ਹੈ ਜਿਸ ਵਿਚ ਅੰਮ੍ਰਿਤ ਅਭਿਆਖੀਆ ਨੂੰ ਪੰਜ ਕਕਾਰ ਫ੍ਰੀ ਦਿੱਤੇ ਜਾਣਗੇ ।ਇਸ ਮੌਕੇ ਤੇ ਸੰਤ ਬਾਬਾ ਮਨਮੋਹਨ ਸਿੰਘ ਜੀ ਅਤੇ ਸੰਤ ਬਾਬਾ ਲਖਬੀਰ ਸਿੰਘ ਜੀ ਵੱਲੋਂ ਸਮੂਹ ਦੇਸ਼ਾਂ ਵਿਦੇਸ਼ਾਂ ਅਤੇ ਇਲਾਕੇ ਦੀਆਂ ਸੰਗਤਾਂ ਨੂੰ ਬੇਨਤੀ ਹੈ ਕਿ ਵੱਧ ਤੋਂ ਵੱਧ ਹਾਜ਼ਰੀਆਂ ਭਰਕੇ ਸ਼ਹੀਦਾਂ ਸਿੰਘਾਂ ਦੀਆਂ ਖੁਸ਼ੀਆਂ ਪ੍ਰਾਪਤ ਕਰਨ।




# ਭਗਵੰਤ ਮਾਨ ਨੂੰ ਚੇਤਾਵਨੀ, ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਚੁਣੌਤੀ ਦੇਣਾ ਸਿੱਖ ਕੌਮ ਨੂੰ ਲਲਕਾਰਨ ਦੇ ਬਰਾਬਰ — ਸਰਨਾ

ਨਵੀਂ ਦਿੱਲੀ 9 ਮਈ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਸਬੰਧੀ ਲਿਆਂਦੇ ਜਾ ਰਹੇ ਕਾਨੂੰਨ ਅਤੇ ਇਸ ਮਾਮਲੇ ‘ਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਬਿਆਨ ਉੱਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਇਹ ਸਿੱਖ ਪੰਥ ਦੀਆਂ ਧਾਰਮਿਕ ਭਾਵਨਾਵਾਂ ਅਤੇ ਪੰਥਕ ਮਰਯਾਦਾ ਨੂੰ ਚੁਣੌਤੀ ਦੇਣ ਵਾਲਾ ਰਵੱਈਆ ਹੈ। ਉਨ੍ਹਾਂ ਕਿਹਾ ਕਿ ਸ਼੍ਰੀ ਅਕਾਲ ਤਖ਼ਤ ਸਾਹਿਬ ਸਿਰਫ਼ ਇੱਕ ਸੰਸਥਾ ਨਹੀਂ, ਸਗੋਂ ਸਮੂਹ ਸਿੱਖ ਕੌਮ ਦੀ ਸਰਵੋਚ ਆਤਮਕ ਅਤੇ ਪੰਥਕ ਅਥਾਰਟੀ ਹੈ। ਇਸ ਲਈ ਇਸ ਦੀ ਆਵਾਜ਼ ਨੂੰ ਨਜ਼ਰਅੰਦਾਜ਼ ਕਰਨਾ ਜਾਂ ਉਸ ਉੱਤੇ ਤਨਜ਼ ਕਰਨਾ ਹਰ ਸਿੱਖ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੇ ਬਰਾਬਰ ਹੈ। ਸਰਨਾ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ “ਸਿੰਘ ਸਾਹਿਬ ਸਰਕਾਰ ਚਲਾ ਰਹੇ ਹਨ” ਵਰਗੇ ਬਿਆਨ ਦੇਣਾ ਬਹੁਤ ਹੀ ਦੁਖਦਾਈ ਅਤੇ ਅਹੰਕਾਰ ਭਰਿਆ ਹੈ। ਉਨ੍ਹਾਂ ਕਿਹਾ ਮੈਂ ਮੁੱਖ ਮੰਤਰੀ ਨੂੰ ਦੱਸਣਾ ਚਾਹੁੰਦਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਤੁੱਲ ਕੁੱਲ ਸੰਸਾਰ ਦੀਆਂ ਸਰਕਾਰਾਂ ਨਹੀਂ ਆ ਸਕਦੀਆਂ । ਭਗਵੰਤ ਮਾਨ ਦੀ ਤੇ ਹਸਤੀ ਹੀ ਕੀ ਹੈ ।ਜੋ ਇਨਸਾਨ ਸਿੱਖ ਰਹਿਤ ਨੂੰ ਨਹੀਂ ਮੰਨਦਾ ਤੇ ਸ਼ਰਾਬ ਪੀ ਕੇ ਮਹਾਰਾਜ ਦੀ ਹਜ਼ੂਰੀ ਵਿੱਚ ਤੇ ਵਿਧਾਨ ਸਭਾ ਵਿੱਚ ਚਲਾ ਜਾਂਦਾ ਹੈ ਕੀ ਹੁਣ ਉਹ ਦੱਸੇਗਾ ਕਿ ਸਿੱਖ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਸਤਿਕਾਰ ਕਿਵੇਂ ਕਰਨਗੇ . ? ਉਨ੍ਹਾਂ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਜਿਨ੍ਹਾਂ ਨੇ ਵੀ ਸ਼੍ਰੀ ਅਕਾਲ ਤਖ਼ਤ ਸਾਹਿਬ ਅਤੇ ਪੰਥ ਨਾਲ ਟਕਰਾਉਣ ਦੀ ਕੋਸ਼ਿਸ਼ ਕੀਤੀ, ਉਹ ਕਦੇ ਕਾਮਯਾਬ ਨਹੀਂ ਹੋਏ।

ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਸਰਕਾਰ ਬਿਨਾਂ ਪੰਥਕ ਸਹਿਮਤੀ ਦੇ ਇੱਕ ਐਸਾ ਕਾਨੂੰਨ ਲਿਆਉਣਾ ਚਾਹੁੰਦੀ ਹੈ ਜੋ ਗੁਰੂ ਸਾਹਿਬ ਅਤੇ ਸਿੱਖ ਦੇ ਰਿਸ਼ਤੇ ਵਿਚ ਸਰਕਾਰੀ ਦਖਲਅੰਦਾਜ਼ੀ ਦਾ ਰਸਤਾ ਖੋਲ੍ਹ ਸਕਦਾ ਹੈ। ਉਨ੍ਹਾਂ ਕਿਹਾ ਕਿ ਇਹ ਮਸਲਾ ਸਿਰਫ਼ ਇੱਕ ਕਾਨੂੰਨ ਦਾ ਨਹੀਂ, ਸਗੋਂ ਸਿੱਖ ਕੌਮ ਦੀ ਧਾਰਮਿਕ ਅਜ਼ਾਦੀ ਅਤੇ ਮਰਯਾਦਾ ਨਾਲ ਜੁੜਿਆ ਹੋਇਆ ਹੈ। ਸਰਨਾ ਨੇ ਸਮੂਹ ਪੰਥਕ ਧਿਰਾਂ ਨੂੰ ਅਪੀਲ ਕੀਤੀ ਕਿ ਆਪਸੀ ਧੜੇਬੰਦੀ ਅਤੇ ਰਾਜਨੀਤਿਕ ਵੱਖਰਾਪੇ ਤੋਂ ਉੱਪਰ ਉੱਠ ਕੇ ਇਕਜੁੱਟਤਾ ਨਾਲ ਇਸ ਮਸਲੇ ‘ਤੇ ਆਪਣੀ ਆਵਾਜ਼ ਬੁਲੰਦ ਕਰਨ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੋ ਵੀ ਧਿਰ ਇਸ ਮਾਮਲੇ ‘ਚ ਚੁੱਪ ਰਹੇਗੀ ਜਾਂ ਸਰਕਾਰ ਦਾ ਸਾਥ ਦੇਵੇਗੀ, ਉਹ ਪੰਥ ਦੇ ਸਾਹਮਣੇ ਜਵਾਬਦੇਹ ਹੋਵੇਗੀ।



## ਮਾਂ

ਮਾਂ ਹੁੰਦੀ ਬੜੀ ਸਿਆਣੀ
ਬੱਚਿਆਂ ਨੂੰ ਦੇਵੇ ਰੋਟੀ ਪਾਣੀ
ਪਾਲ ਪੋਸ ਕੀਤਾ ਤਿਆਰ
ਬੱਚੇ ਵੀ ਦੇਣ ਮਾਂ ਦਾ ਸਾਥ

ਦੁੱਖ ਸੁਖ ਵਿੱਚ ਨਾਲ ਨਿਭਾਏ
ਹੱਸ ਕੇ ਹਰ ਗੱਲ ਸਮਝਾਏ
ਰੱਬ ਤੋਂ ਵੱਧ ਕੇ ਲੱਗਦੀ ਪਿਆਰੀ
ਮਾਂ ਹੁੰਦੀ ਸਭ ਤੋਂ ਨਿਆਰੀ

ਮਾਂ ਦੀ ਮਿਹਰ ਬੜੀ ਵੱਡੀ ਦਾਤ
ਉਸ ਦੇ ਚਰਨਾਂ ਵਿੱਚ ਸੁਖ ਸੌਗਾਤ
ਜਿਸ ਘਰ ਮਾਂ ਦੀ ਹੁੰਦੀ ਛਾਂ
ਉਸ ਘਰ ਸਫਰੀ ਰੱਬ ਦੀ ਥਾਂ



**-ਮਾਸਟਰ ਜਗੀਰ ਸਿੰਘ ਸਫਰੀ**
**ਸਠਿਅਲਾ ਮੋਬਾ 8146004540**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

“ਕੱਟੜ ਇਮਾਨਦਾਰੀ” ਦਾ ਨਕਾਬ ਉਤਰਿਆ, ਨਸ਼ਾ ਮਾਫੀਆ ਤੇ ਭ੍ਰਿਸ਼ਟਾਚਾਰ ਨੇ ਪੰਜਾਬ ਨੂੰ ਜਕੜਿਆ : ਪ੍ਰੋ. ਸਰਚਾਂਦ ਸਿੰਘ ਖਿਆਲਾ

# ਸੁਪਰੀਮ ਕੋਰਟ ਦੀਆਂ ਟਿੱਪਣੀਆਂ ਨੇ ਮਾਨ ਸਰਕਾਰ ਦੀ ਨਾਕਾਮੀ ’ਤੇ ਮੋਹਰ ਲਗਾਈ



**ਅੰਮ੍ਰਿਤਸਰ, 9 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪੰਜਾਬ ਵਿੱਚ ਨਸ਼ਿਆਂ ਦੇ ਵਧਦੇ ਕਹਿਰ, ਸੁਪਰੀਮ ਕੋਰਟ ਵੱਲੋਂ ਮਾਨ ਸਰਕਾਰ ਨੂੰ ਲਗਾਈ ਗਈ ਸਖ਼ਤ ਫਟਕਾਰ ਅਤੇ ਈ.ਡੀ. ਵੱਲੋਂ ਮੰਤਰੀ ਸੰਜੀਵ ਅਰੋੜਾ ਦੀ ਗ੍ਰਿਫ਼ਤਾਰੀ ਨੂੰ ਪੰਜਾਬ ਦੀ ਮੌਜੂਦਾ ਸਰਕਾਰ ਦੀ ਨੈਤਿਕ ਅਤੇ ਪ੍ਰਸ਼ਾਸਨਿਕ ਨਾਕਾਮੀ ਦਾ ਸਭ ਤੋਂ ਵੱਡਾ ਸਬੂਤ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜਿਹੜੀ ਆਮ ਆਦਮੀ ਪਾਰਟੀ ਨੇ “ਕੱਟੜ ਇਮਾਨਦਾਰ” ਹੋਣ ਦੇ ਨਾਅਰੇ ਨਾਲ ਸੱਤਾ ਹਾਸਲ ਕੀਤੀ ਸੀ, ਅੱਜ ਉਹੀ “ਕੱਟੜ ਬੇਈਮਾਨੀ”, ਝੂਠੇ ਪ੍ਰਚਾਰ ਅਤੇ ਰਾਜਨੀਤਿਕ ਡਰਾਮੇਬਾਜ਼ੀ ਦਾ ਪ੍ਰਤੀਕ ਬਣ ਚੁੱਕੀ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਈ.ਡੀ. ਵੱਲੋਂ ਮੰਤਰੀ ਸੰਜੀਵ ਅਰੋੜਾ ਦੀ 100 ਕਰੋੜ ਰੁਪਏ ਤੋਂ ਵੱਧ ਦੇ ਕਥਿਤ ਘਪਲੇ ਵਿੱਚ ਕੀਤੀ ਗ੍ਰਿਫ਼ਤਾਰੀ ਨੇ ਇਹ ਸਾਬਤ ਕਰ ਦਿੱਤਾ ਹੈ ਕਿ “ਸਾਫ਼ ਰਾਜਨੀਤੀ” ਦੇ ਨਾਂ ‘ਤੇ ਪੰਜਾਬ ਦੇ ਲੋਕਾਂ ਨਾਲ ਧੋਖਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਦਿੱਲੀ ਤੋਂ ਪੰਜਾਬ ਤੱਕ “ਆਪ” ਦੇ ਕਈ ਵੱਡੇ ਆਗੂ ਭ੍ਰਿਸ਼ਟਾਚਾਰ ਦੇ ਦੋਸ਼ਾਂ ਹੇਠ ਘਿਰੇ ਹੋਏ ਹਨ, ਜਿਸ ਨਾਲ ਇਹ ਸਪਸ਼ਟ ਹੋ ਗਿਆ ਹੈ ਕਿ ਇਨ੍ਹਾਂ ਦੀ ਰਾਜਨੀਤੀ ਸਿਰਫ਼ ਇਸ਼ਿਤਹਾਰਾਂ, ਝੂਠੇ ਨੈਰੇਟਿਵ ਅਤੇ ਭਾਵਨਾਤਮਕ ਠੱਗੀ ‘ਤੇ ਖੜ੍ਹੀ ਸੀ।

**ਈ.ਡੀ. ਵੱਲੋਂ ਮੰਤਰੀ ਸੰਜੀਵ ਅਰੋੜਾ ਦੀ ਗ੍ਰਿਫ਼ਤਾਰੀ ਨੇ “ਆਪ” ਦੇ ਭ੍ਰਿਸ਼ਟਾਚਾਰ ਮੁਕਤ ਰਾਜਨੀਤੀ ਦੇ ਦਾਵਿਆਂ ਦੀ ਪੋਲ ਖੋਲ੍ਹੀ**

ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਹੁਣ ਸਮਝ ਚੁੱਕੀ ਹੈ ਕਿ ਸੂਬਾ ਟਵਿੱਟਰ ਦੀ ਰਾਜਨੀਤੀ, ਸੋਸ਼ਲ ਮੀਡੀਆ ਦੀਆਂ ਵੀਡੀਓਆਂ ਅਤੇ ਖੋਖਲੇ ਵਾਅਦਿਆਂ ਨਾਲ ਨਹੀਂ, ਸਗੋਂ ਇਮਾਨਦਾਰ ਨੀਅਤ, ਜਵਾਬਦੇਹੀ ਅਤੇ ਮਜ਼ਬੂਤ ਪ੍ਰਸ਼ਾਸਨ ਨਾਲ ਚੱਲਦਾ ਹੈ। ਹੁਣ ਸਮਾਂ ਆ ਗਿਆ ਹੈ ਕਿ ਪੰਜਾਬ ਦੇ ਲੋਕ “ਸਭ ਦਾ ਹਿਸਾਬ” ਕਰਨ ਅਤੇ ਝੂਠੀ ਸਿਆਸਤ ਕਰਨ ਵਾਲਿਆਂ ਨੂੰ ਲੋਕਤੰਤਰਿਕ ਢੰਗ ਨਾਲ ਕਰਾਰਾ ਜਵਾਬ ਦੇਣ।

ਪ੍ਰੋ. ਖਿਆਲਾ ਨੇ ਕਿਹਾ ਕਿ ਸੁਪਰੀਮ ਕੋਰਟ ਵੱਲੋਂ ਪੰਜਾਬ ਵਿੱਚ ਨਸ਼ਿਆਂ ਦੀ ਸਥਿਤੀ ਨੂੰ “ਚਿੰਤਾਜਨਕ” ਅਤੇ “ਹੱਥੋਂ ਨਿਕਲਦੀ ਹੋਈ” ਕਰਾਰ ਦੇਣਾ ਮਾਨ ਸਰਕਾਰ ਦੀ ਨਾਕਾਮੀ ‘ਤੇ ਸਿੱਧੀ ਮੋਹਰ ਹੈ। ਉਨ੍ਹਾਂ ਕਿਹਾ ਕਿ ਭਾਰਤ ਦੇ ਮੁੱਖ ਨਿਆਂਧੀਸ਼ ਜਸਟਿਸ ਸੂਰਿਆ ਕਾਂਤ ਵੱਲੋਂ ਇਹ ਕਹਿਣਾ ਕਿ ਪੰਜਾਬ ਵਿੱਚ ਇੱਕ ਮਾਂ ਆਪਣੇ ਪੰਜੇ ਪੁੱਤਰ ਨਸ਼ਿਆਂ ਕਾਰਨ ਗੁਆ ਬੈਠੀ, ਸਿਰਫ਼ ਇੱਕ ਟਿੱਪਣੀ ਨਹੀਂ, ਸਗੋਂ ਪੰਜਾਬ ਦੀ ਮੌਜੂਦਾ ਤਰਾਸਦੀ ਦਾ ਦਰਦਨਾਕ ਦਰਪਣ ਹੈ।

ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਨੇ ਸਪਸ਼ਟ ਤੌਰ ‘ਤੇ ਕਿਹਾ ਹੈ ਕਿ ਪੰਜਾਬ ਪੁਲਿਸ ਛੋਟੇ ਪੱਧਰ ਦੇ ਪੈਡਲਰਾਂ ਨੂੰ ਫੜ ਕੇ ਪਬਲਿਸਿਟੀ ਲੈ ਰਹੀ ਹੈ, ਜਦਕਿ “ਵੱਡੀਆਂ ਮੱਛੀਆਂ” ਅਤੇ ਅਸਲ ਨਸ਼ਾ ਮਾਫੀਆ ਅਜੇ ਵੀ ਕਾਨੂੰਨ ਦੀ ਪਕੜ ਤੋਂ ਬਾਹਰ ਹਨ। ਪ੍ਰੋ. ਖਿਆਲਾ ਨੇ ਕਿਹਾ ਕਿ CJI ਦਾ ਇਹ ਬਿਆਨ ਕਿ “ਸਭ ਨੂੰ ਪਤਾ ਹੈ ਕਿਨ੍ਹਾਂ ਨੂੰ ਫੜਿਆ ਜਾਂਦਾ ਹੈ ਅਤੇ ਕਿਨ੍ਹਾਂ ਨੂੰ ਛੱਡਿਆ ਜਾਂਦਾ ਹੈ” ਪੰਜਾਬ ਸਰਕਾਰ ਦੀ ਨੀਅਤ ਅਤੇ ਕਾਰਗੁਜ਼ਾਰੀ ‘ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਉਨ੍ਹਾਂ ਕਿਹਾ ਕਿ ਜਦੋਂ ਦੇਸ਼ ਦੀ ਸਭ ਤੋਂ ਵੱਡੀ ਅਦਾਲਤ ਨੂੰ ਪੰਜਾਬ ਵਿੱਚ ਨਸ਼ਾ ਤਸਕਰੀ ਖ਼ਿਲਾਫ਼ ਖ਼ਾਸ ਅਦਾਲਤਾਂ ਬਣਾਉਣ ਦੀ ਲੋੜ ਮਹਿਸੂਸ ਹੋ ਰਹੀ ਹੈ, ਤਾਂ ਇਹ ਸੂਬਾ ਸਰਕਾਰ ਲਈ ਸ਼ਰਮਨਾਕ ਸਥਿਤੀ ਹੈ।

ਪ੍ਰੋ. ਖਿਆਲਾ ਨੇ ਕਿ ਪੰਜਾਬ ਵਿੱਚ ਨਸ਼ਾ ਤਸਕਰੀ ਇੱਕ ਡੂੰਘੀ ਜੜਾਂ ਵਾਲਾ ਅੰਤਰ-ਰਾਜੀ ਮਾਫੀਆ ਨੈੱਟਵਰਕ ਬਣ ਚੁੱਕੀ ਹੈ, ਜਿਸ ਨਾਲ ਨਜਿੱਠਣ ਲਈ ਕੇਂਦਰੀ ਪੱਧਰ ‘ਤੇ ਨਿਗਰਾਨੀ ਅਤੇ ਸਖ਼ਤ ਤਾਲਮੇਲ ਦੀ ਲੋੜ ਦੀ ਪੂਰਤੀ ਕੇਂਦਰ ਵਲੋਂ ਕੀਤੀ ਜਾ ਰਹੀ ਹੈ। ਉਨਾਂ ਕਿਹਾ ਕਿ ਨਸ਼ਾ ਮਾਫੀਆ ਖ਼ਿਲਾਫ਼ ਕਾਰਵਾਈ ਕਰਨ ਕਾਰਨ ਸਾਫਗੋ ਸ਼ਕਸੀਅਤਾਂ ਨੂੰ ਧਮਕੀਆਂ ਮਿਲੀਆਂ ਸਨ, ਜੋ ਇਹ ਦਰਸਾਉਂਦਾ ਹੈ ਕਿ ਨਸ਼ਾ ਮਾਫੀਆ ਕਿੰਨਾ ਪ੍ਰਭਾਵਸ਼ਾਲੀ ਅਤੇ ਖ਼ਤਰਨਾਕ ਬਣ ਚੁੱਕਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਜਾਨਣਾ ਚਾਹੁੰਦੇ ਹਨ ਕਿ ਆਖ਼ਿਰ ਉਹ ਵੱਡੇ ਚਿਹਰੇ ਕੌਣ ਹਨ ਜਿਨ੍ਹਾਂ ਨੂੰ ਬਚਾਇਆ ਜਾ ਰਿਹਾ ਹੈ?

ਉਨ੍ਹਾਂ ਕਿਹਾ ਕਿ ਪੰਜਾਬ ਨੂੰ ਇਸ਼ਿਤਹਾਰੀ ਸਰਕਾਰ ਨਹੀਂ, ਸਗੋਂ ਦ੍ਰਿੜ ਇਰਾਦੇ ਵਾਲੀ ਸਰਕਾਰ ਦੀ ਲੋੜ ਹੈ। ਨਸ਼ਿਆਂ ਨਾਲ ਬਰਬਾਦ ਹੋ ਰਹੀਆਂ ਮਾਵਾਂ ਦੀਆਂ ਚੀਖਾਂ, ਨੌਜਵਾਨੀ ਦੀਆਂ ਬਰਬਾਦ ਹੋ ਰਹੀਆਂ ਜ਼ਿੰਦਗੀਆਂ ਅਤੇ ਭ੍ਰਿਸ਼ਟਾਚਾਰ ਦੇ ਲਗਾਤਾਰ ਸਾਹਮਣੇ ਆ ਰਹੇ ਮਾਮਲੇ ਇਹ ਸਾਬਤ ਕਰ ਰਹੇ ਹਨ ਕਿ ਮਾਨ ਸਰਕਾਰ ਹਰ ਮੋਰਚੇ ‘ਤੇ ਅਸਫਲ ਰਹੀ ਹੈ। ਪੰਜਾਬ ਹੁਣ ਜਾਗ ਚੁੱਕਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਇਸ ਝੂਠ ਅਤੇ ਧੋਖੇ ਦੀ ਰਾਜਨੀਤੀ ਦਾ ਲੋਕਤੰਤਰਿਕ ਹਿਸਾਬ ਜ਼ਰੂਰ ਹੋਵੇਗਾ।

ਦਰਦ ਤੋਂ ਸੰਘਰਸ਼ ਤੱਕ : ਇੱਕ ਮਾਂ ਦੀ ਅਦਮ ਹਿੰਮਤ ਅਤੇ ਸੇਵਾ ਗਾਥਾ

# 25,000 ਟੁੱਟੇ-ਬਿਖਰੇ ਪਰਿਵਾਰਾਂ ਵਿੱਚ ਮੁੜ ਖੁਸ਼ੀਆਂ ਵਾਪਸ ਲਿਆ ਕੇ ਮਾਤਾ ਦਿਵਸ ਨੂੰ ਸਾਰਥਕ ਬਣਾਉਂਦੀਆਂ ਡਾ. ਸਵਰਾਜ ਗਰੋਵਰ

**ਚੌਕ ਮਹਿਤਾ,9 ਮਈ ,( ਬਾਬਾ ਸੁਖਵੰਤ ਸਿੰਘ ਚੰਨਣਕੇ)**-ਜੀਵਨ ਦੇ ਸਭ ਤੋਂ ਕਠਿਨ ਸੰਘਰਸ਼ਾਂ, ਅਸਹਿਣਯ ਪੀੜਾਵਾਂ ਅਤੇ ਵਿਰੋਧੀ ਪਰਿਸਥਿਤੀਆਂ ਦੇ ਵਿਚਕਾਰ ਵੀ ਜੋ ਮਾਂ ਆਪਣੇ ਪਰਿਵਾਰ, ਸਮਾਜ ਅਤੇ ਰਾਸ਼ਟਰ ਪ੍ਰਤੀ ਨਿਸ਼ਠਾ, ਹਿੰਮਤ ਅਤੇ ਸੇਵਾ ਦਾ ਦੀਵਾ ਲਗਾਤਾਰ ਜਗਾਉਂਦੀ ਰਹੇ, ਉਹੀ ਅਸਲ ਮਾਤਾ ਸ਼ਕਤੀ ਦਾ ਸਾਕਾਰ ਰੂਪ ਹੁੰਦੀ ਹੈ।



ਡਾ. ਸਵਰਾਜ ਗਰੋਵਰ ਦਾ ਜੀਵਨ ਇਸੇ ਅਦਮ ਹਿੰਮਤ, ਤਿਆਗ, ਸੇਵਾ ਅਤੇ ਸੰਸਕਾਰਾਂ ਦੀ ਪ੍ਰੇਰਣਾਦਾਇਕ ਗਾਥਾ ਹੈ।

13 ਦਸੰਬਰ 1945 ਨੂੰ ਅੰਮ੍ਰਿਤਸਰ ਦੀ ਪਵਿੱਤਰ ਧਰਤੀ ’ਤੇ ਜਨਮੀ ਡਾ. ਸਵਰਾਜ ਗਰੋਵਰ ਦੀ ਸਿੱਖਿਆ-ਦੀਖਿਆ ਵੀ ਇਸੇ ਪਵਿੱਤਰ ਨਗਰੀ ਵਿੱਚ ਹੋਈ।

11 ਨਵੰਬਰ 1968 ਨੂੰ ਉਨ੍ਹਾਂ ਦਾ ਵਿਆਹ ਸਮਾਜਸੇਵੀ ਅਤੇ ਤਕਨੀਕੀ ਅਧਿਕਾਰੀ ਸ਼੍ਰੀ ਪ੍ਰਮੋਦ ਕੁਮਾਰ ਗਰੋਵਰ ਨਾਲ ਹੋਇਆ, ਜੋ ਮੱਧ ਪ੍ਰਦੇਸ਼ ਦੇ ਹੋਸ਼ੰਗਾਬਾਦ ਸਥਿਤ ਸੁਰੱਖਿਆ ਕਾਗਜ਼ ਕਾਰਖਾਨੇ ਵਿੱਚ ਕਾਰਰਤ ਸਨ।

ਪਰਮਾਤਮਾ ਨੇ ਉਨ੍ਹਾਂ ਨੂੰ ਪੁਨੀਤ ਗਰੋਵਰ ਅਤੇ ਪਿਯੂਸ਼ ਗਰੋਵਰ ਵਰਗੇ ਸੰਸਕਾਰੀ ਪੁੱਤਰਾਂ ਦਾ ਆਸ਼ੀਰਵਾਦ ਦਿੱਤਾ, ਜਿਨ੍ਹਾਂ ਨੂੰ ਉਨ੍ਹਾਂ ਨੇ ਆਦਰਸ਼ਾਂ, ਸੰਸਕਾਰਾਂ ਅਤੇ ਸੇਵਾ ਭਾਵਨਾ ਨਾਲ ਭਰਪੂਰ ਮਾਹੌਲ ਵਿੱਚ ਪਾਲਿਆ-ਪੋਸਿਆ।

ਜੀਵਨ ਬਹੁਤ ਸੁਖਮਈ ਚੱਲ ਰਿਹਾ ਸੀ, ਪਰ ਸਮੇਂ ਨੇ ਕਈ ਕਠੋਰ ਪਰੀਖਿਆਵਾਂ ਲਈਆਂ।

5 ਸਤੰਬਰ 2001 ਨੂੰ ਜਦੋਂ ਡਾ. ਸਵਰਾਜ ਗਰੋਵਰ ਦਿੱਲੀ ਦੇ ਹੋਟਲ ਇੰਦਰਪ੍ਰਸਥ ਵਿੱਚ ਸ਼ੈਖਸ਼ਿਣਕ ਅਤੇ ਸਮਾਜਿਕ ਸੇਵਾਵਾਂ ਲਈ ਰਾਸ਼ਟਰਪਤੀ ਸਨਮਾਨ ਪ੍ਰਾਪਤ ਕਰ ਰਹੀਆਂ ਸਨ, ਉਸੇ ਸਮੇਂ ਉਨ੍ਹਾਂ ਦੇ ਇਕਲੌਤੇ ਜੀਜਾ ਜੀ ਦਾ ਅਚਾਨਕ ਦੇਹਾਂਤ ਹੋ ਗਿਆ। ਇਸ ਤੋਂ ਬਾਅਦ 29 ਦਸੰਬਰ 2004 ਨੂੰ ਉਨ੍ਹਾਂ ਦੇ ਸਮਾਜਸੇਵੀ ਪਤੀ ਸ਼੍ਰੀ ਪ੍ਰਮੋਦ ਗਰੋਵਰ ਅਤੇ ਇੰਟੈਲੀਜੈਂਸ ਅਧਿਕਾਰੀ ਤੇ ਸਮਾਜਸੇਵੀ ਭਰਾ ਸ਼੍ਰੀ ਸਵਦੇਸ਼ ਕੁਮਾਰ ਭੋਪਾਲ ਵਿੱਚ ਇੱਕ ਸੜਕ ਹਾਦਸੇ ਵਿੱਚ ਅਕਾਲ ਚਲਾਣਾ ਕਰ ਗਏ। ਇਹ ਦੁੱਖ ਬਹੁਤ ਹੀ ਅਸਹਿਣਯ ਸੀ, ਪਰ ਡਾ. ਸਵਰਾਜ ਗਰੋਵਰ ਨੇ ਆਪਣੇ ਆਪ ਨੂੰ ਟੁੱਟਣ ਨਹੀਂ ਦਿੱਤਾ। ਸਮੇਂ ਨੇ ਇੱਕ ਹੋਰ ਗਹਿਰਾ ਘਾਵ ਉਸ ਵੇਲੇ ਦਿੱਤਾ ਜਦੋਂ 14 ਮਈ 2017 ਨੂੰ ਉਨ੍ਹਾਂ ਦੇ ਵੱਡੇ ਪੁੱਤਰ ਪੁਨੀਤ ਗਰੋਵਰ ਦਿਵਯ ਜੋਤਿ ਵਿੱਚ ਲੀਨ ਹੋ ਗਏ। ਇਸ ਤੋਂ ਕੁਝ ਸਮੇਂ ਬਾਅਦ ਉਨ੍ਹਾਂ ਦੇ ਸਵਰਗਵਾਸੀ ਭਰਾ ਦੇ ਇਕਲੌਤੇ ਨੌਜਵਾਨ ਪੁੱਤਰ ਸ਼ਾਲੀਨ ਕੁਮਾਰ ਦਾ ਵੀ ਦੇਹਾਂਤ ਹੋ ਗਿਆ। ਇਨ੍ਹਾਂ ਅਸਹਿਣਯ ਦੁੱਖਾਂ ਅਤੇ ਨਿੱਜੀ ਪੀੜਾਵਾਂ ਦੇ ਬਾਵਜੂਦ ਡਾ. ਸਵਰਾਜ ਗਰੋਵਰ ਹਰ ਸੰਘਰਸ਼ ਨੂੰ ਆਪਣੀ ਤਾਕਤ ਬਣਾਕੇ ਚੱਟਾਨ ਵਾਂਗ ਡਟੀਆਂ ਰਹੀਆਂ। ਉਨ੍ਹਾਂ ਨੇ ਆਪਣੇ ਪਰਿਵਾਰ ਨੂੰ ਸੰਭਾਲਿਆ, ਸਮਾਜ ਨੂੰ ਦਿਸ਼ਾ ਦਿੱਤੀ ਅਤੇ ਰਾਸ਼ਟਰ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਦਾ ਨਿਸ਼ਠਾਪੂਰਵਕ ਨਿਭਾਹ ਕੀਤਾ।

ਉਨ੍ਹਾਂ ਦੇ ਵੱਡੇ ਪੁੱਤਰ ਸਵਰਗਵਾਸੀ ਪੁਨੀਤ ਗਰੋਵਰ ਦਿੱਲੀ ਸਥਿਤ ਜਿੰਦਲ ਕੰਪਨੀ ਵਿੱਚ ਜਨਰਲ ਮੈਨੇਜਰ ਸਨ। ਉਹ ਕਈ ਵਾਰ ਖ਼ੂਨਦਾਨ ਕਰਕੇ ਲੋੜਵੰਦਾਂ ਨੂੰ ਨਵਾਂ ਜੀਵਨ ਦਿੰਦੇ ਰਹੇ। ਪਰਿਵਾਰ ਵਿੱਚ ਹਰ ਰੋਜ਼ ਯੱਗ, ਸੰਧਿਆ, ਉਪਾਸਨਾ ਅਤੇ ਵੈਦਿਕ ਸੰਸਕਾਰਾਂ ਦੀ ਪਰੰਪਰਾ ਰਹੀ, ਜਿਸ ਨੇ ਪੂਰੇ ਪਰਿਵਾਰ ਨੂੰ ਸੇਵਾ, ਸੰਸਕਾਰ ਅਤੇ ਆਧਿਆਤਮਿਕਤਾ ਨਾਲ ਜੋੜ ਕੇ ਰੱਖਿਆ।

ਡਾ. ਸਵਰਾਜ ਗਰੋਵਰ ਅਤੇ ਉਨ੍ਹਾਂ ਦਾ ਪਰਿਵਾਰ ਵੱਖ-ਵੱਖ ਸਮਾਜਿਕ ਅਤੇ ਵੈਦਿਕ ਸੰਸਥਾਵਾਂ ਨਾਲ ਜੁੜ ਕੇ ਸਾਲਾਂ ਤੋਂ ਭਾਰਤੀ ਸੰਸਕ੍ਰਿਤੀ, ਨੈਤਿਕ ਮੁੱਲਾਂ ਅਤੇ ਸਮਾਜ ਸੇਵਾ ਦੇ ਕਾਰਜਾਂ ਵਿੱਚ ਸਰਗਰਮ ਰਿਹਾ ਹੈ।

ਉਨ੍ਹਾਂ ਦੇ ਛੋਟੇ ਪੁੱਤਰ ਪਿਯੂਸ਼ ਗਰੋਵਰ ਇਸ ਸਮੇਂ ਸਿਡਨੀ ਵਿੱਚ ਬੈਂਕ ਅਧਿਕਾਰੀ ਹਨ ਅਤੇ ਉੱਥੇ ਆਰਿਆ ਸਮਾਜ ਦੀ ਸਥਾਪਨਾ ਅਤੇ ਭਾਰਤੀ ਸੰਸਕ੍ਰਿਤੀ ਦੇ ਪ੍ਰਚਾਰ-ਪ੍ਰਸਾਰ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਦੀ ਪੁੱਤਰਵਧੂ ਅਰਚਨਾ ਗਰੋਵਰ ਵੀ ਇਸੇ ਸੇਵਾ ਮਾਰਗ ’ਤੇ ਅੱਗੇ ਵੱਧ ਰਹੀ ਹੈ।

“ਵਸੁਧੈਵ ਕੁਟੁੰਬਕਮ” ਦੀ ਭਾਵਨਾ ਨਾਲ ਓਤ-ਪੋਤ ਡਾ. ਸਵਰਾਜ ਗਰੋਵਰ ਪੂਰੇ ਵਿਸ਼ਵ ਨੂੰ ਆਪਣਾ ਪਰਿਵਾਰ ਮੰਨਦੀਆਂ ਹਨ। ਵਿਸ਼ਵ ਸ਼ਾਂਤੀ ਅਤੇ ਮਨੁੱਖੀ ਮੁੱਲਾਂ ਦੇ ਪ੍ਰਚਾਰ ਲਈ ਉਨ੍ਹਾਂ ਨੂੰ 15 ਤੋਂ ਵੱਧ ਦੇਸ਼ਾਂ ਵਿੱਚ ਸੱਦਾ ਦਿੱਤਾ ਜਾ ਚੁੱਕਾ ਹੈ। ਮਹਾਰਾਸ਼ਟਰ, ਰਾਜਸਥਾਨ ਅਤੇ ਦੇਸ਼ ਦੀਆਂ ਕਈ ਪ੍ਰਤਿਸ਼ਠਤ ਸੰਸਥਾਵਾਂ ਵੱਲੋਂ ਉਨ੍ਹਾਂ ਨੂੰ “ਸੁਪਰ ਮਦਰ ਇੰਡੀਆ ਅਵਾਰਡ” ਸਮੇਤ ਅਨੇਕ ਸਨਮਾਨਾਂ ਨਾਲ ਨਿਵਾਜਿਆ ਜਾ ਚੁੱਕਾ ਹੈ।

ਡਾ. ਸਵਰਾਜ ਗਰੋਵਰ ਦਾ ਜੀਵਨ ਇਸ ਸੱਚਾਈ ਦਾ ਜੀਵੰਤ ਉਦਾਹਰਨ ਹੈ ਕਿ ਇੱਕ ਮਾਂ ਕੇਵਲ ਪਰਿਵਾਰ ਦੀ ਨੀਂਹ ਹੀ ਨਹੀਂ, ਸਗੋਂ ਸਮਾਜ ਅਤੇ ਰਾਸ਼ਟਰ ਦੀ ਆਤਮਾ ਵੀ ਹੁੰਦੀ ਹੈ।

ਅਨੇਕ ਸੰਘਰਸ਼ਾਂ ਅਤੇ ਅਸਹਿਣਯ ਪੀੜਾਵਾਂ ਦੇ ਬਾਵਜੂਦ ਵੀ ਉਨ੍ਹਾਂ ਨੇ ਸੇਵਾ, ਸੰਸਕਾਰ ਅਤੇ ਸਮਰਪਣ ਦਾ ਰਸਤਾ ਨਹੀਂ ਛੱਡਿਆ ਅਤੇ ਹਜ਼ਾਰਾਂ ਟੁੱਟੇ-ਬਿਖਰੇ ਪਰਿਵਾਰਾਂ ਵਿੱਚ ਆਸ ਅਤੇ ਖੁਸ਼ੀਆਂ ਦੀ ਜੋਤ ਮੁੜ ਪ੍ਰਜਵਲਿਤ ਕੀਤੀ।

ਮਾਤਾ ਦਿਵਸ ’ਤੇ ਉਨ੍ਹਾਂ ਦਾ ਪ੍ਰੇਰਣਾਦਾਇਕ ਜੀਵਨ ਹਰ ਮਾਂ ਦੀ ਸ਼ਕਤੀ, ਹਿੰਮਤ, ਤਿਆਗ ਅਤੇ ਸਮਰਪਣ ਨੂੰ ਨਮਨ ਕਰਨ ਦਾ ਸੰਦੇਸ਼ ਦਿੰਦਾ ਹੈ। ••

# ਟੀ.ਬੀ.ਐਸ ਸਕੂਲ ਵਿਚ ਮਨਾਈ ਰਬਿੰਦਰਨਾਥ ਟੈਗੋਰ ਜਯੰਤੀ




ਫ਼ਿਰੋਜ਼ਪੁਰ, 09 ਮਈ (ਮਨੋਹਰ ਲਾਲ) :— ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਦੀ ਨਿਗਰਾਨੀ ਹੇਠ ਚੱਲ ਰਿਹਾ ਹੈ, ਸਕੂਲ ਵਿੱਚ ਰਬਿੰਦਰਨਾਥ ਟੈਗੋਰ ਜਯੰਤੀ ਮਨਾਈ ਗਈ। ਗੁਰੂਦੇਵ ਰਬਿੰਦਰਨਾਥ ਟੈਗੋਰ ਦੀ 163ਵੀਂ ਜਨਮ ਵਰ੍ਹੇਗੰਢ ਮਨਾਉਣ ਲਈ, ਮਹਾਨ ਕਵੀ, ਦਾਰਸ਼ਿਨਕ, ਸਿੱਖਿਆ ਸ਼ਾਸਤਰੀ ਅਤੇ ਨੋਬਲ ਪੁਰਸਕਾਰ ਜੇਤੂ ਨੂੰ ਸਨਮਾਨਿਤ ਕਰਨ ਲਈ ਇੱਕ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ। ਵਿਦਿਆਰਥੀਆਂ ਨੇ ਰਬਿੰਦਰਨਾਥ ਟੈਗੋਰ ਦੁਆਰਾ ਲਿਖੀਆਂ ਸੁੰਦਰ ਕਵਿਤਾਵਾਂ ਪੇਸ਼ ਕੀਤੀਆਂ। ਉਨ੍ਹਾਂ ਦੀ ਸੁਰੀਲੀ ਪੇਸ਼ਕਾਰੀ ਨੇ ਗੁਰੂਦੇਵ ਦੀ ਭਾਵਨਾ ਅਤੇ ਦਰਸ਼ਨ ਨੂੰ ਸਮੇਟਿਆ, ਮਾਹੌਲ ਨੂੰ ਸ਼ਾਂਤੀ ਅਤੇ ਪ੍ਰੇਰਨਾ ਨਾਲ ਭਰ ਦਿੱਤਾ। ਪ੍ਰਿੰਸੀਪਲ ਰੇਖਾ ਪਾਸੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਗੁਰੂਦੇਵ ਰਬਿੰਦਰਨਾਥ ਟੈਗੋਰ ਨੇ ਸਾਨੂੰ ਦਿਖਾਇਆ ਕਿ ਸਿੱਖਿਆ ਸਿਰਫ਼ ਕਿਤਾਬਾਂ ਤੱਕ ਸੀਮਤ ਨਹੀਂ ਹੈ। ਇਹ ਕੁਦਰਤ ਕਲਾ, ਸੰਗੀਤ ਅਤੇ ਮਨੁੱਖੀ ਕਦਰਾਂ—ਕੀਮਤਾਂ ਦਾ ਸੁਮੇਲ ਹੈ। ਆਓ ਅਸੀਂ ਉਨ੍ਹਾਂ ਦੇ ਮਾਰਗ ਤੇ ਚੱਲੀਏ ਅਤੇ ਦਿਆਲੂ, ਰਚਨਾਤਮਕ ਅਤੇ ਨਿਡਰ ਸਿੱਖਿਅਕ ਬਣੀਏ। ਗੁਰੂਦੇਵ ਦੇ ਚਿੱਤਰ ਨੂੰ ਫੁੱਲਾਂ ਦੀ ਭੇਟ ਚੜ੍ਹਾਈ ਗਈ ਅਤੇ ਮੀਟਿੰਗ ਟੈਗੋਰ ਦੁਆਰਾ ਲਿਖੇ ਰਾਸ਼ਟਰੀ ਗੀਤ ਜਨ ਗਣ ਮਨ ਦੇ ਗਾਇਨ ਨਾਲ ਸਮਾਪਤ ਹੋਈ।

# ਸਿਆਸੀ ਨੇਤਾ ਸਿਰੋਪੇ ਦੀ ਦੁਰਵਰਤੋਂ ਕਰਨ ਤੋਂ ਬਾਜ ਆਉਣ—ਭਾਈ ਨੰਢਾ



ਫ਼ਿਰੋਜ਼ਪੁਰ, 09 ਮਈ (ਮਨੋਹਰ ਲਾਲ) :— ਜਿਵੇਂ—ਜਿਵੇਂ ਸੰਨ 2027 ਦੀਆਂ ਆਮ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ, ਸਿਆਸੀ ਲੋਕ ਧਾਰਮਿਕ ਮੁੱਦੀਆਂ ਅਤੇ ਧਾਰਮਿਕ ਚਿੰਨ੍ਹਾਂ ਦੀ ਵਰਤੋਂ ਕਰਕੇ ਵੋਟਾਂ ਬਟੋਰਨ ਵਾਲੇ ਪਾਸੇ ਤੇਜੀ ਨਾਲ ਵਧਦੇ ਦਿਖਾਈ ਦੇ ਰਹੇ ਹਨ। ਅਜਿਹਾ ਕਰਦਿਆਂ ਇਹਨਾਂ ਨੇਤਾਵਾਂ ਨੂੰ ਧਾਰਮਿਕ ਆਸਥਾ ਤੇ ਰਵਾਇਤਾਂ ਦੀ ਮਾਣ ਮਰਿਆਦਾ ਦਾ ਬਿਲਕੁੱਲ ਹੀ ਪਤਾ ਨਹੀਂ ਰਹਿੰਦਾ। ਇਸ ਸੰਬੰਧੀ ਗੱਲਬਾਤ ਕਰਦਿਆਂ ਸਿੱਖ ਸਟੂਡੈਂਟ ਫੈਡਰੇਸ਼ਨ ਮਹਿਤਾ ਦੇ ਸ਼ਹਿਰੀ ਪ੍ਰਧਾਨ ਭਾਈ ਕੁਲਦੀਪ ਸਿੰਘ ਨੰਢਾ ਨੇ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਦੇਖਣ ਵਿਚ ਆ ਰਿਹਾ ਹੈ ਕਿ ਹਰ ਪਾਰਟੀ ਦੇ ਸਿਆਸੀ ਨੇਤਾਵਾਂ ਵਲੋਂ ਪਤਿਤ ਅਤੇ ਮਰਿਆਦਾ ਤੋਂ ਸੱਖਣੇ ਲੋਕਾਂ ਨੂੰ ਸਿਰੋਪਾ ਸਾਹਿਬ ਦੇਣ ਦੀਆਂ ਤਸਵੀਰਾਂ ਅਕਸਰ ਮੀਡੀਆ ਚੈਨਲਾਂ ਅਤੇ ਅਖਬਾਰਾਂ, ਰਸਾਲਿਆਂ ਵਿਚ ਵੇਖਣ ਨੂੰ ਮਿਲਦੀਆਂ ਰਹਿੰਦੀਆਂ ਹਨ। ਆਪਣਾ ਨਿੱਜੀ ਵੋਟ ਬੈਂਕ ਵਧਾਉਣ ਲਈ ਪਤਿਤ ਲੋਕਾਂ ਦੇ ਗਲ ਸਿਰੋਪੇ ਪਾਉਣੇ ਪੰਥਕ ਮਰਿਆਦਾ ਦੀ ਘੋਰ ਉਲੰਘਣਾ ਹੈ। ਕਿਸੇ ਧਾਰਮਿਕ ਕਾਰਜ ਵਿਚ ਵਿਸ਼ੇਸ਼ ਯੋਗਦਾਨ ਦੇਣ ਵਾਲੇ ਗੁਰੂ ? ਪਿਆਰੇ ਨੂੰ ਹੀ ਕੋਈ ਪੰਥਕ ਸ਼ਖਸੀਅਤ ਸਿਰੋਪੇ ਦੀ ਬਖਸ਼ਿਸ਼ ਕਰ ਸਕਦੀ ਹੈ ਪਰ ਹੁਣ ਪੰਥਕ ਪਾਰਟੀਆਂ ਸਮੇਤ ਦੂਜੀਆਂ ਗੈਰ ਪੰਥਕ ਪਾਰਟੀਆਂ ਵੀ ਦੇਖਾ ? ਦੇਖੀ ਸਿਰੋਪਾਓ ਦੀ ਪ੍ਰੰਪਰਾ ਨੂੰ ਵਿਗਾੜਨ ਦੇ ਰਾਹ ਤੁਰੀਆਂ ਹੋਈਆਂ ਹਨ। ਸਾਡੀ ਸਮੂਹ ਸਿਆਸੀ ਪਾਰਟੀਆਂ ਨੂੰ ਅਪੀਲ ਹੈ ਕਿ ਉਹ ਆਪਣੇ ਪਾਰਟੀ ਵਰਕਰਾਂ ਦੇ ਗਲ ਵਿਚ ਆਪੋ ਆਪਣੀ ਪਾਰਟੀ ਦੇ ਚਿੰਨਾਂ ਵਾਲੇ ਸਾਫੇ ਪਾ ਕੇ ਕੰਮ ਚਲਾ ਸਕਦੇ ਹਨ ਪਰ ਸਿਰੋਪਾਓ ਦੀ ਪਰੰਪਰਾ ਨੂੰ ਵਿਗਾੜਨ ਦੇ ਰਾਹ ਨਾ ਤੁਰਨ। ਇਸ ਮੌਕੇ ਫੈਡਰੇਸ਼ਨ ਮਹਿਤਾ ਆਦਿ ਪਤਵੰਤੇ ਹਾਜਰ ਸਨ।

## ਮੁੱਖ ਮੰਤਰੀ ਸ਼ੁਕਰਾਨਾ ਯਾਤਰਾ ਦੌਰਾਨ ਫ਼ਤਹਿਗੜ੍ਹ ਸਾਹਿਬ ਤੋ ਪਾਰਟੀ ਮੀਤ ਪ੍ਰਧਾਨ ਹਾਊਸ ਅਰੈਸਟ ਕਰਨਾਂ ਲੋਕਤੰਤਰ ਦਾ ਘਾਣ : ਪਰਮਜੀਤ ਸਿੰਘ ਜੌਹਲ

# ਭਗਵੰਤ ਮਾਨ ਸਰਕਾਰ ਵੱਲੋਂ ਵਿਰੋਧੀ ਆਵਾਜ਼ਾਂ ਨੂੰ ਦਬਾਉਣ ਲਈ ਪੁਲਿਸ ਦਾ ਕੀਤਾ ਜਾ ਦੁਰਪਯੋਗ





**ਅੰਮ੍ਰਿਤਸਰ 9 ਮਈ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਕੋਆਰਡੀਨੇਟਰ ਭਾਈ ਪਰਮਜੀਤ ਸਿੰਘ ਜੌਹਲ ਨੇ ਅੱਜ ਅੰਮ੍ਰਿਤਸਰ ਵਿਖੇ ਰੱਖੀ ਗਈ ਪ੍ਰੈਸ ਕਾਨਫਰੰਸ ਦੌਰਾਨ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਤਿੱਖੇ ਸ਼ਬਦਾਂ ਵਿੱਚ ਆਲੋਚਨਾਂ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਲੋਕਤੰਤਰਕ ਹੱਕਾਂ ਦਾ ਗਲਾ ਘੁੱਟ ਰਹੀ ਹੈ। ਉਹਨਾਂ ਕਿਹਾ ਕਿ ਅੱਜ ਮੁੱਖ ਮੰਤਰੀ ਦੀ ਸ਼ੁਕਰਾਨਾ ਯਾਤਰਾ ਦੌਰਾਨ ਜਿਲਾ ਫਤਿਹਗੜ੍ਹ ਸਾਹਿਬ ਦੇ ਅਕਾਲੀ ਦਲ ਵਾਰਿਸ ਪੰਜਾਬ ਦੇ ਮੀਤ ਪ੍ਰਧਾਨ ਨਵਦੀਪ ਸਿੰਘ ਨੂੰ ਹਾਊਸ ਅਰੈਸਟ ਕਰਨਾਂ ਇਸ ਗੱਲ ਦਾ ਸਪੱਸ਼ਟ ਸਬੂਤ ਹੈ ਕਿ ਸਰਕਾਰ ਲੋਕਾਂ ਦੀ ਆਵਾਜ਼ ਤੋਂ ਡਰ ਚੁੱਕੀ ਹੈ। ਭਾਈ ਜੌਹਲ ਨੇ ਕਿਹਾ ਕਿ ਜਿਹੜੀ ਸਰਕਾਰ ਆਪਣੇ ਆਪ ਨੂੰ ਇਮਾਨਦਾਰ ਅਤੇ ਲੋਕਾਂ ਦੀ ਸਰਕਾਰ ਕਹਿੰਦੀ ਸੀ, ਉਹ ਅੱਜ ਪੰਜਾਬ ਪੁਲਿਸ ਨੂੰ ਸਿਆਸੀ ਵਿਰੋਧੀਆਂ ਖਿਲਾਫ਼ ਵਰਤ ਕੇ ਪੰਜਾਬ ਨੂੰ ਪੁਲਿਸ ਰਾਜ ਵਿੱਚ ਤਬਦੀਲ ਕਰ ਰਹੀ ਹੈ। ਉਹਨਾਂ ਕਿਹਾ ਕਿ ਜੇਕਰ ਕਿਸੇ ਪਾਰਟੀ ਦੇ ਆਗੂ ਨੂੰ ਆਪਣੇ ਵਿਚਾਰ ਪ੍ਰਗਟ ਕਰਨ ਜਾਂ ਲੋਕਾਂ ਨਾਲ ਮਿਲਣ ਤੋਂ ਪਹਿਲਾਂ ਹੀ ਘਰ ਵਿੱਚ ਨਜ਼ਰਬੰਦ ਕੀਤਾ ਜਾ ਰਿਹਾ ਹੈ ਤਾਂ ਇਹ ਪੰਜਾਬ ਵਿੱਚ ਡਿੱਗ ਰਹੇ ਲੋਕਤੰਤਰ ਦੀ ਖ਼ਤਰਨਾਕ ਤਸਵੀਰ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ, ਕਿਸਾਨਾਂ ਅਤੇ ਪੰਥਕ ਸੋਚ ਵਾਲੇ ਲੋਕਾਂ ਦੀ ਆਵਾਜ਼ ਨੂੰ ਦਬਾਉਣ ਲਈ ਲਗਾਤਾਰ ਸਰਕਾਰੀ ਮਸ਼ੀਨਰੀ ਦਾ ਦੁਰਪਯੋਗ ਕੀਤਾ ਜਾ ਰਿਹਾ ਹੈ, ਪਰ ਅਕਾਲੀ ਦਲ ਵਾਰਿਸ ਪੰਜਾਬ ਦੇ ਕਿਸੇ ਵੀ ਧੱਕੇਸ਼ਾਹੀ ਤੋਂ ਡਰਨ ਵਾਲਾ ਨਹੀਂ। ਉਹਨਾਂ ਦਾਅਵਾ ਕੀਤਾ ਕਿ ਪੰਜਾਬ ਦੀ ਜਨਤਾ ਹੁਣ ਰਵਾਇਤੀ ਅਤੇ ਝੂਠੇ ਵਾਅਦੇ ਕਰਨ ਵਾਲੀਆਂ ਪਾਰਟੀਆਂ ਨੂੰ ਸਮਝ ਚੁੱਕੀ ਹੈ ਅਤੇ ਲੋਕ ਪੰਥਕ ਅਤੇ ਪੰਜਾਬ ਪੱਖੀ ਤਾਕਤਾਂ ਨਾਲ ਜੁੜ ਰਹੇ ਹਨ। ਇਸ ਮੌਕੇ ਕਾਂਗਰਸ ਦੇ ਇੰਟਕ ਪ੍ਰਧਾਨ ਸ੍ਰ. ਗੁਲਜਾਰ ਸਿੰਘ ਨੇ ਆਪਣੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਮੂਲੀਅਤ ਕੀਤੀ। ਪਾਰਟੀ ਆਗੂਆਂ ਨੇ ਉਹਨਾਂ ਦਾ ਸਨਮਾਨ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਇੱਕ ਨਵੀਂ ਪੰਥਕ ਅਤੇ ਲੋਕ ਹਿਤੈਸ਼ੀ ਲਹਿਰ ਖੜੀ ਹੋ ਰਹੀ ਹੈ ਜਿਸ ਨਾਲ ਹਰ ਵਰਗ ਦੇ ਲੋਕ ਜੁੜ ਰਹੇ ਹਨ। ਪ੍ਰੈਸ ਕਾਨਫਰੰਸ ਦੌਰਾਨ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਵੀ ਉਚੇਚੇ ਤੌਰ ਤੇ ਸ਼ਾਮਿਲ ਹੋਏ ਅਤੇ ਉਹਨਾਂ ਦੇ ਨਾਲ ਪਾਰਟੀ ਦੇ ਸੀਨੀਅਰ ਆਗੂ ਅਤੇ ਵੱਡੀ ਗਿਣਤੀ ਵਿੱਚ ਵਰਕਰ ਮੌਜੂਦ ਰਹੇ।

### ਸੇਵਾ ਮੁੱਕਤ ਪਟਵਾਰੀਆਂ, ਕਾਨੂੰਗੋ, ਨਾਇਬ ਤਹਿਸੀਲਦਾਰਾਂ ਦੀਆਂ

# ਜ਼ਿਲ੍ਹਾ ਪੱਧਰ ਅਤੇ ਤਹਿਸੀਲਾਂ ਪੱਧਰ 'ਤੇ ਮੰਗਾਂ ਦਾ ਨਹੀਂ ਹੋ ਰਿਹਾ ਨਿਪਟਾਰਾ



**ਚੌਕ ਮਹਿਤਾ, 9 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੇਵਾ ਮੁੱਕਤ ਪਟਵਾਰੀ, ਕਾਨੂੰਗੋ, ਨਾਇਬ ਤਹਿਸੀਲਦਾਰ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਜਿਲ੍ਹਾ ਪ੍ਰਧਾਨ ਸ ? ਲਖਵਿੰਦਰ ਸਿੰਘ ਕੋਹਾਲੀ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਪੰਜਾਬ ਪ੍ਰਧਾਨ ਸ ? ਨਿਰਮਲਜੀਤ ਸਿੰਘ ਬਾਜਵਾ ਜੀ ਵਿਸ਼ੇਸ਼ ਤੌਰ ਤੇ ਪੁੱਜੇ ।ਮੀਟਿੰਗ ਵਿੱਚ ਕਾਫੀ ਲੰਮੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਬਾਰੇ ਚਿੰਤਾ ਜ਼ਾਹਰ ਕੀਤੀ ਗਈ ।ਪਹਿਲਾਂ ਵੀ ਕਈ ਵਾਰ ਜਿਲ੍ਹਾ ਮਾਲ ਅਫਸਰ ਅਤੇ ਮਾਣਯੋਗ ਡਿਪਟੀ ਕਮਿਸ਼ਨਰ ਜੀ ਦੇ ਧਿਆਨ ਵਿੱਚ ਉੱਕਤ ਮੰਗਾਂ ਲਿਆਂਦੀਆਂ ਗਈਆਂ ਸਨ ਪਰ ਮੰਗਾਂ ਜਿਉ ਦੀਆਂ ਤਿਉਂ ਹੀ ਬਕਾਇਆ ਹਨ ।ਕੁਲਵੰਤ ਡੇਹਰੀਵਾਲ ਨੇ ਪੱਤਰਕਾਰਾਂ ਨਾਲ਼ ਜਿਕਰ ਕਰਦਿਆਂ ਦੱਸਿਆ ਕਿ ਅਸੀਂ ਸੇਵਾ ਮੁੱਕਤ ਸਾਥੀਆਂ ਨੇ ਆਪਣੀ ਸਾਰੀ ਜੁਆਨੀ ਜਿਸ ਮਹਿਕਮੇ ਵਿੱਚ ਕੰਮ ਕਰਦਿਆਂ ਗੁਜ਼ਾਰ ਦਿੱਤੀ ਹੈ ਤੇ ਹੁਣ ਉਸੇ ਮਹਿਕਮੇ ਵਿੱਚ ਸਾਡਾ ਕੱਲਾ ਕੱਲਾ ਸਾਥੀ ਆਪਣੇ ਕੰਮਾਂ ਖਾਤਰ ਖੱਜਲ ਖ਼ੁਆਰ ਹੁੰਦਾ ਫਿਰੇ ਇਹ ਗੱਲ ਜੱਥੇਬੰਦੀ ਹਰਗਿੱਜ ਬਰਦਾਸ਼ਤ ਨਹੀਂ ਕਰੇਗੀ ।ਜੱਥੇਬੰਦੀ ਜਿਲ੍ਹਾ ਪ੍ਰਸ਼ਾਸ਼ਨ ਨੂੰ ਬੇਨਤੀ ਕਰਦੀ ਹੈ ਕਿ ਸਾਡੇ ਸੇਵਾ ਮੁੱਕਤ ਸਾਥੀਆਂ ਨੂੰ ਇਸ ਉੱਮਰ ਦੇ ਆਖਰੀ ਪੜਾਅ ਚ ਖੱਜਲ ਖ਼ੁਆਰ ਨਾ ਕਰੇ ।ਸਾਡੀਆਂ ਉੱਕਤ ਮੰਗਾਂ ਦਾ ਜਲਦ ਨਿਪਟਾਰਾ ਨਾ ਕੀਤਾ ਤਾਂ ਜਿਲ੍ਹਾ ਮਾਲ ਅਫ਼ਸਰ ਦਾ ਘਿਰਾਓ ਕੀਤਾ ਜਾਵੇਗਾ ਜਿਸ ਦੀ ਜਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ ।ਜੱਥੇਬੰਦੀ ਵੱਲੋਂ ਜਿਲ੍ਹਾ ਮਾਲ ਅਫਸਰ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ ।ਇਸ ਮੀਟਿੰਗ ਵਿੱਚ ਮੇਜਰ ਸਿੰਘ ਭੋਮਾ , ਤਰਸੇਮ ਸਿੰਘ ਫੱਤੂਭੀਲਾ , ਸੁਖਵਿੰਦਰ ਸਿੰਘ ਸਾਬੀ , ਹਰਮਿੰਦਰ ਸਿੰਘ , ਪਲਵਿੰਦਰ ਸਿੰਘ , ਥੰਮਣ ਸਿੰਘ, ਹਰਦੇਵ ਸਿੰਘ ਭੋਮਾ, ਬਲਦੇਵ ਸਿੰਘ ਬੱਬਰ ,ਜਸਬੀਰ ਸਿੰਘ ਬੱਲ , ਰਵਿੰਦਰ ਕੁਮਾਰ ਰਵੀ ,ਰਜਿੰਦਰ ਕੁਮਾਰ , ਰਮੇਸ਼ ਪਾਲ ਸਿੰਘ, ਜਗਜੀਤ ਸਿੰਘ,ਸੁਸ਼ੀਲ ਹਾਂਡਾ, ਵਿਨੋਦ ਕੁਮਾਰ, ਜੋਗਿੰਦਰ ਪਾਂਡੇ , ਡਾਂ ਤਜਿੰਦਰ ਸਿੰਘ, ਹਰੀਸ਼ ਕੁਮਾਰ , ਹਰਭਜਨ ਸਿੰਘ , ਕੇਵਲ ਕ੍ਰਿਸ਼ਨ, ਆਦਿ ਨੇ ਸੰਬੋਧਨ ਕੀਤਾ।

### ਹਿਮਾਚਲ ਦਾ ਵਿਲੱਖਣ ਕਬੀਲਾ

# ਜਿਸ ਵਿੱਚ ਔਰਤਾਂ ਨੂੰ ਇੱਕ ਤੋਂ ਵੱਧ ਪਤੀ ਰੱਖਣ ਦੀ ਪਰੰਪਰਾ



ਹਿਮਾਚਲ ਦਾ ਵਿਲੱਖਣ ਕਬੀਲਾ: ਜਿਸ ਵਿੱਚ ਔਰਤਾਂ ਨੂੰ ਇੱਕ ਤੋਂ ਵੱਧ ਪਤੀ ਰੱਖਣ ਦੀ ਪਰੰਪਰਾ ਭਾਰਤ ਇੱਕ ਅਜਿਹਾ ਦੇਸ਼ ਹੈ ਜਿੱਥੇ ਹਰ ਕੁਝ ਕੋਹ 'ਤੇ ਬੋਲੀ ਅਤੇ ਪਰੰਪਰਾ ਬਦਲ ਜਾਂਦੀ ਹੈ।ਹਿਮਾਚਲ ਪ੍ਰਦੇਸ਼ ਦੇ ਕਿੰਨੌਰ ਜ਼ਿਲ੍ਹੇ ਵਿੱਚ ਵਸਣ ਵਾਲੇ ਕਿੰਨੌਰੀ ਕਬੀਲੇ ਵਿੱਚ ਇੱਕ ਪ੍ਰਾਚੀਨ ਪਰੰਪਰਾ ਅੱਜ ਵੀ ਕਿਤੇ-ਕਿਤੇ ਦੇਖਣ ਨੂੰ ਮਿਲਦੀ ਹੈ, ਜਿਸ ਨੂੰ 'ਪਾਂਡਵ ਪਰੰਪਰਾ' ਵੀ ਕਿਹਾ ਜਾਂਦਾ ਹੈ। ਇਸ ਪ੍ਰਥਾ ਦੇ ਤਹਿਤ ਇੱਕ ਔਰਤ ਪਰਿਵਾਰ ਦੇ ਸਾਰੇ ਭਰਾਵਾਂ ਦੀ ਸਾਂਝੀ ਪਤਨੀ ਹੁੰਦੀ ਹੈ। ਇਹ ਸੁਣਨ ਵਿੱਚ ਅਜੀਬ ਲੱਗ ਸਕਦਾ ਹੈ, ਪਰ ਇਸ ਦੇ ਪਿੱਛੇ ਗਹਿਰੇ ਆਰਥਿਕ ਅਤੇ ਸਮਾਜਿਕ ਕਾਰਨ ਛਿਪੇ ਹੋਏ ਹਨ। ਇਤਿਹਾਸਕ ਪਿਛੋਕੜ: ਪਾਂਡਵਾਂ ਨਾਲ ਸਬੰਧ ਇਸ ਪਰੰਪਰਾ ਦਾ ਸਬੰਧ ਮਹਾਂਭਾਰਤ ਕਾਲ ਨਾਲ ਜੋੜਿਆ ਜਾਂਦਾ ਹੈ। ਮੰਨਿਆ ਜਾਂਦਾ ਹੈ ਕਿ ਜਦੋਂ ਪਾਂਡਵਾਂ ਨੂੰ ਬਨਵਾਸ ਮਿਲਿਆ ਸੀ, ਤਾਂ ਉਨ੍ਹਾਂ ਨੇ ਆਪਣਾ ਕੁਝ ਸਮਾਂ ਹਿਮਾਚਲ ਦੀਆਂ ਇਨ੍ਹਾਂ ਅਗਿਆਤ ਪਹਾੜੀਆਂ ਵਿੱਚ ਬਿਤਾਇਆ ਸੀ। ਦ੍ਰੋਪਦੀ ਦੇ ਪੰਜ ਪਤੀ ਸਨ, ਇਸੇ ਕਾਰਨ ਇਸ ਕਬੀਲੇ ਦੇ ਲੋਕ ਆਪਣੇ ਆਪ ਨੂੰ ਪਾਂਡਵਾਂ ਦੇ ਵੰਸ਼ਜ ਮੰਨਦੇ ਹਨ ਅਤੇ ਇਸ ਪ੍ਰਥਾ ਨੂੰ ਧਾਰਮਿਕ ਮਾਨਤਾ ਦਿੰਦੇ ਹਨ। ਉਨ੍ਹਾਂ ਦਾ ਮੰਨਣਾ ਹੈ ਕਿ ਇਹ ਪਰੰਪਰਾ ਪਰਿਵਾਰਕ ਏਕਤਾ ਦਾ ਪ੍ਰਤੀਕ ਹੈ। ਇਹ ਪ੍ਰਥਾ ਕਿਵੇਂ ਕੰਮ ਕਰਦੀ ਹੈ ? ਇਸ ਕਬੀਲੇ ਵਿੱਚ ਜਦੋਂ ਕਿਸੇ ਪਰਿਵਾਰ ਦੇ ਸਭ ਤੋਂ ਵੱਡੇ ਲੜਕੇ ਦਾ ਵਿਆਹ ਹੁੰਦਾ ਹੈ, ਤਾਂ ਉਸ ਦੀ ਪਤਨੀ ਆਪਣੇ ਆਪ ਹੀ ਉਸ ਦੇ ਬਾਕੀ ਸਾਰੇ ਭਰਾਵਾਂ ਦੀ ਵੀ ਪਤਨੀ ਮੰਨੀ ਜਾਂਦੀ ਹੈ। ਵਿਆਹ ਦੀਆਂ ਰਸਮਾਂ ਵਿੱਚ ਸਾਰੇ ਭਰਾ ਸ਼ਾਮਲ ਹੁੰਦੇ ਹਨ। ਪੈਦਾ ਹੋਣ ਵਾਲੇ ਬੱਚੇ ਸਾਰੇ ਭਰਾਵਾਂ ਦੇ ਸਾਂਝੇ ਮੰਨੇ ਜਾਂਦੇ ਹਨ। ਹਾਲਾਂਕਿ, ਆਮ ਤੌਰ 'ਤੇ ਸਭ ਤੋਂ ਵੱਡੇ ਭਰਾ ਨੂੰ ਹੀ ਪਿਤਾ ਵਜੋਂ ਸਤਿਕਾਰ ਦਿੱਤਾ ਜਾਂਦਾ ਹੈ, ਪਰ ਬੱਚਿਆਂ ਦਾ ਪਾਲਣ-ਪੋਸ਼ਣ ਸਾਰਾ ਪਰਿਵਾਰ ਮਿਲ ਕੇ ਕਰਦਾ ਹੈ। ਔਰਤ ਦਾ ਦਰਜਾ ਇਸ ਸਮਾਜ ਵਿੱਚ ਬਹੁਤ ਉੱਚਾ ਹੁੰਦਾ ਹੈ। ਉਸ ਨੂੰ ਘਰ ਦੀ ਮੁਖੀ ਵਜੋਂ ਦੇਖਿਆ ਜਾਂਦਾ ਹੈ ਜੋ ਸਾਰੇ ਭਰਾਵਾਂ ਵਿੱਚ ਤਾਲਮੇਲ ਬਣਾ ਕੇ ਰੱਖਦੀ ਹੈ। ਜੇਕਰ ਕੋਈ ਭਰਾ ਇਸ ਸਾਂਝੇ ਵਿਆਹ ਤੋਂ ਖੁਸ਼ ਨਹੀਂ ਹੁੰਦਾ, ਤਾਂ ਉਹ ਵੱਖਰਾ ਵਿਆਹ ਕਰ ਸਕਦਾ ਹੈ, ਪਰ ਅਜਿਹਾ ਕਰਨ ਨਾਲ ਉਹ ਪਰਿਵਾਰਕ ਜਾਇਦਾਦ ਤੋਂ ਆਪਣਾ ਹੱਕ ਖੋਹ ਲੈਂਦਾ ਹੈ। ਆਰਥਿਕ ਕਾਰਨ: ਜ਼ਮੀਨ ਦੀ ਵੰਡ ਨੂੰ ਰੋਕਣਾ ਇਸ ਪ੍ਰਥਾ ਦੇ ਪ੍ਰਚਲਿਤ ਹੋਣ ਦਾ ਸਭ ਤੋਂ ਵੱਡਾ ਕਾਰਨ ਪਹਾੜੀ ਇਲਾਕਿਆਂ ਵਿੱਚ ਖੇਤੀਯੋਗ ਜ਼ਮੀਨ ਦੀ ਘਾਟ ਸੀ। ਜੇਕਰ ਹਰ ਭਰਾ ਦਾ ਵੱਖਰਾ ਵਿਆਹ ਹੁੰਦਾ ਅਤੇ ਉਨ੍ਹਾਂ ਦੇ ਵੱਖਰੇ ਪਰਿਵਾਰ ਹੁੰਦੇ, ਤਾਂ ਖੇਤੀ ਵਾਲੀ ਥੋੜ੍ਹੀ ਜਿਹੀ ਜ਼ਮੀਨ ਦੇ ਛੋਟੇ-ਛੋਟੇ ਟੁਕੜੇ ਹੋ ਜਾਣੇ ਸਨ। ਬਹੁ-ਪਤੀ ਵਿਆਹ ਕਾਰਨ ਪਰਿਵਾਰ ਇਕੱਠਾ ਰਹਿੰਦਾ ਹੈ ਅਤੇ ਜ਼ਮੀਨ ਦੀ ਵੰਡ ਨਹੀਂ ਹੁੰਦੀ। ਪੁਰਾਣੇ ਸਮਿਆਂ ਵਿੱਚ ਪਹਾੜਾਂ ਵਿੱਚ ਜੀਵਨ ਬਹੁਤ ਔਖਾ ਸੀ। ਸਾਰੇ ਮਰਦਾਂ ਦਾ ਮਿਲ ਕੇ ਕੰਮ ਕਰਨਾ ਅਤੇ ਇੱਕੋ ਰਸੋਈ ਨਾਲ ਜੁੜੇ ਰਹਿਣਾ ਆਰਥਿਕ ਤੌਰ 'ਤੇ ਲਾਭਦਾਇਕ ਸੀ। ਸਮਾਜਿਕ ਢਾਂਚਾ ਅਤੇ ਔਰਤ ਦਾ ਸਥਾਨ ਹੈਰਾਨੀ ਦੀ ਗੱਲ ਇਹ ਹੈ ਕਿ ਜਿੱਥੇ ਦੁਨੀਆ ਦੇ ਕਈ ਹਿੱਸਿਆਂ ਵਿੱਚ ਪਿਤਰੀ-ਸੱਤਾਤਮਕ ਸਮਾਜ ਵਿੱਚ ਔਰਤਾਂ ਨੂੰ ਦਬਾਇਆ ਜਾਂਦਾ ਹੈ, ਉੱਥੇ ਇਸ ਕਬੀਲੇ ਵਿੱਚ ਔਰਤਾਂ ਦੀ ਸਥਿਤੀ ਕਾਫੀ ਮਜ਼ਬੂਤ ਹੁੰਦੀ ਹੈ। ਉਸ ਕੋਲ ਘਰ ਦੇ ਫੈਸਲੇ ਲੈਣ ਦੀ ਪੂਰੀ ਸ਼ਕਤੀ ਹੁੰਦੀ ਹੈ। ਤਲਾਕ ਦੀਆਂ ਰਸਮਾਂ ਵੀ ਇੱਥੇ ਸਰਲ ਹਨ। ਜੇਕਰ ਕੋਈ ਔਰਤ ਕਿਸੇ ਪਤੀ ਨਾਲ ਨਹੀਂ ਰਹਿਣਾ ਚਾਹੁੰਦੀ, ਤਾਂ ਉਹ "ਰੀਤ" ਨਾਮਕ ਪ੍ਰਥਾ ਰਾਹੀਂ ਵੱਖ ਹੋ ਸਕਦੀ ਹੈ। ਇਸ ਸਮਾਜ ਵਿੱਚ ਔਰਤਾਂ ਨੂੰ ਕੰਮਕਾਜੀ ਮੰਨਿਆ ਜਾਂਦਾ ਹੈ; ਉਹ ਖੇਤਾਂ ਵਿੱਚ ਕੰਮ ਕਰਨ ਤੋਂ ਲੈ ਕੇ ਘਰ ਦੇ ਵਿੱਤੀ ਪ੍ਰਬੰਧ ਤੱਕ ਸਭ ਕੁਝ ਸੰਭਾਲਦੀਆਂ ਹਨ। ਬਦਲਦਾ ਸਮਾਂ ਅਤੇ ਆਧੁਨਿਕਤਾ ਦਾ ਪ੍ਰਭਾਵ ਅੱਜ ਦੇ ਦੌਰ ਵਿੱਚ ਸਿੱਖਿਆ ਅਤੇ ਬਾਹਰੀ ਦੁਨੀਆ ਨਾਲ ਸੰਪਰਕ ਵਧਣ ਕਾਰਨ ਇਹ ਪ੍ਰਥਾ ਤੇਜ਼ੀ ਨਾਲ ਖ਼ਤਮ ਹੋ ਰਹੀ ਹੈ। ਨਵੀਂ ਪੀੜ੍ਹੀ ਦੇ ਨੌਜਵਾਨ ਪੜ੍ਹ-ਲਿਖ ਕੇ ਸ਼ਹਿਰਾਂ ਵਿੱਚ ਨੌਕਰੀਆਂ ਕਰ ਰਹੇ ਹਨ। ਉਹ ਹੁਣ ਇੱਕ-ਪਤਨੀ ਵਿਆਹ ਨੂੰ ਤਰਜੀਹ ਦਿੰਦੇ ਹਨ। ਭਾਰਤੀ ਕਾਨੂੰਨ ਵੀ ਬਹੁ-ਪਤੀ ਜਾਂ ਬਹੁ-ਪਤਨੀ ਵਿਆਹ ਦੀ ਇਜਾਜ਼ਤ ਨਹੀਂ ਦਿੰਦਾ, ਜਿਸ ਕਾਰਨ ਨਵੀਂ ਪੀੜ੍ਹੀ ਇਸ ਤੋਂ ਕਿਨਾਰਾ ਕਰ ਰਹੀ ਹੈ। ਕਿੰਨੌਰ ਅਤੇ ਲਾਹੌਲ ਵਿੱਚ ਸੈਰ-ਸਪਾਟਾ ਵਧਣ ਨਾਲ ਉੱਥੋਂ ਦੇ ਲੋਕਾਂ ਦੇ ਵਿਚਾਰਾਂ ਵਿੱਚ ਬਦਲਾਅ ਆਇਆ ਹੈ। ਹੁਣ ਇਹ ਪ੍ਰਥਾ ਸਿਰਫ ਦੂਰ-ਦੁਰਾਡੇ ਦੇ ਪਿੰਡਾਂ ਜਾਂ ਬਜ਼ੁਰਗਾਂ ਤੱਕ ਹੀ ਸੀਮਤ ਰਹਿ ਗਈ ਹੈ। ਹਿਮਾਚਲ ਦੇ ਇਸ ਕਬੀਲੇ ਦੀ ਇਹ ਪਰੰਪਰਾ ਸਾਨੂੰ ਦੱਸਦੀ ਹੈ ਕਿ ਮਨੁੱਖੀ ਰੀਤੀ-ਰਿਵਾਜ ਅਕਸਰ ਉੱਥੋਂ ਦੇ ਭੂਗੋਲਿਕ ਅਤੇ ਆਰਥਿਕ ਹਾਲਾਤਾਂ ਦੀ ਉਪਜ ਹੁੰਦੇ ਹਨ। ਭਾਵੇਂ ਅੱਜ ਦੇ ਆਧੁਨਿਕ ਸਮਾਜ ਵਿੱਚ ਇਸ ਨੂੰ ਅਜੀਬ ਨਜ਼ਰ ਨਾਲ ਦੇਖਿਆ ਜਾ ਸਕਦਾ ਹੈ, ਪਰ ਕਿੰਨੌਰੀ ਸਮਾਜ ਲਈ ਇਹ ਸਦੀਆਂ ਤੱਕ ਪਰਿਵਾਰਕ ਸਾਂਝ ਅਤੇ ਸਥਿਰਤਾ ਦਾ ਸਾਧਨ ਰਹੀ ਹੈ। ਇਹ ਪ੍ਰਥਾ ਹਿਮਾਚਲ ਦੀ ਸੱਭਿਆਚਾਰਕ ਵਿਭਿੰਨਤਾ ਦਾ ਇੱਕ ਅਹਿਮ ਹਿੱਸਾ ਹੈ, ਜੋ ਇਤਿਹਾਸ ਦੇ ਪੰਨਿਆਂ ਵਿੱਚ ਆਪਣੀ ਇੱਕ ਵੱਖਰੀ ਪਛਾਣ ਰੱਖਦੀ ਹੈ। ਨੋਟ: ਇਹ ਲੇਖ ਜਾਣਕਾਰੀ ਦੇ ਮਕਸਦ ਲਈ ਹੈ ਅਤੇ ਇਹ ਹਿਮਾਚਲ ਦੇ ਕੁਝ ਖਾਸ ਹਿੱਸਿਆਂ ਦੀਆਂ ਪੁਰਾਣੀਆਂ ਪਰੰਪਰਾਵਾਂ 'ਤੇ ਅਧਾਰਿਤ ਹੈ। ਅਜੋਕੇ ਸਮੇਂ ਵਿੱਚ ਉੱਥੋਂ ਦਾ ਸਮਾਜ ਬਹੁਤ ਹੱਦ ਤੱਕ ਬਦਲ ਚੁੱਕਾ ਹੈ।

**-ਪ੍ਰਗਟ ਸਿੰਘ ਗਿੱਲ ਬਾਗੀ**

# ਆਪ ਸਰਕਾਰ ਸੂਬੇ ਵਿੱਚ ਕਾਨੂੰਨ ਵਿਵਸਥਾ ਸਾਂਭਣ ਵਿੱਚ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋਈ : ਵਰੁਣ ਭਾਟੀਆ



**ਚੌਕ ਮਹਿਤਾ,9 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੂਬੇ ਵਿੱਚ ਕਾਨੂੰਨ ਵਿਵਸਥਾ ਸਾਂਭਣ ਵਿੱਚ ਆਪ ਸਰਕਾਰ ਬੁਰੀ ਤਰ੍ਹਾਂ ਫੇਲ ਸਾਬਤ ਹੋਈ ਹੈ ਇਹ ਵਿਚਾਰ ਬੀਤੇ ਦਿਨੀ ਅੰਮ੍ਰਿਤਸਰ ਅਤੇ ਜਲੰਧਰ ਦੇ ਵਿੱਚ ਹੋਏ ਬੰਬ ਧਮਾਕਿਆਂ ਤੋਂ ਬਾਅਦ ਵਰੁਣ ਭਾਟੀਆ ਜਿਲ੍ਹਾ ਚੇਅਰਮੈਂਨ ਆਰ ਟੀ ਆਈ ਸੈੱਲ ਕਾਂਗਰਸ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ ਉਨ੍ਹਾਂ ਕਿਹਾ ਕਿ ਵਿਧਾਨ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਵੱਲੋਂ ਸੂਬੇ ਵਿੱਚ ਨਸਾ ਖਤਮ ਕਰਨ, ਬੇਰੁਜ਼ਗਾਰੀ ਖਤਮ ਕਰਨ, ਨੌਜਵਾਨਾਂ ਨੂੰ ਨੌਕਰੀਆਂ ਦੇਣ ਦੇ ਵੱਡੇ ਵੱਡੇ ਵਾਅਦੇ ਕਰਕੇ ਕੀਤੇ ਗਏ ਸਨ ਪ੍ਰੰਤੂ ਅਜੋਕੇ ਸਮੇਂ ਦੌਰਾਨ ਗੈਂਗਸਟਰਵਾਦ, ਨਸ਼ੇ ਅਤੇ ਬੇਰੁਜ਼ਗਾਰੀ ਨੇ ਪੰਜਾਬ ਦੀ ਨੌਜਵਾਨੀ ਨੂੰ ਬੁਰੀ ਤਰੀਕੇ ਨਾਲ ਆਪਣੇ ਜਕੜ ਵਿੱਚ ਲੈ ਲਿਆ ਹੈ ਵਰੁਣ ਭਾਟੀਆ ਨੇ ਕਿਹਾ ਕਿ ਕੋਈ ਸਮਾਂ ਸੀ ਜਦੋਂ ਪੰਜਾਬ ਨੂੰ ਦੇਸ਼ ਦੇ ਸਭਤੋਂ ਵੱਧ ਸੁਰੱਖਿਅਤ ਸੂਬਿਆਂ ਵਿੱਚ ਮੰਨਿਆ ਜਾਂਦਾ ਸੀ। ਪਰੰਤੂ ਮੌਜੂਦਾ ਹਾਲਾਤ ਤਾਂ ਵਰਗੇ ਹਾਲਾਤ ਬਿਹਾਰ ਅਤੇ ਉੱਤਰ ਪ੍ਰਦੇਸ਼ ਵਿੱਚ ਸੁਣਨ ਨੂੰ ਮਿਲਦੇ ਸਨ। ਪਰ ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਵਿੱਚ ਸੱਤਾ ਵਿੱਚ ਆਈ ਹੈ ਤਾਂ ਪੰਜਾਬ ਦੇ ਹਾਲਾਤ ਬਿਹਾਰ ਅਤੇ ਯੂ ਪੀ ਨਾਲ ਉਹ ਵੀ ਭੈੜੀ ਹੋ ਗਏ ਹਨ ਵਰੁਣ ਭਾਟੀਆ ਨੇ ਸੂਬੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਕਾਂਗਰਸ ਪਾਰਟੀ ਦੀ ਸਰਕਾਰ ਬਣਾਓ ਤਾਂ ਜੋ ਸੂਬੇ ਵਿੱਚ ਵਿੱਚ ਮੁੜ ਸਾਤੀ ਅਤੇ ਕਾਨੂੰਨ ਵਿਵਸਥਾ ਬਹਾਲ ਕੀਤੀ ਜਾ ਸਕੇ।

# ਲਾਲਜੀਤ ਸਿੰਘ ਭੁੱਲਰ ਦੇ ਹੱਕ ਵਿੱਚ ਹਲਕਾ ਇਕਜੁੱਟ, ਵਿਕਾਸ ਕਾਰਜਾਂ ਨੂੰ ਲੈ ਕੇ ਭਰੋਸਾ ਪ੍ਰਗਟ

## ਪੱਟੀ ਦਫਤਰ ਵਿਖੇ ਬੀਬਾ ਸੁਰਿੰਦਰ ਪਾਲ ਕੌਰ ਭੁੱਲਰ ਦੀ ਅਗਵਾਈ ਹੇਠ ਹੋਈ ਵਿਸ਼ਾਲ ਮੀਟਿੰਗ

**ਪੱਟੀ 9 ਮਈ (ਆਵਾਜ਼ਿ ਕੌਮ ਬਿਊਰੋ)**- ਪੱਟੀ ਵਿਖੇ ਸਾਬਕਾ ਮੰਤਰੀ ਅਤੇ ਵਿਧਾਇਕ ਲਾਲਜੀਤ ਸਿੰਘ ਭੁੱਲਰ ਦੇ ਦਫਤਰ ਵਿੱਚ ਇਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੌਰਾਨ ਹਲਕੇ ਦੇ ਪੰਚ, ਸਰਪੰਚ, ਮੈਂਬਰ, ਚੇਅਰਮੈਨ ਅਤੇ ਵੱਖ-ਵੱਖ ਪਿੰਡਾਂ ਦੀਆਂ ਆਗੂਆਂ ਵੱਲੋਂ ਇਕਜੁੱਟ ਹੋ ਕੇ ਲਾਲਜੀਤ ਸਿੰਘ ਭੁੱਲਰ ਦੇ ਹੱਕ ਵਿੱਚ ਆਪਣਾ ਸਮਰਥਨ ਪ੍ਰਗਟਾਇਆ ਗਿਆ। ਇਸ ਮੀਟਿੰਗ ਵਿੱਚ ਹਾਜ਼ਰ ਆਗੂਆਂ ਨੇ ਇੱਕੋ ਸੁਰ ਵਿੱਚ ਕਿਹਾ ਕਿ ਉਹ ਪਹਿਲਾਂ ਵੀ ਲਾਲਜੀਤ ਸਿੰਘ ਭੁੱਲਰ ਦੇ ਨਾਲ ਚਟਾਨ ਵਾਂਗ ਖੜੇ ਸਨ, ਅੱਜ ਵੀ ਖੜੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਡਟ ਕੇ ਨਾਲ ਨਿਭਾਉਣਗੇ। ਇਸ ਮੌਕੇ ਆਗੂਆਂ ਨੇ ਕਿਹਾ ਕਿ ਪੱਟੀ ਹਲਕੇ ਦੇ ਲੋਕਾਂ ਦਾ ਭਰੋਸਾ ਅੱਜ ਵੀ ਸਾਬਕਾ ਕੈਬਨਿਟ ਮੰਤਰੀ ਅਤੇ ਵਿਧਾਇਕ ਲਾਲਜੀਤ ਸਿੰਘ ਭੁੱਲਰ ਉੱਤੇ ਬਰਕਰਾਰ ਹੈ। ਪਰ ਪੂਰਾ ਹਲਕਾ ਉਹਨਾਂ ਦੀ ਸੋਚ ਅਤੇ ਅਗਵਾਈ ਨਾਲ ਮਜ਼ਬੂਤੀ ਨਾਲ ਜੁੜਿਆ ਹੋਇਆ ਹੈ। ਅੱਜ ਦੀ ਇਹ ਮੀਟਿੰਗ ਲਾਲਜੀਤ ਸਿੰਘ ਭੁੱਲਰ ਦੀ ਧਰਮ ਪਤਨੀ ਬੀਬਾ ਸੁਰਿੰਦਰ ਪਾਲ ਕੌਰ ਭੁੱਲਰ ਦੀ ਅਗਵਾਈ ਹੇਠ ਪੱਟੀ ਦਫਤਰ ਵਿਖੇ ਹੋਈ, ਜਿਸ ਵਿੱਚ ਹਲਕੇ ਦੇ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਯੋਜਨਾਵਾਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੌਜੂਦ ਪੰਚਾਇਤੀ ਨੁਮਾਇੰਦਿਆਂ ਨੇ ਵਿਸ਼ਵਾਸ ਦਿਵਾਇਆ ਕਿ ਹਲਕੇ ਦੇ ਵਿਕਾਸ ਨੂੰ ਲਗਾਤਾਰ ਜਾਰੀ ਰੱਖਿਆ ਜਾਵੇਗਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਬੀਬਾ ਸੁਰਿੰਦਰ ਪਾਲ ਕੌਰ ਭੁੱਲਰ ਨੇ ਮੀਟਿੰਗ ਵਿੱਚ ਪਹੁੰਚੇ ਸਾਰੇ ਪੰਚਾਂ, ਸਰਪੰਚਾਂ, ਮੈਂਬਰਾਂ ਅਤੇ ਹੋਰ ਆਗੂਆਂ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਹਲਕੇ ਦੇ ਲੋਕਾਂ ਵੱਲੋਂ ਮਿਲ ਰਿਹਾ ਪਿਆਰ ਅਤੇ ਸਹਿਯੋਗ ਹਮੇਸ਼ਾਂ ਉਹਨਾਂ ਲਈ ਪ੍ਰੇਰਣਾ ਬਣਿਆ ਰਹੇਗਾ। ਇਸ ਮੌਕੇ ਸਰਪੰਚ ਗੁਰਪ੍ਰੀਤ ਸਿੰਘ, ਸਰਪੰਚ ਗੁਰਬਿੰਦਰ ਸਿੰਘ ਕਾਲੇਕੇ, ਸਰਪੰਚ ਇਕਬਾਲ ਸਿੰਘ, ਸਰਪੰਚ ਅਸ਼ਵਨੀ ਕੁਮਾਰ, ਸਰਪੰਚ ਅਵਤਾਰ ਸਿੰਘ, ਸਰਪੰਚ ਜੁਗਰਾਜ ਸਿੰਘ, ਸੁਖ ਬਾਠ, ਸਰਪੰਚ ਅਮਨਪ੍ਰੀਤ ਸਿੰਘ, ਸਰਪੰਚ ਗੁਰਪ੍ਰੀਤ ਸਿੰਘ ਗੋਰਾ ਜੋਤੀ ਸ਼ਾਹ, ਸਰਪੰਚ ਨਰਾਇਣ ਸਿੰਘ ਸੁਹਾਵਾ, ਸੁਖਰਾਜ ਸਿੰਘ ਚੇਅਰਮੈਨ, ਗੁਰਮੀਤ ਸਿੰਘ ਸਕਰੀ, ਬਲਾਕ ਪ੍ਰਧਾਨ ਸੁਖਵੰਤ ਸਿੰਘ ਕਾਲੇਕੇ, ਜਗਰੂਪ ਸਿੰਘ ਬਲਾਕ ਪ੍ਰਧਾਨ, ਸਰਪੰਚ ਬਖਸ਼ੀਸ਼ ਸਿੰਘ, ਸਰਪੰਚ ਬਲਵੰਤ ਸਿੰਘ ਆਦਿ ਸਮੇਤ ਵੱਖ ਵੱਖ ਆਗੂ ਹਾਜਰ ਸਨ।

# ਕੋਰਟ ਕੰਪਲੈਕਸ ਪੱਟੀ ਵਿੱਚ ਦੋ ਜੱਜ ਸਾਹਿਬਾਨ ਵੱਲੋਂ ਕੌਮੀ ਲੋਕ ਅਦਾਲਤ ਲਗਾਈ ਗਈ

**ਪੱਟੀ, 9 ਮਈ (ਆਵਾਜ਼ਿ ਕੌਮ ਬਿਊਰੋ)**- ਕੋਰਟ ਕੰਪਲੈਕਸ ਪੱਟੀ ਵਿੱਚ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਅੱਜ ਕੌਮੀ ਲੋਕ ਅਦਾਲਤ ਲਗਾਈ ਗਈ। ਇਸ ਸਬੰਧ ਵਿੱਚ ਸਬ ਡਿਵੀਜ਼ਨ ਪੱਟੀ ਦੀ ਕੋਰਟ ਕੰਪਲੈਕਸ ਵਿੱਚ ਸ੍ਰੀ ਜਗਜੀਤ ਸਿੰਘ ਐਸ.ਡੀ.ਜੀ.ਐਮ ਕਮ ਚੇਅਰਮੈਨ ਸਬ ਡਿਵੀਜ਼ਨਲ ਲੀਗਲ ਸਰਵਿਸਿਸ ਕਮੇਟੀ ਪੱਟੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਲਗਾਈ ਗਈ ਲੋਕ ਅਦਾਲਤ ਵਿੱਚ ਸ੍ਰੀ ਸੰਨੀ ਸੰਧੂ ਜੇ.ਐਮ.ਆਈ.ਸੀ ਪੱਟੀ ਦੀ ਅਗਵਾਈ ਵਿੱਚ ਐਡਵੋਕੇਟ ਨਕੁਲ ਦੇਵਗਨ ਅਤੇ ਕੁਲਵਿੰਦਰ ਪਾਲ ਸਿੰਘ ਪ੍ਰਧਾਨ ਪ੍ਰੈੱਸ ਕਲੱਬ ਪੱਟੀ ਮੈਂਬਰ ਵਜੋਂ ਹਾਜ਼ਰ ਰਹੇ। ਇਸੇ ਕੰਪਲੈਕਸ ਵਿੱਚ ਲੱਗੀ ਦੂਜੀ ਲੋਕ ਅਦਾਲਤ ਵਿੱਚ ਮਾਨਯੋਗ ਜੱਜ ਸਿਮਰਜੀਤ ਸਿੰਘ ਜੇ.ਐਮ.ਆਈ.ਸੀ, ਉਹਨਾਂ ਨਾਲ ਮੈਂਬਰ ਵਜੋਂ ਐਡਵੋਕੇਟ ਹਰਦੀਪ ਸਿੰਘ, ਪੀ.ਐਲ.ਵੀ ਪ੍ਰਭਦੀਪ ਸਿੰਘ ਸਬ ਡਿਵੀਜ਼ਨਲ ਲੀਗਲ ਸਰਵਿਸਿਜ਼ ਕਮੇਟੀ ਪੱਟੀ ਹਾਜਰ ਹੋਏ। ਇਸ ਮੌਕੇ ਇਸ ਲੋਕ ਅਦਾਲਤ ਵਿੱਚ ਇਹਨਾਂ ਜੱਜ ਸਾਹਿਬਾਨ ਦੀਆਂ ਆਪਣੀਆਂ ਅਦਾਲਤਾਂ ਨਾਲ ਸੰਬੰਧਿਤ ਪੈਂਡਿੰਗ ਕੇਸ ਪੇਸ਼ ਕੀਤੇ ਗਏ ਅਤੇ ਉਨ੍ਹਾਂ ਦਾ ਮੌਕੇ ਤੇ ਨਿਪਟਾਰਾ ਕੀਤਾ ਗਿਆ। ਇਸ ਲੋਕ ਅਦਾਲਤ ਵਿੱਚ ਮਾਨਯੋਗ ਜੱਜ ਜਗਜੀਤ ਸਿੰਘ ਅਤੇ ਜੱਜ ਕਰਨਜੀਤ ਸਿੰਘ ਦੀ ਅਦਾਲਤ ਦੇ ਪੈਂਡਿੰਗ ਕੇਸ ਮਾਨਯੋਗ ਜੱਜ ਸੰਨੀ ਸੰਧੂ ਦੀ ਅਦਾਲਤ ਵਿੱਚ ਅਤੇ ਜੱਜ ਮਾਨਿਕ ਕੌੜਾ ਅਤੇ ਜੱਜ ਮਿਸ ਪ੍ਰੀਤੀ ਰਾਏ ਦੀ ਅਦਾਲਤ ਦੇ ਪੈਂਡਿੰਗ ਕੇਸ ਮਾਨਯੋਗ ਜੱਜ ਸਿਮਰਜੀਤ ਸਿੰਘ ਦੀ ਅਦਾਲਤ ਵਿੱਚ ਪੇਸ਼ ਕੀਤੇ ਗਏ। ਇਸ ਮੌਕੇ ਜੱਜ ਸਾਹਿਬਾਨ ਨੇ ਦੱਸਿਆ ਕਿ ਪੰਜਾਬ ਰਾਜ ਕਨੂੰਨੀ ਸੇਵਾਵਾਂ ਅਥੋਰਟੀ ਵੱਲੋਂ ਲਗਾਈ ਗਈ ਇਸ ਕੌਮੀ ਲੋਕ ਅਦਾਲਤ ਵਿੱਚ ਰਾਜੀਨਾਮੇ ਯੋਗ ਫੌਜਦਾਰੀ ਕੇਸ, ਬੈਂਕਾਂ ਦੇ ਲੈਣ ਦੇਣ ਦੇ ਕੇਸ, ਕਿਰਤ ਸਬੰਧੀ ਝਗੜੇ, ਵਿਵਾਹਿਕ ਝਗੜੇ, ਨੈਗੋਸ਼ੀਏਬਲ ਇੰਸਰੂਮੈਂਟ ਐਕਟ ਦੀ ਧਾਰਾ 138 ਅਧੀਨ ਕੇਸ, ਤਨਖਾਹ ਭੱਤੇ ਅਤੇ ਰਿਟਾਇਰਮੈਂਟ ਨਾਲ ਸੰਬੰਧਿਤ ਮਾਮਲੇ, ਮਾਲ ਵਿਭਾਗ ਨਾਲ ਸੰਬੰਧਿਤ ਕੇਸ (ਜਿਲ੍ਹਾ ਅਤੇ ਹਾਈ ਕੋਰਟ ਪੱਧਰ ਤੇ ਲੰਬਿਤ), ਹੋਰ ਸਿਵਿਲ ਕੇਸ ਜਿਵੇਂ ਕਿਰਾਇਆ, ਈਜਮੈਂਟ ਅਧਿਕਾਰ, ਸਪੈਸੀਫਿਕ ਪਰਫੋਰਮੈਂਸ ਕੇਸ ਆਦਿ ਦਾ ਮੌਕੇ 'ਤੇ ਨਿਪਟਾਰਾ ਕੀਤਾ ਜਾਂਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਸੀਸਗੰਜ ਸਾਹਿਬ ਚਾਂਦਨੀ ਚੌਂਕ ਦਿੱਲੀ ਵਿਖੇ

# ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਬਾਣੀ ਕਥਾ ਵਿਚਾਰ












ਗੁਰਦੁਆਰਾ ਸੀਸਗੰਜ ਸਾਹਿਬ ਚਾਂਦਨੀ ਚੌਂਕ ਦਿੱਲੀ ਵਿਖੇ ਅੱਜ ਲੜੀਵਾਰ ਗੁਰਬਾਣੀ ਕਥਾ ਵਿਚਾਰ ਦੀ ਹਾਜ਼ਰੀ ਭਰਦੇ ਹੋਏ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ..... ਸਨਮਾਨਿਤ ਕਰਦੇ ਪ੍ਰਬੰਧਕ..... ਹਾਜ਼ਰ ਸਿੱਖ ਸੰਗਤਾਂ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243